**ਜਰੂਰੀ ਸੂਚਨਾ**

ਮਾਲਵਾ ਬਾਣੀ ਵਿੱਚ ਆਪਣੇ ਸ਼ਹਿਰ ਦੀ ਖਬਰ ਭੇਜਣ ਜਾਂ ਇਸ਼ਤਿਹਾਰ ਦੇਣ ਸੰਬੰਧੀ ਹੇਠ ਲਿਖੇ ਨੰਬਰਾਂ ਤੇ ਸੰਪਰਕ ਕੀਤਾ ਜਾਵੇ।

ਮੋ: 78890-72071, 96539-55551



Rni.PUNPUN/2022/85964

# ਮਾਲਵਾ ਬਾਣੀ

E.mail. malwabani2021@gmail.com

ਸਾਲ 4 ▪ ਅੰਕ 354 ▪ 19 ਮਾਰਚ 2026 ▪ ਵੀਰਵਾਰ ▪ ਸਫ਼ੇ 6 ▪ ਮੁੱਲ 2 ਰੁਪਏ ▪ ਸ੍ਰੀ ਮੁਕਤਸਰ ਸਾਹਿਬ



**ਪੱਤਰਕਾਰਾਂ ਦੀ ਲੋੜ ਹੈ**

ਸ੍ਰੀ ਮੁਕਤਸਰ ਸਾਹਿਬ ਤੋਂ ਰੋਜਾਨਾ ਪ੍ਰਕਾਸ਼ਿਤ ਹੁੰਦੇ ਮਾਲਵਾ ਬਾਣੀ ਅਖਬਾਰ ਨੂੰ ਵੱਖ ਵੱਖ ਜਿਲ੍ਹਿਆਂ ਵਿੱਚੋਂ ਪੱਤਰਕਾਰਾਂ ਦੀ ਲੋੜ ਹੈ। ਚਾਹਵਾਨ ਪੱਤਰਕਾਰ ਬਣਨ ਲਈ ਸੰਪਰਕ ਕਰਨ।

ਮੋ. 78890-72071


## ਭਾਬੀ ਅਤੇ ਉਸਦੀ ਮਾਂ ਦੀਆਂ ਫੋਟੋਆਂ ਤੇ ਜਾਤੀ ਸੂਚਕ ਅਤੇ ਭੱਦੀ ਸ਼ਬਦਾਵਲੀ ਲਿਖਦੇ ਹੋਏ ਸਟੋਰੀਆਂ ਪਾਉਣ ਦੇ ਮਾਮਲੇ ਵਿਚ ਦਿਓਰ ਖਿਲਾਫ ਮੁਕੱਦਮਾ ਦਰਜ

**ਗਿੱਦੜਬਾਹਾ, 18 ਮਾਰਚ (ਕੁਲਭੂਸ਼ਨ ਗਰਗ)** ਥਾਣਾ ਕੋਟਭਾਈ ਪੁਲਿਸ ਨੇ ਇਕ ਵਿਅਕਤੀ ਖਿਲਾਫ ਆਪਣੀ ਭਾਬੀ ਅਤੇ ਉਸਦੀ ਮਾਂ ਦੀਆਂ ਫੋਟੋਆਂ ਇੰਸਟਾਗ੍ਰਾਮ ਤੇ ਪਾ ਕੇ ਜਾਤੀ ਸੂਚਕ ਅਤੇ ਭੱਦੀ ਸ਼ਬਦਾਵਲੀ ਲਿਖਦੇ ਹੋਏ ਸਟੋਰੀਆਂ ਪਾਉਣ ਦੇ ਦੋਸ਼ਾਂ ਅਧੀਨ ਮੁਕੱਦਮਾ ਦਰਜ ਕੀਤਾ ਹੈ। ਪੁਲਿਸ ਨੂੰ ਦਿੱਤੇ ਬਿਆਨ ਵਿਚ ਰੇਖਾ ਰਾਣੀ ਪੁੱਤਰੀ ਹਰਬੰਸ ਲਾਲ ਵਾਸੀ ਪਿੰਡ ਸਾਹਿਬਚੰਦ ਨੇ ਦੱਸਿਆ ਕਿ ਉਸਦੀ ਸ਼ਾਦੀ ਤਰੁਣ ਕੁਮਾਰ ਪੁੱਤਰ ਗੋਰਖਾ ਰਾਮ ਵਾਸੀ ਬਰਨਾਲਾ ਹਾਲ ਵਾਸੀ ਗਲੀ ਨੰ 7 ਪਰਸ ਰਾਮ ਨਗਰ ਬਠਿੰਡਾ ਨਾਲ ਹੋਈ ਸੀ ਅਤੇ ਇਸ ਸ਼ਾਦੀ ਤੋਂ ਉਸਦੇ ਇਕ ਲੜਕੀ ਪੈਦਾ ਹੋਈ ਸੀ ਜਿਸਦੀ ਹੁਣ ਉਮੀਰ ਕਰੀਬ 12 ਸਾਲ ਹੈ। ਬੀਤੇ ਸਾਲ 1 ਅਕਤੂਬਰ ਨੂੰ ਉਹ ਆਪਣੇ ਪਤੀ ਤਰੁਣ ਕੁਮਾਰ ਨਾਲ ਆਪਸੀ ਤਕਰਾਰ ਤੋਂ ਬਾਅਦ ਆਪਣੇ ਪੇਕੇ ਪਿੰਡ ਸਾਹਿਬ ਚੰਦ ਵਿਖੇ ਰਹਿਣ ਲੱਗ ਪਈ। ਬੀਤੀ 4.11.2025 ਨੂੰ ਉਸਦੇ ਪਤੀ ਤਰੁਣ ਕੁਮਾਰ ਨੇ ਉਸਨੂੰ ਰਾਜੀਨਾਮਾ ਕਰਨ ਲਈ ਬਠਿੰਡਾ ਵਿਖੇ ਬੁਲਾਇਆ ਜਿਥੇ ਉਹ ਆਪਣੇ ਪੇਕਾ ਪਰਿਵਾਰ ਅਤੇ ਹੋਰਨਾਂ ਵਿਅਕਤੀਆਂ ਨਾਲ ਤਰੁਣ ਕੁਮਾਰ ਦੇ ਘਰ ਗਈ, ਜਿੱਥੇ ਉਸਦਾ ਪਤੀ ਤਰੁਣ ਕੁਮਾਰ, ਦਿਓਰ ਪ੍ਰਿੰਸ ਕੁਮਾਰ ਅਤੇ ਸਹੁਰਾ ਗੋਰਖਾ ਰਾਮ ਮੌਜੂਦ ਸਨ, ਉਕਤਾਨ ਉਸਨੂੰ ਧਮਕੀਆਂ ਦੇਣ ਲੱਗੇ ਅਤੇ ਉਸਦੀ ਕੁੱਟਮਾਰ ਵੀ ਕੀਤੀ। ਉਕਤ ਮਾਮਲੇ ਵਿਚ ਉਸਦੇ ਬਿਆਨ ਤੇ ਥਾਣਾ ਕੈਨਾਲ ਕਾਲੋਨੀ ਬਠਿੰਡਾ ਵਿਖੇ ਉਕਤਾਨ ਪ੍ਰਿੰਸ ਕੁਮਾਰ, ਤਰੁਣ ਕੁਮਾਰ ਅਤੇ ਗੋਰਖਾ ਰਾਮ ਵਿਰੁੱਧ ਇਕ ਮੁਕੱਦਮਾ ਵੀ ਦਰਜ ਹੋਇਆ ਸੀ, ਜਿਸਦੀ ਤਫਤੀਸ਼ ਚੱਲ ਰਹੀ ਹੈ। ਹੁਣ ਮੇਰੇ ਦਿਓਰ ਪ੍ਰਿੰਸ ਕੁਮਾਰ ਨੇ ਮੈਨੂੰ ਅਤੇ ਮੇਰੇ ਪੇਕਾ ਪਰਿਵਾਰ ਨੂੰ ਬਦਨਾਮ ਕਰਨ ਲਈ ਆਪਣੀ ਇੰਸਟਾਗ੍ਰਾਮ ਆਈ.ਡੀ. ਤੋਂ ਮੇਰੀਆਂ ਅਤੇ ਮੇਰੀ ਮਾਤਾ ਕਾਂਤਾ ਰਾਣੀ ਦੀਆਂ ਫੋਟੋਆਂ ਤੇ ਜਾਤੀ ਸੂਚਕ ਅਤੇ ਭੱਦੀ ਸ਼ਬਦਾਵਲੀ ਲਿਖਕੇ ਸਟੋਰੀਆ ਲਗਾ ਦਿੱਤੀਆਂ, ਜਦੋਂ ਕਿ ਉਹ ਪੱਛੜੀ ਸ਼੍ਰੇਣੀ ਨਾਲ ਸੰਬਧਤ ਹੈ। ਸਾਡੇ ਵੱਲੋਂ ਪ੍ਰਿੰਸ ਕੁਮਾਰ ਨੂੰ ਅਜਿਹਾ ਕਰਨ ਤੋਂ ਰੋਕਣ ਤੇ ਪ੍ਰਿੰਸ ਕੁਮਾਰ ਸਾਨੂੰ ਜਾਨੋ ਮਾਰਨ ਦੀਆਂ ਧਮਕੀਆਂ ਦੇਣ ਲੱਗ ਪਿਆ ਅਤੇ ਕਹਿਣ ਲੱਗਾ ਕਿ ਉਸਦੇ ਵੱਡੇ ਵੱਡੇ ਗੈਂਗਸਟਰਾ ਨਾਲ ਸੰਬੰਧ ਹਨ ਉਹ ਮੇਰਾ ਕੁਝ ਨਹੀ ਕਰ ਸਕਦੀਆਂ ਅਤੇ ਆਪਣੀ ਇੰਸਟਾਗ੍ਰਾਮ ਆਈ.ਡੀ. ਤੋਂ ਪੁਲਿਸ ਵਾਲਿਆਂ ਨਾਲ ਫੋਟੋਆਂ ਲਗਾ ਕੇ ਸਟੋਰੀਆ ਲਗਾ ਕੇ ਸਾਨੂੰ ਧਮਕੀਆਂ ਦਿੰਦਾ ਰਿਹਾ। ਇੰਨਾਂ ਹੀ ਪ੍ਰਿੰਸ ਕੁਮਾਰ ਸਾਨੂੰ ਇੰਸਟਾਗ੍ਰਾਮ ਆਈ.ਡੀ. ਤੇ ਆਪਣੇ ਅਸਲੇ ਨਾਲ ਫੋਟੋਆਂ ਤੇ ਸਟੋਰੀਆ ਪਾ ਕੇ ਡਰਾਉਂਦਾ ਰਿਹਾ। ਉਕਤ ਮਾਮਲੇ ਵਿਚ ਪੁਲਿਸ ਨੇ ਪ੍ਰਿੰਸ ਕੁਮਾਰ ਵਿਰੁੱਧ ਵੱਖ ਵੱਖ ਧਾਰਾਵਾਂ ਅਧੀਨ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## 'ਯੁੱਧ ਨਸ਼ਿਆਂ ਵਿਰੁੱਧ': ਸ੍ਰੀ ਮੁਕਤਸਰ ਸਾਹਿਬ ਵਿੱਚ ਨਸ਼ਾ ਤਸਕਰ ਵੱਲੋਂ ਗੈਰ ਕਾਨੂੰਨੀ ਤਰੀਕੇ ਨਾਲ ਬਣਾਈ ਇਮਾਰਤ 'ਤੇ ਚੱਲਿਆ ਬੁਲਡੋਜ਼ਰ

### ਪੰਜਾਬ ਸਰਕਾਰ ਦੀਆਂ ਹਦਾਇਤਾਂ 'ਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪੁਲਿਸ ਦੀ ਮਦਦ ਨਾਲ ਇੱਕ ਅਣਅਧਿਕਾਰਤ ਇਮਾਰਤ ਢੇਰ

**ਸ੍ਰੀ ਮੁਕਤਸਰ ਸਾਹਿਬ, 18 ਮਾਰਚ (ਰਵੀਨਾ ਅਰੋੜਾ)** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹੇ ਵਿੱਚ ਨਸ਼ਾ ਤਸਕਰਾਂ ਦੇ ਖਿਲਾਫ ਕਾਰਵਾਈ ਲਗਾਤਾਰ ਜਾਰੀ ਹੈ। ਇਸੇ ਲੜੀ ਤਹਿਤ ਅੱਜ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿੱਚ ਇੱਕ ਨਸ਼ਾ ਤਸਕਰ ਵੱਲੋਂ ਗੈਰ ਕਾਨੂੰਨੀ ਤਰੀਕੇ ਨਾਲ ਬਣਾਈ ਗਈ ਇਮਾਰਤ ਨੂੰ ਢਾਹਿਆ ਗਿਆ। ਇਸ ਮੌਕੇ ਸਿਵਲ ਪ੍ਰਸ਼ਾਸਨ ਨਾਇਬ ਤਹਿਸੀਲਦਾਰ ਚਰਨਜੀਤ ਕੌਰ ਨੇ ਦੱਸਿਆ ਕਿ ਪੁਲਿਸ ਥਾਣਾ ਸਿਟੀ ਸ੍ਰੀ ਮੁਕਤਸਰ ਸਾਹਿਬ ਅੰਦਰ ਆਉਂਦੇ ਆਦਰਸ਼ ਨਗਰ ਵਿੱਚ ਗੋਰੀ ਰਾਣੀ ਪਤਨੀ ਦੀਸ਼ਾ ਗਲੀ ਨੰਬਰ 04 ਦੀ ਗੈਰ ਕਾਨੂੰਨੀ ਤਰੀਕੇ ਨਾਲ ਇੱਕ ਇਮਾਰਤ ਬਣਾਈ ਗਈ ਸੀ। ਉਨ੍ਹਾਂ ਕਿਹਾ ਕਿ ਇਸ ਸਬੰਧੀ ਸਮਰੱਥ ਅਥਾਰਟੀ ਤੋਂ ਇਸ ਨੂੰ ਢਾਉਣ ਦੀਆਂ ਹਦਾਇਤਾਂ ਪ੍ਰਾਪਤ ਕਰਕੇ



ਪੁਲਿਸ ਵਿਭਾਗ ਤੋਂ ਮੌਕੇ 'ਤੇ ਅਮਨ ਕਾਨੂੰਨ ਦੀ ਸਥਿਤੀ ਨੂੰ ਕਾਇਮ ਰੱਖਣ ਲਈ ਮਦਦ ਲਈ ਗਈ ਸੀ। ਉਨ੍ਹਾਂ ਕਿਹਾ ਕਿ ਪੂਰੇ ਕਾਨੂੰਨੀ ਤਰੀਕੇ ਦੀ ਪਾਲਣਾ ਕਰਦਿਆਂ ਇਸ ਗੈਰ ਕਾਨੂੰਨੀ ਇਮਾਰਤ ਨੂੰ ਅੱਜ ਢਾਹਿਆ ਗਿਆ। ਇਸ ਮਾਮਲੇ ਵਿੱਚ ਮਨਮੀਤ ਢਿੱਲੋਂ, ਐਸ.ਪੀ ਡੀ ਨੇ ਦੱਸਿਆ ਕਿ ਗੋਰੀ ਰਾਣੀ ਪਤਨੀ ਦੀਸ਼ਾ ਤੇ ਨਸ਼ਾ ਤਸਕਰੀ ਦੇ 02 ਮੁਕਦਮੇ ਦਰਜ ਹਨ। ਮਨਮੀਤ ਢਿੱਲੋਂ, ਐਸ.ਪੀ ਡੀ ਨੇ ਦੱਸਿਆ ਕਿ ਅਭਿਮੰਨਿਉ ਰਾਣਾ, ਆਈ.ਪੀ.ਐਸ, ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਦੀਆਂ ਹਦਾਇਤਾਂ ਅਨੁਸਾਰ ਪੰਜਾਬ ਸਰਕਾਰ ਅਤੇ ਡੀ.ਜੀ.ਪੀ ਪੰਜਾਬ ਦੇ ਨਿਰਦੇਸ਼ਾਂ ਅਨੁਸਾਰ ਮਿਸ਼ਨ ਯੁੱਧ ਨਸ਼ਿਆਂ ਵਿਰੁੱਧ ਦੇ ਤਹਿਤ ਜ਼ਿਲ੍ਹੇ ਵਿੱਚ ਵਿਆਪਕ ਪੱਧਰ ਤੇ ਕਾਰਵਾਈਆਂ ਕੀਤੀਆਂ ਜਾ ਰਹੀਆਂ ਹਨ। ਉਹਨਾਂ ਨੇ ਕਿਹਾ ਕਿ ਜੋ ਕੋਈ ਵੀ ਨਸ਼ੇ ਵੇਚ ਕੇ ਜਾਇਦਾਦ ਬਣਾਏਗਾ ਉਸ ਨੂੰ ਕੰਪੀਟੈਂਟ ਅਥੋਰਿਟੀ ਦਿੱਲੀ ਤੋਂ ਅਟੈਚ ਕਰਵਾਇਆ ਜਾਵੇਗਾ। ਉਹਨਾਂ ਨੇ ਇਸ ਮੌਕੇ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਜੇਕਰ ਕੋਈ ਨਸ਼ੇ ਵੇਚਦਾ ਹੈ ਤਾਂ ਇਸ ਦੀ ਸੂਚਨਾ ਪੁਲਿਸ ਨੂੰ ਨਿਡਰ ਹੋ ਕੇ ਦਿੱਤੀ ਜਾਵੇ ਸੂਚਨਾ ਦੇਣ ਵਾਲੇ ਦੀ ਪਛਾਣ ਗੁਪਤ ਰੱਖਦੇ ਹੋਏ ਦੋਸ਼ੀਆਂ ਖਿਲਾਫ ਸਖਤ ਕਾਰਵਾਈ ਕੀਤੀ ਜਾਵੇਗੀ। ਇਸ ਮੌਕੇ ਬਚਨ ਸਿੰਘ ਡੀ.ਐਸ.ਪੀ (ਸ੍ਰੀ ਮੁਕਤਸਰ ਸਾਹਿਬ), ਸ੍ਰੀ ਰਸ਼ਪਾਲ ਸਿੰਘ ਡੀਐਸਪੀ ਡੀ, ਸ੍ਰੀ ਰਾਜੇਸ਼ ਠਾਕੁਰ ਡੀਐਸਪੀ (H&F) ਇੰਸਪੈਕਟਰ ਜਸਕਰਨਦੀਪ ਸਿੰਘ ਮੁੱਖ ਅਫਸਰ ਥਾਣਾ ਸਿਟੀ ਸ੍ਰੀ ਮੁਕਤਸਰ ਸਾਹਿਬ ਅਤੇ ਸਿਵਲ ਪ੍ਰਸ਼ਾਸਨ ਵੀ ਹਾਜ਼ਰ ਸਨ।

## ਲੋਕਾਂ ਦੀ ਮੰਗ ਉੱਪਰ ਸਿਹਤ ਵਿਭਾਗ ਵੱਲੋਂ ਆਮ ਪਬਲਿਕ ਨੂੰ ਨਾਲ ਲੈ ਕੀਤੀ ਗਈ ਛਾਪੇਮਾਰੀ

### ਪਬਲਿਕ ਹਿੱਤ ਪਬਲਿਕ ਨਾਲ ਲਗਾਤਾਰ ਇਹ ਕਾਰਵਾਈ ਕੀਤੀ ਜਾਵੇਗੀ : ਡੀ ਐਚ ਓ

**ਪਟਿਆਲਾ, 18 ਮਾਰਚ (ਅਮਨ ਸਿੱਧੂ ਮੱਲੇਵਾਲ)** ਸਿਹਤ ਵਿਭਾਗ ਵੱਲੋ ਡਾਕਟਰ ਗੁਰਪ੍ਰੀਤ ਕੌਰ ਵੱਲੋ ਥਾਪਰ ਯੂਨੀਵਰਸਿਟੀ ਦੇ ਬਾਹਰ ਤੋ ਬਾਈ ਨੰਬਰ ਤੱਕ ਬਾਹਰ ਲਗੀਆਂ ਫੂਡ ਸਟਾਲ ਉੱਪਰ ਚੈਕਿੰਗ ਕੀਤੀ ਗਈ। ਜਿਸ ਵਿੱਚ ਲੋਕ ਮੰਚ ਲੋਕ ਆਵਾਜ ਸੰਸਥਾ ਵੱਲੋ ਵੀ ਮੈਂਬਰ ਨਾਲ ਗਏ। ਖਾਸ ਗੱਲ ਰਹੀ ਕੇ ਆਮ ਪਬਲਿਕ ਦੀ ਮੰਗ ਉੱਪਰ ਇਹ ਮੁਹਿੰਮ ਚਲਾਈ ਗਈ ਡਾਕਟਰ ਗੁਰਪ੍ਰੀਤ ਕੌਰ ਨੇ ਕਿਹਾ ਕਿ ਇਸ ਤਰਾਂ ਪਬਲਿਕ ਹਿੱਤ ਡਰਾਈਵ ਪਬਲਿਕ ਨੂੰ ਨਾਲ ਲੈਕੇ ਪੂਰੇ ਸਹਿਰ ਵਿੱਚ ਲਗਾਤਾਰ ਕੀਤੀ ਜਾਵੇਗੀ ! ਲੋਕਾਂ ਦੀ ਸਿਹਤ ਨਾਲ ਖਿਲਵਾੜ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਮਿਲਾਵਟ ਖੋਰ ਕੋਈ ਵੀ ਵੱਡਾ ਛੋਟਾ ਦੁਕਾਨਦਾਰ ਹਲਵਾਈ ਹੋਟਲ



ਫੈਕਟਰੀ ਪਲਾਂਟ ਹੋਵੇ ਜਾਗਰੂਕ ਹੁੰਦੇ ਹੋਏ ਆਮ ਪਬਲਿਕ ਐਨਜੀਓ ਸਾਡੇ ਕੋਲ ਸਿਕਾਇਤ ਦਰਜ ਕਰਵਾਉਣ ਦੋਸ਼ੀਆਂ ਖ਼ਿਲਾਫ਼ ਕਾਨੂੰਨ ਮੁਤਾਬਕ ਸਖ਼ਤ ਕਾਰਵਾਈ ਹੋਵੇਗੀ। ਉਨਾ ਲੋਕ ਮੰਚ ਲੋਕ ਆਵਾਜ ਦੇ ਮੈਂਬਰ ਸਾਹਿਬਾਨ ਦਾ ਵੀ ਧੰਨਵਾਦ ਕਰਦੇ ਕਿਹਾ ਕਿ ਲੋਕ ਵੀ ਆਪਣੇ ਹੱਕਾਂ ਪ੍ਰਤੀ ਜਾਗਰੂਕ ਹੋਣ ਅਤੇ ਇਸ ਤਰਾ ਆਪਣੀ ਮੰਗ, ਆਵਾਜ ਪ੍ਰਸ਼ਾਸ਼ਨ ਕੋਲ ਰੱਖਣ ਲੋਕ ਮੰਚ ਲੋਕ ਆਵਾਜ ਵਲੋ ਸਮਾਜ ਸੇਵੀ ਸੀਨੀਅਰ ਵਕੀਲ ਪ੍ਰਭਜੀਤ ਪਾਲ ਸਿੰਘ ਨੇ ਕਿਹਾ ਕਿ ਉਹ ਅਤੇ ਓਨਾ ਦੀ ਟੀਮ ਹਰ ਤਰਾਂ ਨਾਲ ਸਹਿਯੋਗ ਕਰਨ ਲਈ ਵਚਨਬੱਧ ਹਨ। ਉਨ੍ਹਾ ਵੱਲੋ ਹੈਲਪ ਲਾਈਨ ਨੰਬਰ ਵੀ ਜਾਰੀ ਕੀਤੇ ਗਏ। ਓਨਾ ਕਿਹਾ ਕਿ ਓਨਾ ਵਲੋ ਚੁੱਕੇ ਗਏ ਮੁੱਦੇ ਨਕਲੀ ਖਾਦ ਪ੍ਰਦਾਰਥ ਤੋ ਇਲਾਵਾ ਅਵਾਰਾ ਗਾਵਾ, ਕੁਤਿਆਂ ਉੱਪਰ ਡੀ ਸੀ ਸਾਹਿਬ ਪਟਿਆਲਾ ਵਲੋ ਐਸ ਡੀ ਐਮ ਪਟਿਆਲਾ ਵੱਲੋ ਵੱਖ-ਵੱਖ ਵਿਭਾਗਾਂ ਨਾਲ ਉਹਨਾਂ ਦੀ ਮੀਟਿੰਗ ਕਰਵਾ ਸਖ਼ਤ ਕਾਰਵਾਈ ਦੇ ਹੁਕਮ ਜਾਰੀ ਕੀਤੇ ਗਏ ਹਨ ! ਅੱਜ ਦੀ ਕਾਰਵਾਈ ਵਿੱਚ ਸਿਹਤ ਵਿਭਾਗ ਵਲੋ ਡਾਕਟਰ ਗੁਰਪ੍ਰੀਤ ਕੌਰ ਇੰਪੈਕਟਰ ਅਤੇ ਲੋਕ ਮੰਚ ਲੋਕ ਆਵਾਜ ਤਰਫੋ ਐਡਵੋਕੇਟ ਪ੍ਰਭਜੀਤ ਪਾਲ ਸਿੰਘ, ਲਲਿਤ ਕੁਮਾਰ, ਚਰਨਜੀਤ ਸਿੰਘ, ਬਲਦੇਵ ਸਿੰਘ ਸੰਧੂ, ਰਮਿੰਦਰ ਸਿੰਘ ਕੋਸ਼ਰ, ਸੁਰਿੰਦਰ ਪਾਲ ਸਿੰਘ ਚਹਿਲ, ਤਰਨਜੀਤ ਸਿੰਘ, ਨੀਰਜ ਕੁਮਾਰ ਆਦਿ ਵੀ ਮੌਜੂਦ ਸਨ।

## ਵਿਦੇਸ਼ ਭੇਜਣ ਦੇ ਨਾਮ ਤੇ ਮਾਂ ਪੁੱਤਰ ਵੱਲੋਂ ਲੱਖਾਂ ਦੀ ਠੱਗੀ, ਪੁਲਿਸ ਵੱਲੋਂ ਮਾਮਲਾ ਦਰਜ

**ਗਿੱਦੜਬਾਹਾ, 18 ਮਾਰਚ (ਕੁਲਭੂਸ਼ਨ ਗਰਗ)** ਥਾਣਾ ਕੋਟਭਾਈ ਪੁਲਿਸ ਨੇ ਰਾਜ ਕੁਮਾਰ ਪੁੱਤਰ ਜਗੀਰ ਸਿੰਘ ਵਾਸੀ ਪਿੰਡ ਮਲੱਣ ਦੇ ਬਿਆਨਾ ਤੇ ਮਾਂ ਪੁੱਤਰ ਖਿਲਾਫ ਉਸਦੇ ਨੂੰਹ ਪੁੱਤਰ ਨੂੰ ਵਿਦੇਸ਼ ਭੇਜਣ ਦੇ ਨਾਮ ਤੇ ਲੱਖਾਂ ਰੁਪਏ ਦੀ ਠੱਗੀ ਮਾਰਨ ਸੰਬੰਧੀ ਮੁਕੱਦਮਾ ਦਰਜ ਕੀਤਾ ਹੈ। ਪੁਲਿਸ ਨੂੰ ਦਿੱਤੇ ਬਿਆਨ ਵਿਚ ਪੀੜ੍ਹਿਤ ਰਾਜ ਕੁਮਾਰ ਨੇ ਦੱਸਿਆ ਕਿ ਉਹ ਖੇਤੀਬਾੜੀ ਦਾ ਕੰਮ ਕਰਦਾ ਹੈ। ਉਸਦੇ ਪਿੰਡ ਦੀ ਰਹਿਣ ਵਾਲੀ ਨਰਿੰਦਰ ਕੌਰ ਅਤੇ ਉਸਦੇ ਲੜਕੇ ਬਲਤੇਜ ਸਿੰਘ ਪੁੱਤਰ ਜਗਪਾਲ ਸਿੰਘ ਨੇ ਉਸਨੂੰ ਕਿਹਾ ਕਿ ਉਹ ਉਸਦੇ ਲੜਕੇ ਗੁਰਮੀਤ ਦਾਸ ਅਤੇ ਨੂੰਹ ਰਛਪਾਲ ਪਾਲੀ ਨੂੰ ਯੂ.ਕੇ. ਭੇਜ ਦੇਣਗੇ ਜਿਸ ਦੇ ਕਰੀਬ 22 ਲੱਖ ਰੁਪਏ ਖਰਚ ਆਵੇਗਾ ਅਤੇ ਇਸਦੀ ਫਾਈਲ ਭਰ ਦੇਣਗੇ। ਉਕਤ ਨਰਿੰਦਰ ਕੌਰ ਆਦਿ ਦੇ ਵਿਸ਼ਵਾਸ਼ ਕਰਦੇ ਹੋਏ ਉਸਨੇ ਬਲਤੇਜ ਸਿੰਘ ਪੁੱਤਰ ਜਗਪਾਲ ਸਿੰਘ ਵਾਸੀ ਪਿੰਡ ਮਲੱਣ ਹਾਲ ਵਾਸੀ ਯੂ.ਕੇ. ਨੇ ਉਸਨੂੰ ਇਕ ਖਾਤਾ ਨੰਬਰ ਦਿੱਤਾ ਜੋ ਗੁਰਵਿੰਦਰ ਸਿੰਘ ਪੁੱਤਰ ਗੁਰਮੇਲ ਸਿੰਘ ਵਾਸੀ ਹੇਅਰਾਂ ਜਿਲ੍ਹਾ ਜਲੰਧਰ ਦਾ ਸੀ ਅਤੇ ਉਸਨੇ ਉਕਤ ਵਿਅਕਤੀ ਦੇ ਬੈਂਕ ਖਾਤੇ ਵਿਚ 9.10.2023 ਨੂੰ ਆਰ.ਟੀ.ਜੀ.ਐਸ. ਰਾਹੀ 5,61,000 ਰੁਪਏ ਟਰਾਂਸਟਰ ਕਰ ਦਿੱਤੇ। ਜਿਸ ਤੋਂ ਗੁਰਵਿੰਦਰ ਸਿੰਘ ਨੇ ਦੱਸਿਆ ਕਿ ਉਸਨੇ ਇਹ ਰੁਪਏ ਆਪਣੇ ਹਰਨੇਕ ਸਿੰਘ ਦੇ ਖਾਤੇ ਵਿਚ ਪਾ ਦਿੱਤੇ ਹਨ, ਜੋ ਹਰਨੇਕ ਸਿੰਘ ਇਹ ਰਕਮ ਬਲਤੇਜ ਸਿੰਘ ਦੇ ਖਾਤੇ ਵਿਚ ਇੰਗਲੈਂਡ ਪੌਂਡ ਦੇ ਰੂਪ ਵਿਚ ਪਾ ਦਿੱਤੀ ਹੈ। ਬਾਅਦ ਵਿਚ ਉਕਤ ਨਰਿੰਦਰ ਕੌਰ ਵੱਲੋਂ ਹੋਰ ਪੈਸਿਆਂ ਦੀ ਮੰਗ ਕਰਨ ਤੇ ਉਸਨੇ ਆਪਣੇ ਪਿੰਡ ਦੇ ਅਵਤਾਰ ਸਿੰਘ ਪੁੱਤਰ ਕੁਲਵੰਤ ਸਿੰਘ ਪਾਸੋਂ 3 ਲੱਖ ਰੁਪਏ ਅਤੇ ਬਲਵੀਰ ਸਿੰਘ ਪੁੱਤਰ ਮੱਲ ਸਿੰਘ ਵਾਸੀ ਪਿੰਡ ਮਲੱਣ ਪਾਸੋਂ 1 ਲੱਖ ਰੁਪਏ ਨਰਿੰਦਰ ਕੌਰ ਦੇ ਬੈਂਕ ਖਾਤੇ ਵਿਚ ਪੁਵਾ ਦਿੱਤੇ। ਇਸ ਤੋਂ ਇਲਾਵਾ ਉਸਦੇ ਲੜਕੇ ਗੁਰਮੀਤ ਦਾਸ ਨੇ ਵੀ ਆਪਣੇ ਬੈਂਕ ਖਾਤੇ ਵਿਚੋ 41750 ਰੁਪਏ ਉਕਤ ਨਰਿੰਦਰ ਕੌਰ ਦੇ ਬੈਂਕ ਖਾਤੇ ਵਿਚ ਪਾ ਦਿੱਤੇ। ਇਸ ਤੋਂ ਬਾਅਦ ਉਕਤ ਨਰਿੰਦਰ ਕੌਰ ਅਤੇ ਇਸਦੇ ਲੜਕੇ ਬਲਤੇਜ ਸਿੰਘ ਨੇ ਦਰਸ਼ਨ ਸਿੰਘ ਪੁੱਤਰ ਇੰਦਰ ਸਿੰਘ ਅਤੇ ਸਬਰਜੀਤ ਕੌਰ ਪਤਨੀ ਦਰਸ਼ਨ ਸਿੰਘ ਦਾ ਬੈਂਕ ਖਾਤਾ ਦਿੱਤਾ ਜਿਸ ਤੇ ਉਨ੍ਹਾਂ ਦਰਸ਼ਨ ਸਿੰਘ ਦੇ ਖਾਤੇ ਵਿਚ 3 ਲੱਖ ਰੁਪਏ ਅਤੇ ਸਬਰਜੀਤ ਕੌਰ ਦੇ ਖਾਤੇ ਵਿਚ 2,77,000 ਰੁਪਏ ਪਾ ਦਿੱਤੇ। ਪੈਸੇ ਲੈਣ ਤੋਂ ਬਾਅਦ ਵੀ ਜਦੋਂ ਉਕਤ ਨਰਿੰਦਰ ਕੌਰ ਅਤੇ ਇਸਦੇ ਲੜਕੇ ਬਲਤੇਜ ਸਿੰਘ ਨੇ ਉਸਦੇ ਲੜਕੇ ਅਤੇ ਨੂੰਹ ਦੀ ਇੰਗਲੈਂਡ ਜਾਣ ਲਈ ਫਾਈਲ ਅਪਲਾਈ ਨਾ ਕੀਤੀ ਤਾਂ ਉਨ੍ਹਾਂ ਨੇ ਇਕ ਦਰਖਾਸਤ ਥਾਣਾ ਕੋਟਭਾਈ ਵਿਖੇ ਦਿੱਤੀ ਤਾਂ ਦਰਸ਼ਨ ਸਿੰਘ ਅਤੇ ਇਸਦੀ ਪਤਨੀ ਸਰਬਜੀਤ ਕੌਰ ਨੇ ਉਕਤ 5,77,000 ਰੁਪਏ ਵਾਪਿਸ ਬੈਂਕ ਰਾਹੀਂ ਉਨ੍ਹਾਂ ਨੂੰ ਟਰਾਂਸਫਰ ਕਰ ਦਿੱਤੇ। ਇਸੇ ਤਰ੍ਹਾਂ 1,00,000 ਰੁਪਏ ਨਰਿੰਦਰ ਕੌਰ ਨੇ ਵੀ ਉਨ੍ਹਾਂ ਨੂੰ ਬੈਂਕ ਰਾਹੀਂ ਵਾਪਿਸ ਕਰ ਦਿੱਤੇ, ਜਦੋਂਕਿ ਉਨ੍ਹਾਂ ਵੱਲੋਂ ਆਪਣੀ ਬਾਕੀ ਰਹਿੰਦੀ 9,00,000 ਰੁਪਏ ਦੀ ਰਕਮ ਵਾਪਿਸ ਮੰਗਣ ਤੇ ਦੋਵੇਂ ਮਾਂ ਪੁੱਤਰ ਉਨ੍ਹਾਂ ਨੂੰ ਲਾਰੇ ਲਗਾਉਂਦੇ ਰਹੇ। ਆਪਣੀ ਰਹਿੰਦੀ ਰਾਸ਼ੀ ਵਾਪਿਸ ਲੈਣ ਲਈ ਉਹ ਪਿੰਡ ਦੇ ਵਿਅਕਤੀਆਂ ਇਕ ਪੰਚਾਇਤ ਵੀ ਉਕਤ ਨਰਿੰਦਰ ਕੌਰ ਪਾਸ ਲੈ ਗਿਆ ਪਰੰਤੂ ਉਕਤਾਨ ਨੇ ਪੈਸੇ ਵਾਪਿਸ ਕਰਨ ਤੋਂ ਇਨਕਾਰ ਕਰ ਦਿੱਤਾ। ਅਜਿਹਾ ਕਰਦੇ ਹੋਏ ਉਕਤਾਨ ਨੇ ਉਨ੍ਹਾਂ ਨਾਲ ਕੁੱਲ 9,02,750 ਰੁਪਏ ਦੀ ਠੱਗੀ ਮਾਰੀ ਹੈ। ਉਕਤ ਮਾਮਲੇ ਵਿਚ ਪੁਲਿਸ ਨੇ ਪੂਰੀ ਜਾਂਚ ਤੋਂ ਬਾਅਦ ਨਰਿੰਦਰ ਕੌਰ ਪਤਨੀ ਜੱਗਪਾਲ ਸਿੰਘ ਵਾਸੀ ਪਿੰਡ ਮਲੱਣ ਹਾਲ ਵਾਸੀ ਹਰੀ ਨੌ ਰੋਡ ਕਟਕਪੂਰਾ ਅਤੇ ਇਸਦੇ ਲੜਕੇ ਬਲਤੇਜ ਸਿੰਘ ਪੁੱਤਰ ਜੱਗਪਾਲ ਸਿੰਘ ਵਾਸੀ ਮਲੱਣ ਹਾਲ ਵਾਸੀ ਯੂ.ਕੇ. ਦੇ ਖਿਲਾਫ ਪੀੜ੍ਹਿਤ ਰਾਜ ਕੁਮਾਰ ਦੇ ਲੜਕੇ ਅਤੇ ਨੂੰਹ ਨੂੰ ਵਿਦੇਸ਼ ਭੇਜਣ ਤੇ ਨਾਮ ਤੇ 9,02,750 ਰੁਪਏ ਦੀ ਠੱਗੀ ਮਾਰਨ ਦੇ ਦੋਸ਼ਾਂ ਤਹਿਤ ਵੱਖ ਵੱਖ ਧਾਰਾਵਾਂ ਅਧੀਨ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਬੱਕਰੀਆਵਾਲੀ ਵੇਸਟ ਪਲਾਂਟ ਮਾਮਲੇ ਵਿੱਚ ਕਮੇਟੀ ਗਠਿਤ, ਜਾਂਚ ਦੇ ਹੁਕਮ

### ਟ੍ਰਿਬਿਊਨਲ ਵੱਲੋਂ ਸ਼ਿਕਾਇਤ ਦਾ ਨੋਟਿਸ, ਪ੍ਰਦੂਸ਼ਣ ਅਤੇ ਸਿਹਤ ਖਤਰਿਆਂ ਨੂੰ ਗੰਭੀਰਤਾ ਨਾਲ ਲਿਆ

**ਸਿਰਸਾ, 18 ਮਾਰਚ (ਜਗਤਾਰ ਸਮਾਲਸਰ)** ਨੈਸ਼ਨਲ ਗ੍ਰੀਨ ਟ੍ਰਿਬਿਊਨਲ (ਐਨਜੀਟੀ) ਨੇ ਸਖ਼ਤ ਰੁਖ਼ ਅਪਣਾਉਂਦਿਆ ਜ਼ਿਲ੍ਹੇ ਦੇ ਬੱਕਰੀਆਵਾਲੀ ਪਿੰਡ ਵਿੱਚ ਵੇਸਟ ਮੈਨੇਜਮੈਂਟ ਪਲਾਂਟ ਤੋਂ ਨਿਕਲਣ ਵਾਲੇ ਗੰਭੀਰ ਪ੍ਰਦੂਸ਼ਣ ਦੀ ਜਾਂਚ ਲਈ ਇੱਕ ਕਮੇਟੀ ਬਣਾਉਣ ਦੇ ਹੁਕਮ ਦਿੱਤੇ ਹਨ। ਇਹ ਮਾਮਲਾ ਗੁੜੀਆ ਖੇੜਾ ਪਿੰਡ ਦੇ ਵਸਨੀਕ ਹਨੂੰਮਾਨ ਪੂਨੀਆ ਨੇ ਉਠਾਇਆ ਸੀ, ਜਿਸ ਨੇ ਆਲੇ ਦੁਆਲੇ ਦੇ ਪਿੰਡਾਂ ਵਿੱਚ ਵੱਧ ਰਹੇ ਪ੍ਰਦੂਸ਼ਣ ਅਤੇ ਸਿਹਤ ਸਮੱਸਿਆਵਾਂ ਬਾਰੇ ਸ਼ਿਕਾਇਤ ਕੀਤੀ ਸੀ । ਇਸ ਮਾਮਲੇ ਦੀ ਸੁਣਵਾਈ ਵੀਡੀਓ ਕਾਨਫਰੰਸਿੰਗ ਰਾਹੀਂ ਕੀਤੀ ਗਈ, ਜਿਸ ਦੌਰਾਨ ਪਟੀਸ਼ਨਕਰਤਾ ਨੇ ਟ੍ਰਿਬਿਊਨਲ ਦੇ ਸਾਹਮਣੇ ਆਪਣਾ ਕੇਸ ਵਿਸਥਾਰ ਵਿੱਚ ਪੇਸ਼ ਕੀਤਾ। ਉਨ੍ਹਾਂ ਦੱਸਿਆ ਕਿ ਪਿਛਲੇ 20 ਸਾਲਾਂ ਤੋਂ ਸਿਰਸਾ ਸ਼ਹਿਰ ਦਾ ਵੇਸਟ ਬੱਕਰੀਆਵਾਲੀ ਪਲਾਂਟ ਵਿੱਚ ਡੰਪ ਕੀਤਾ ਜਾ ਰਿਹਾ ਹੈ ਪ੍ਰੰਤੂ ਇਸਦਾ ਵਿਗਿਆਨਕ ਢੰਗ ਨਾਲ ਨਿਪਟਾਰਾ ਨਹੀਂ ਕੀਤਾ ਜਾ ਰਿਹਾ। ਨਤੀਜੇ ਵਜੋਂ ਕੂੜੇ ਦਾ ਇੱਕ



ਵੱਡਾ ਢੇਰ ਇਕੱਠਾ ਹੋ ਗਿਆ ਹੈ। ਜਿਸ ਨਾਲ ਬਦਬੂ ਅਤੇ ਪ੍ਰਦੂਸ਼ਣ ਪੈਦਾ ਹੋ ਰਿਹਾ ਹੈ। ਪਟੀਸ਼ਨਕਰਤਾ ਨੇ ਕਿਹਾ ਕਿ ਇਹ ਸਮੱਸਿਆ ਗੁੜੀਆਖੇੜਾ ਬੱਕਰੀਆਵਾਲੀ, ਚੌਬੁਰਜਾ ਅਤੇ ਮੋਡੀਆਖੇੜਾ ਸਮੇਤ ਕਈ ਪਿੰਡਾਂ ਦੇ 25 ਤੋਂ 30 ਹਜ਼ਾਰ ਲੋਕਾਂ ਨੂੰ ਪ੍ਰਭਾਵਿਤ ਕਰਦੀ ਹੈ। ਇਲਾਕੇ ਵਿੱਚ ਦਮੇ, ਚਮੜੀ ਦੀਆਂ ਬਿਮਾਰੀਆਂ ਅਤੇ ਹੋਰ ਸਿਹਤ ਸਮੱਸਿਆਵਾਂ ਵੱਧ ਰਹੀਆਂ ਹਨ। ਸੁਣਵਾਈ ਦੌਰਾਨ ਟ੍ਰਿਬਿਊਨਲ ਨੇ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਪਟੀਸ਼ਨਕਰਤਾ ਨੂੰ ਸਾਰੇ ਸਬੂਤ (ਫੋਟੋਆਂ, ਦਸਤਾਵੇਜ਼, ਆਦਿ) ਅਦਾਲਤ ਵਿੱਚ ਪੇਸ਼ ਕਰਨ ਲਈ ਕਿਹਾ ਗਿਆ ਹੈ। ਟ੍ਰਿਬਿਊਨਲ ਨੇ ਇਹ ਵੀ ਸਪੱਸ਼ਟ ਕੀਤਾ ਕਿ ਅਜਿਹੇ ਮਾਮਲਿਆਂ ਨੂੰ ਉਜਾਗਰ ਕਰਨਾ ਮਹੱਤਵਪੂਰਨ ਹੈ ਅਤੇ ਪੱਤਰਕਾਰ ਸਮਾਜ ਵਿੱਚ ਜਾਗਰੂਕਤਾ ਵਧਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਹੇ ਹਨ। ਬੱਕਰੀਆਵਾਲੀ ਵਾਸੀ ਸੁਭਾਸ਼ ਚੰਦਰ ਕੜਵਾਸਰਾ ਵੀ ਲੰਬੇ ਸਮੇਂ ਤੋਂ ਇਸ ਮਾਮਲੇ ਨੂੰ ਉਠਾ ਰਹੇ ਹਨ। ਉਨ੍ਹਾਂ ਦੀ ਜਾਗਰੂਕਤਾ ਕਾਰਨ ਸਿਰਸਾ ਨਗਰ ਪਰਿਸ਼ਦ ਨੂੰ ਕੂੜਾ ਪਲਾਂਟ ਦੇ ਮਾੜੇ ਪ੍ਰਬੰਧਨ ਲਈ ਲਗਭਗ 60 ਲੱਖ ਦਾ ਜੁਰਮਾਨਾ ਲਗਾਇਆ ਗਿਆ ਹੈ ਪਰ ਅੱਗੇ ਕੋਈ ਕਾਰਵਾਈ ਨਹੀ ਹੋਈ। ਟ੍ਰਿਬਿਊਨਲ ਦੁਆਰਾ ਬਣਾਈ ਗਈ ਇੱਕ ਕਮੇਟੀ ਹੁਣ ਮੌਕੇ 'ਤੇ ਜਾਂਚ ਕਰੇਗੀ ਅਤੇ ਰਿਪੋਰਟ ਪੇਸ਼ ਕਰੇਗੀ। ਇਸ ਫੈਸਲੇ ਦੇ ਆਧਾਰ ਤੇ ਅੱਗੇ ਦੀ ਕਾਰਵਾਈ ਹੋਵੇਗੀ। ਆਸਪਾਸ ਦੇ ਪਿੰਡਾਂ ਦੇ ਲੋਕਾਂ ਨੇ ਇਸ ਫੈਸਲੇ ਦਾ ਸਵਾਗਤ ਕੀਤਾ ਹੈ ਅਤੇ ਉਮੀਦ ਪ੍ਰਗਟ ਕੀਤੀ ਹੈ ਕਿ ਇਸ ਗੰਭੀਰ ਸਮੱਸਿਆ ਦਾ ਸਥਾਈ ਤੌਰ ਤੇ ਹੱਲ ਕਰਕੇ ਇਸ ਖੇਤਰ ਨੂੰ ਪ੍ਰਦੂਸ਼ਣ ਤੋਂ ਮੁਕਤ ਕੀਤਾ ਜਾਵੇਗਾ।

## ਗੈਸ ਸਿਲੰਡਰ ਨਾ ਮਿਲਣ ਕਾਰਨ ਲੋਕਾਂ ਵੱਲੋਂ ਪ੍ਰਦਰਸ਼ਨ, ਆਨ ਲਾਈਨ ਬੁਕਿੰਗ ਅਤੇ ਪੇਮੈਂਟ ਤੋਂ ਬਾਅਦ ਬਿਨ੍ਹਾਂ ਓਟੀਪੀ ਦਿੱਤੇ ਆ ਰਹੇ ਡਿਲਵਰੀ ਦੇ ਮੈਸੇਜ

**ਗਿੱਦੜਬਾਹਾ, 18 ਮਾਰਚ (ਕੁਲਭੂਸ਼ਨ ਗਰਗ)** ਗਿੱਦੜਬਾਹਾ ਦੀ ਭੱਠੀ ਵਾਲਾ ਮੌੜ ਨੇੜੇ ਸਥਿਤ ਪ੍ਰੀਤ ਗੈਸ ਏਜੰਸੀ ਦੇ ਬਾਹਰ ਘਰੇਲੂ ਗੈਸ ਖਪਤਕਾਰਾਂ ਵੱਲੋਂ ਅੱਜ ਰੋਸ ਪ੍ਰਦਰਸ਼ਨ ਕੀਤਾ ਗਿਆ ਅਤੇ ਗੈਸ ਏਜੰਸੀ ਸੰਚਾਲਕਾਂ ਵਿਰੁੱਧ ਸਿਲੰਡਰਾਂ ਦੀ ਕਾਲਾਬਜਾਰੀ ਕਰਨ ਦੇ ਦੋਸ਼ ਲਗਾਏ। ਮੌਕੇ ਤੇ ਮੌਜੂਦ ਖਪਤਕਾਰਾਂ ਨੇ ਕਿਹਾ ਕਿ ਉਹ ਬੀਤੇ ਕਈ ਕਈ ਦਿਨਾਂ ਤੋਂ ਆਪਣੇ ਖਾਲੀ ਗੈਸ ਸਿਲੰਡਰ ਮੋਢਿਆਂ ਤੇ ਰੱਖ ਕੇ ਰੋਜਾਨਾ ਉਕਤ ਗੈਸ ਏਜੰਸੀ ਦੇ ਚੱਕਰ ਲਗਾ ਰਹੇ ਹਨ ਪਰੰਤੂ ਉਨ੍ਹਾਂ ਨੂੰ ਰੋਜਾਨਾ ਅਗਲੇ ਦਿਨ ਆਉਣ ਲਈ ਕਹਿ ਕੇ ਟਾਲ ਦਿੱਤਾ ਜਾਂਦਾ ਹੈ। ਗੈਸ ਸਿਲੰਡਰਾਂ ਨੂੰ ਲੈ ਕੇ ਦੂਜੇ ਪਾਸੇ ਗਿੱਦੜਬਾਹਾ ਵਿਖੇ ਇਕ ਨਵਾਂ ਹੀ ਮਾਮਲਾ ਸਾਹਮਣੇ ਕਿ ਖਪਤਕਾਰਾਂ ਨੂੰ ਬਿਨਾਂ ਸਿਲੰਡਰ ਲਏ ਹੀ ਸਿਲੰਡਰ ਡਿਲਵਰ ਹੋਣ ਦੇ ਮੈਸੇਜ ਆ ਰਹੇ ਹਨ। ਇਸ ਸੰਬੰਧੀ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਮੁਕੇਸ਼ ਕੁਮਾਰ ਸ਼ੰਮੀ ਬੁੱਟਰ, ਸੁਰੇਸ਼ ਕੁਮਾਰ, ਮੁਕੇਸ਼ ਕੁਮਾਰ ਪਿੰਟੂ ਭੱਠੇਵਾਲਾ, ਦਰਸ਼ਨ ਬਾਂਸਲ ਅਤੇ ਦਵਿੰਦਰ ਕੁਮਾਰ ਆਦਿ ਨੇ ਦੱਸਿਆ




ਕਿ ਉਨ੍ਹਾਂ ਨੇ ਕੁਝ ਦਿਨ ਪਹਿਲਾਂ ਉਨ੍ਹਾਂ ਆਪਣੇ ਸਿਲੰਡਰ ਲਈ ਆਨ ਲਾਈਨ ਬੁਕਿੰਗ ਕੀਤੀ ਸੀ ਅਤੇ ਨਾਲ ਹੀ ਪੇਮੈਂਟ ਵੀ ਆਨ ਲਾਈਨ ਕਰ ਦਿੱਤੀ ਸੀ ਪਰੰਤੂ ਬਾਵਜੂਦ ਇਸਦੇ ਉਨ੍ਹਾਂ ਨੂੰ ਕੋਈ ਵੀ ਸਿਲੰਡਰ ਡਿਲਵਰ ਨਹੀਂ ਕੀਤਾ ਗਿਆ, ਜਦੋਂਕਿ ਸਿਲੰਡਰ ਡਿਲਵਰ ਹੋਣ ਸੰਬੰਧੀ ਮੈਸੇਜ ਵੀ ਮੋਬਾਇਲ ਰਾਹੀਂ ਆ ਗਏ। ਪੂਰੇ ਮਾਮਲੇ ਵਿਚ ਵੱਡੀ ਗੱਲ ਇਹ ਰਹੀ ਕਿ ਉਕਤ ਖਪਤਕਾਰਾਂ ਨੂੰ ਜਿੱਥੇ ਓ.ਟੀ.ਪੀ. ਦਿੱਤੇ ਬਿਨਾਂ ਡਿਲਵਰੀ ਦਾ ਮੈਸੇਜ ਆਇਆ ਉਥੇ ਹੀ ਉਨ੍ਹਾਂ ਦੇ ਖਾਤਿਆਂ ਵਿਚ ਬਣਦੀ ਸਬਸਿਡੀ ਵੀ ਕ੍ਰੈਡਿਟ ਹੋ ਗਈ। ਗੈਸ ਖਪਤਕਾਰਾਂ ਨੇ ਉਕਤ ਪ੍ਰੀਤ ਗੈਸ ਏਜੰਸੀ ਦੇ ਪ੍ਰਬੰਧਕਾਂ ਤੇ ਉਨ੍ਹਾਂ ਦੇ ਗੈਸ ਸਿਲੰਡਰਾਂ ਦੀ ਕਾਲਾਬਜਾਰੀ ਕਰਨ ਅਤੇ ਬਲੈਕ ਵਿਚ ਸਿਲੰਡਰ ਵੇਚੇ ਜਾਣ ਦੇ ਦੋਸ਼ ਵੀ ਲਗਾਏ। ਜਦੋਂ ਪੂਰੇ ਮਾਮਲੇ ਵਿਚ ਜਦੋਂ ਪ੍ਰੀਤ ਗੈਸ ਏਜੰਸੀ ਵਿਚ ਮੌਜੂਦ ਕੰਪਿਊਟਰ ਓਪਰੇਟਰ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਮੰਨਿਆ ਕਿ ਭਾਂਵੇਂ ਇਸ ਸੰਬੰਧੀ ਦਿੱਕਤਾਂ ਆ ਰਹੀਆਂ ਹਨ ਪਰੰਤੂ ਫਿਰ ਵੀ ਪਿੱਛੋਂ ਗੈਸ ਸਪਲਾਈ ਆਉਣ ਤੇ ਖਪਤਕਾਰਾਂ ਨੂੰ ਜਲਦੀ ਸਿਲੰਡਰ ਮੁਹਈਆ ਕਰਵਾਏ ਜਾਣਗੇ।

## ਸੁਰਜੀਤ ਸਿੰਘ ਰੱਖੜਾ ਦੀ ਅਗਵਾਈ 'ਚ ਡੀਸੀ ਦਫ਼ਤਰ ਸਾਹਮਣੇ ਵਿਸ਼ਾਲ ਰੋਸ ਧਰਨਾ; ਬੇਅਦਬੀ ਕਾਨੂੰਨ ਬਣਾਉਣ ਦੀ ਮੰਗ ਦੇ ਲੱਗੇ ਨਾਅਰੇ






**ਪਟਿਆਲਾ, 18 ਮਾਰਚ (ਜਵੰਦਾ):** ਸਮਾਣਾ ਟਾਵਰ ਮੋਰਚੇ ਦੇ ਸਮਰਥਨ ਵਿੱਚ ਅੱਜ ਸਾਬਕਾ ਕੈਬਨਿਟ ਮੰਤਰੀ ਸੁਰਜੀਤ ਸਿੰਘ ਰੱਖੜਾ ਦੀ ਅਗਵਾਈ ਹੇਠ ਡਿਪਟੀ ਕਮਿਸ਼ਨਰ ਦਫ਼ਤਰ ਪਟਿਆਲਾ ਸਾਹਮਣੇ ਇੱਕ ਵਿਸ਼ਾਲ ਰੋਸ ਧਰਨਾ ਦਿੱਤਾ ਗਿਆ, ਜਿਸ ਦੌਰਾਨ 'ਸਰਬ ਧਰਮ ਗ੍ਰੰਥ ਬੇਅਦਬੀ ਰੋਕੂ ਕਾਨੂੰਨ' ਨੂੰ ਤੁਰੰਤ ਲਾਗੂ ਕਰਨ ਦੀ ਮੰਗ ਜ਼ੋਰਦਾਰ ਢੰਗ ਨਾਲ ਉੱਠਾਈ ਗਈ।ਵੱਡੀ ਗਿਣਤੀ ਵਿੱਚ ਸਾਧ ਸੰਗਤ ਅਤੇ ਵੱਖ-ਵੱਖ ਹਲਕਿਆਂ ਤੋਂ ਪਹੁੰਚੇ ਲੋਕਾਂ ਨੇ ਇਸ ਧਰਨੇ ਨੂੰ ਸਮਰਥਨ ਦੇ ਕੇ ਵੱਡੇ ਜਨ ਅੰਦੋਲਨ ਦਾ ਰੂਪ ਦਿੱਤਾ। ਸੁਰਜੀਤ ਸਿੰਘ ਰੱਖੜਾ ਨੇ ਸੰਬੋਧਨ ਕਰਦਿਆਂ ਨੇ ਕਿਹਾ ਕਿ ਚੋਣਾਂ ਸਮੇਂ ਬੇਅਦਬੀ ਮਾਮਲਿਆਂ ਸੰਬੰਧੀ ਸਖ਼ਤ ਕਾਰਵਾਈ ਦੇ ਵਾਅਦੇ ਕਰਨ ਵਾਲੀ ਮੌਜੂਦਾ ਸਰਕਾਰ ਆਪਣੇ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ ਪੂਰੀ ਤਰ੍ਹਾਂ ਨਾਕਾਮ ਸਾਬਿਤ ਹੋਈ ਹੈ। ਉਨ੍ਹਾਂ ਕਿਹਾ ਕਿ ਬਜਟ ਸੈਸ਼ਨ ਦੌਰਾਨ ਵੀ ਇਸ ਮਹੱਤਵਪੂਰਨ ਕਾਨੂੰਨ ਨੂੰ ਲੈ ਕੇ ਕੋਈ ਗੰਭੀਰਤਾ ਨਹੀਂ ਦਿਖਾਈ ਗਈ। ਉਨ੍ਹਾਂ ਭਾਈ ਗੁਰਜੀਤ ਸਿੰਘ ਖ਼ਾਲਸਾ ਦੇ ਸੰਘਰਸ਼ ਦਾ ਜ਼ਿਕਰ ਕਰਦਿਆਂ ਕਿਹਾ ਕਿ ਉਹ ਗੁਰੂ ਦੀ ਮਿਹਰ ਸਦਕਾ ਆਪਣੇ ਸਿਦਕ 'ਤੇ ਡਟੇ ਹੋਏ ਹਨ। ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੇ ਪ੍ਰਧਾਨ ਅਤੇ ਸਾਬਕਾ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਸਾਧ ਸੰਗਤ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸੂਬੇ 'ਚ ਧਰਮ ਗ੍ਰੰਥਾਂ ਦੀਆਂ ਬੇਅਦਬੀਆਂ ਹੋ ਰਹੀਆਂ ਹਨ ਅਤੇ ਇਸ ਪ੍ਰਤੀ ਸਰਕਾਰ ਵੱਲੋਂ ਕੋਈ ਸਖ਼ਤ ਕਦਮ ਨਹੀਂ ਚੁੱਕੇ ਜਾ ਰਹੇ। ਉਨ੍ਹਾਂ ਕਿਹਾ ਕਿ ਅੱਜ ਸਾਨੂੰ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਸਰਬਉੱਚਤਾ ਬਰਕਰਾਰ ਰੱਖਣ ਦੀ ਲੋੜ ਹੈ। ਇਸ ਲਈ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਬਦੀ ਕਰਨ ਵਾਲਿਆਂ ਨੂੰ ਮੌਤ ਦੀ ਸਜ਼ਾ ਦਾ ਕਾਨੂੰਨ ਬਣਾਇਆ ਜਣਾ ਚਾਹੀਦਾ ਹੈ। ਭਾਈ ਗੁਰਜੀਤ ਸਿੰਘ ਖ਼ਾਲਸਾ ਦੇ ਮਾਤਾ ਪਰਮਜੀਤ ਕੌਰ ਵੱਲੋਂ ਵੀ ਧਰਨੇ ਨੂੰ ਸੰਬੋਧਨ ਕਰਦਿਆਂ ਸੁਰਜੀਤ ਸਿੰਘ ਰੱਖੜਾ ਦਾ ਧੰਨਵਾਦ ਕੀਤਾ ਅਤੇ ਸਮੂਹ ਸਾਧ ਸੰਗਤ ਨੂੰ ਇਕੱਠੇ ਹੋਣ ਦੀ ਅਪੀਲ ਕੀਤੀ ਗਈ।

ਇਸ ਮੌਕੇ ਪ੍ਰਬੰਧਕ ਕਮੇਟੀ ਮੈਂਬਰ ਸਤਵਿੰਦਰ ਸਿੰਘ ਟੌਹੜਾ, ਸਾਬਕਾ ਚੇਅਰਮੈਨ ਜਸਪਾਲ ਸਿੰਘ ਕਲਿਆਣ, ਰਣਜੀਤ ਸਿੰਘ ਢੀਂਡਸਾ, ਕਰਨ ਸਿੰਘ ਸ਼ੁਤਰਾਣਾ, ਇਕਬਾਲ ਸਿੰਘ ਝੂੰਦਾਂ, ਕਰਨੈਲ ਸਿੰਘ ਪੰਜੋਲੀ, ਹਰੀ ਸਿੰਘ ਐੱਮ.ਡੀ ਪ੍ਰੀਤ ਕੰਬਾਈਨ, ਰਣਧੀਰ ਸਿੰਘ ਧਾਲੀਵਾਲ ਸਮੇਤ ਕਈ ਆਗੂਆਂ ਨੇ ਸੰਬੋਧਨ ਕਰਦਿਆਂ ਸਰਕਾਰ ਦੀ ਨੀਤੀ 'ਤੇ ਸਵਾਲ ਖੜ੍ਹੇ ਕੀਤੇ ਅਤੇ ਧਰਮ ਗ੍ਰੰਥਾਂ ਦੀ ਬੇਅਦਬੀ ਰੋਕਣ ਲਈ ਸਖ਼ਤ ਕਾਨੂੰਨ ਬਣਾਉਣ ਦੀ ਮੰਗ ਕੀਤੀ। ਅਖੀਰ ਵਿੱਚ ਸੁਰਜੀਤ ਸਿੰਘ ਰੱਖੜਾ ਨੇ ਕਿਹਾ ਕਿ ਰੋਸ ਧਰਨਾ 'ਚ ਵੱਡੀ ਗਿਣਤੀ ਵਿੱਚ ਪਹੁੰਚੀ ਸੰਗਤ ਨੇ ਇਸ ਗੱਲ ਦਾ ਸੰਕੇਤ ਦਿੱਤਾ ਕਿ ਲੋਕ ਹੁਣ ਇਸ ਮੁੱਦੇ 'ਤੇ ਇਕਜੁੱਟ ਹੋ ਚੁੱਕੇ ਹਨ।ਇਹ ਵੱਡਾ ਸਮਰਥਨ ਸੰਘਰਸ਼ ਨੂੰ ਹੋਰ ਮਜ਼ਬੂਤੀ ਦੇਵੇਗਾ। ਇਸ ਮੌਕੇ ਹਰਿੰਦਰਪਾਲ ਸਿੰਘ ਟੌਹੜਾ, ਸੁਖਵਿੰਦਰ ਸਿੰਘ ਰਾਜਲਾ, ਸੁੱਖੀ ਮੂੰਡਖੇੜਾ, ਬਲਦੇਵ ਸਿੰਘ ਰਾਜਲਾ, ਅਸ਼ੋਕ ਮੋਦਗਿੱਲ, ਰਾਣਾ ਸੇਖੋਂ, ਹਰਿੰਦਰ ਸਿੰਘ ਕੁਲਬੁਰਛਾਂ, ਗੁਰਦੀਪ ਸਿੰਘ ਗਾਜੇਵਾਸ, ਨੱਛਤਰ ਸਿੰਘ ਭੰਨਰਾਂ, ਮਲਕੀਤ ਸਿੰਘ ਡਕਾਲਾ, ਬਲਦੇਵ ਸਿੰਘ ਬਠੋਈ, ਰਵਿੰਦਰ ਸਿੰਘ ਬਿੰਦਾ ਗਰੇਵਰ, ਰਣਧੀਰ ਸਿੰਘ ਜੌੜਾਮਾਜਰਾ, ਇੰਦਰਜੀਤ ਰੱਖੜਾ, ਜਗਜੀਤ ਸਿੰਘ ਕੋਹਲੀ, ਗੁਰਵਿੰਦਰ ਸਿੰਘ ਸ਼ਕਤੀਮਾਨ, ਦੀਦਾਰ ਸਿੰਘ ਅਚਰਾਲ, ਸੁਖਵਿੰਦਰ ਸਿੰਘ ਸਿੱਧੂ, ਜਸਵਿੰਦਰ ਚੀਮਾ, ਰਘਵੀਰ ਸਿੰਘ ਕਲਿਆਣ ਅਤੇ ਹੋਰ ਇਲਾਕੇ ਮੋਹਤਬਰ ਆਪਣੇ ਸਾਥੀਆਂ ਨਾਲ ਮੌਜੂਦ ਰਹੇ।

## ਮਾਨਸਾ ਪੁਲਿਸ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਕਾਰਵਾਈ ਕਰਦਿਆਂ 07 ਗ੍ਰਾਮ ਹੈਰੋਇਨ, 109 ਨਸ਼ੀਲੀਆਂ ਗੋਲੀਆਂ ਤੇ 24 ਬੋਤਲਾਂ ਸ਼ਰਾਬ ਹਰਿਆਣਾ, 108 ਬੋਤਲਾਂ ਸ਼ਰਾਬ ਚੰਡੀਗੜ੍ਹ ਬਰਾਮਦ

**ਮਾਨਸਾ, 18 ਮਾਰਚ (ਗੋਪਾਲ ਅਕਲੀਆ)** ਭਾਗੀਰਥ ਸਿੰਘ ਮੀਨਾ, ਆਈ.ਪੀ.ਐੱਸ ਸੀਨੀਅਰ ਕਪਤਾਨ ਪੁਲਿਸ ਮਾਨਸਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਹੈ ਕਿ ਪੰਜਾਬ ਸਰਕਾਰ ਵੱਲੋਂ ਪੰਜਾਬ ਨੂੰ ਨਸ਼ਾ-ਮੁਕਤ ਕਰਨ ਲਈ ਵਿੱਢੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਸਖ਼ਤ ਨੀਤੀ ਅਪਣਾਈ ਗਈ ਹੈ। ਜਿਸਦੀ ਲੜੀ ਵਿੱਚ ਡਾਇਰੈਕਟਰ ਜਨਰਲ ਪੁਲਿਸ ਪੰਜਾਬ ਸ੍ਰੀ ਗੌਰਵ ਯਾਦਵ ਆਈ.ਪੀ.ਐੱਸ ਦੇ ਆਦੇਸ਼ਾਂ ਅਤੇ ਸ੍ਰੀ ਹਰਜੀਤ ਸਿੰਘ ਆਈ.ਪੀ.ਐੱਸ. ਡਿਪਟੀ ਇੰਸਪੈਕਟਰ ਜਨਰਲ ਪੁਲਿਸ, ਬਠਿੰਡਾ ਰੇਂਜ ਦੀ ਅਗਵਾਈ ਹੇਠ ਮਾਨਸਾ ਪੁਲਿਸ ਵੱਲੋਂ ਵੱਖ ਵੱਖ ਥਾਣਿਆਂ ਵਿੱਚ 06 ਮੁਕੱਦਮੇ ਦਰਜ ਕਰਕੇ 11 ਵਿਅਕਤੀਆਂ ਨੂੰ ਕਾਬੂ ਕਰਕੇ ਉਨ੍ਹਾ ਪਾਸੋ 07 ਗ੍ਰਾਮ ਹੈਰੋਇਨ, 109 ਨਸ਼ੀਲੀਆਂ ਗੋਲੀਆਂ, 24 ਬੋਤਲਾਂ ਸ਼ਰਾਬ ਹਰਿਆਣਾ, 108 ਬੋਤਲਾਂ ਸ਼ਰਾਬ ਚੰਡੀਗੜ੍ਹ ਬਰਾਮਦ ਕਰਨ ਵਿੱਚ ਸਫਲਤਾ ਹਾਸਲ ਕੀਤੀ ਗਈ ਹੈ।

ਸੀਨੀਅਰ ਕਪਤਾਨ ਪੁਲਿਸ ਵੱਲੋਂ ਜਾਣਕਾਰੀ ਦਿੰਦੇ ਹੋਏ ਦੱਸਿਆ ਗਿਆ ਹੈ ਕਿ ਥਾਣਾ ਬੋਹਾ ਦੀ ਪੁਲਿਸ ਟੀਮ ਨੇ ਬੀਰਬਲ ਸਿੰਘ ਪੁੱਤਰ ਗੁਰਮੇਲ ਸਿੰਘ, ਕੁਲਦੀਪ ਸਿੰਘ ਪੁੱਤਰ ਗੇਜਾ ਸਿੰਘ ਵਾਸੀਆਨ ਗੰਢੂ ਖੁਰਦ ਪਾਸੋਂ ਗਸ਼ਤ ਦੌਰਾਨ 39 ਨਸ਼ੀਲੀਆਂ ਗੋਲੀਆਂ ਬਰਾਮਦ ਕਰਕੇ ਮੁਕੱਦਮਾ ਨੰਬਰ 46 ਮਿਤੀ 17.03.26 ਅ/ਧ 22 ਐਨ.ਡੀ.ਪੀ.ਐਸ ਐਕਟ ਥਾਣਾ ਬੋਹਾ ਤਹਿਤ ਦਰਜ ਕਰਕੇ ਤਫ਼ਤੀਸ਼ ਅਮਲ ਵਿੱਚ ਲਿਆਂਦੀ ਅਤੇ ਸੀ.ਆਈ.ਏ. ਸਟਾਫ ਦੀ ਪੁਲਿਸ ਟੀਮ ਨੇ ਸੁਖਜਿੰਦਰ ਸਿੰਘ ਪੁੱਤਰ ਸਰਬਜੀਤ ਸਿੰਘ ਵਾਸੀ ਤਾਲਬਵਾਲਾ, ਅਰਸ਼ਦੀਪ ਸਿੰਘ ਪੁੱਤਰ ਬਲਜੀਤ ਸਿੰਘ ਵਾਸੀ ਸੈਦੇਵਾਲਾ ਪਾਸੋਂ ਗਸ਼ਤ ਦੌਰਾਨ 07 ਗ੍ਰਾਮ ਹੈਰਇਨ ਬਰਾਮਦ ਕਰਕੇ ਮੁਕੱਦਮਾ ਨੰਬਰ 47 ਮਿਤੀ 17.03.26 ਅ/ਧ 21 ਐਨ.ਡੀ.ਪੀ.ਐਸ ਐਕਟ ਥਾਣਾ ਬੋਹਾ ਤਹਿਤ ਦਰਜ ਕਰਕੇ ਤਫ਼ਤੀਸ਼ ਅਮਲ ਵਿੱਚ ਲਿਆਂਦੀ ਅਤੇ ਥਾਣਾ ਦੀ ਪੁਲਿਸ ਟੀਮ ਨੇ ਸੰਦੀਪ ਸਿੰਘ ਪੁੱਤਰ ਰਾਜੂ ਸਿੰਘ, ਜੋਨੀ ਸਿੰਘ ਪੁੱਤਰ ਜਗਸੀਰ ਸਿੰਘ ਵਾਸੀਆਨ ਵਾਰਡ ਨੰਬਰ 01 ਬੁਢਲਾਡਾ ਪਾਸੋਂ ਗਸ਼ਤ ਦੌਰਾਨ 24 ਬੋਤਲਾਂ ਠੇਕਾ ਸ਼ਰਾਬ ਹਰਿਆਣਾ ਬਰਾਮਦ ਕਰਕੇ ਮੁਕੱਦਮਾ ਨੰਬਰ 48 ਮਿਤੀ 17.03.26 ਅ/ਧ 61 ਆਬਕਾਰੀ ਐਕਟ ਥਾਣਾ ਬੋਹਾ ਤਹਿਤ ਦਰਜ ਕਰਕੇ ਤਫ਼ਤੀਸ਼ ਅਮਲ ਵਿੱਚ ਲਿਆਂਦੀ।



ਥਾਣਾ ਜੋਗਾ ਦੀ ਪੁਲਿਸ ਟੀਮ ਨੇ ਮਨੀ ਸਿੰਘ ਪੁੱਤਰ ਭੋਲਾ ਸਿੰਘ, ਰਾਜਵੀਰ ਸਿੰਘ ਪੁੱਤਰ ਭੋਲਾ ਸਿੰਘ ਵਾਸੀ ਰੱਲਾ ਪਾਸੋਂ ਗਸ਼ਤ ਦੌਰਾਨ 50 ਨਸ਼ੀਲੀਆਂ ਗੋਲੀਆਂ ਬਰਾਮਦ ਕਰਕੇ ਮੁਕੱਦਮਾ ਨੰਬਰ 27 ਮਿਤੀ 17.03.26 ਅ/ਧ 22 ਐਨ.ਡੀ.ਪੀ.ਐਸ ਐਕਟ ਥਾਣਾ ਜੋਗਾ ਤਹਿਤ ਦਰਜ ਕਰਕੇ ਤਫ਼ਤੀਸ਼ ਅਮਲ ਵਿੱਚ ਲਿਆਂਦੀ। ਥਾਣਾ ਸਿਟੀ ਬੁਢਲਾਡਾ ਦੀ ਪੁਲਿਸ ਟੀਮ ਨੇ ਬਾਲ ਕ੍ਰਿਸ਼ਨ ਪੁੱਤਰ ਪ੍ਰੀਤਮ ਸਿੰਘ ਵਾਸੀ ਵਾਰਡ ਨੰਬਰ 11, ਬੁਢਲਾਡਾ ਨੂੰ ਗਸ਼ਤ ਦੌਰਾਨ 20 ਨਸ਼ੀਲੀਆਂ ਗੋਲੀਆਂ ਮੁਕੱਦਮਾ ਨੰਬਰ 52 ਮਿਤੀ 17.03.26 ਅ/ਧ 22 ਐਨ.ਡੀ.ਪੀ.ਐਸ ਐਕਟ ਥਾਣਾ ਸਿਟੀ ਬੁਢਲਾਡਾ ਤਹਿਤ ਦਰਜ ਕਰਕੇ ਤਫ਼ਤੀਸ਼ ਅਮਲ ਵਿੱਚ ਲਿਆਂਦੀ।

ਥਾਣਾ ਭੀਖੀ ਦੀ ਪੁਲਿਸ ਟੀਮ ਨੇ ਲਾਲੀ ਸਿੰਘ ਪੁੱਤਰ ਗੁਰਦਿਆਲ ਸਿੰਘ ਵਾਸੀ ਢੈਪਈ, ਲਾਲ ਸਿੰਘ ਪੁੱਤਰ ਦਲਬਾਰਾ ਸਿੰਘ ਵਾਸੀ ਹੀਰੋ ਕਲਾਂ ਪਾਸੋ ਗਸ਼ਤ ਦੌਰਾਨ 108 ਬੋਤਲਾਂ ਠੇਕਾ ਸ਼ਰਾਬ ਚੰਡੀਗੜ੍ਹ ਬਰਾਮਦ ਕਰਕੇ ਮੁਕੱਦਮਾ ਨੰਬਰ 67 ਮਿਤੀ 17.03.26 ਅ/ਧ 61 ਆਬਕਾਰੀ ਐਕਟ ਥਾਣਾ ਭੀਖੀ ਤਹਿਤ ਦਰਜ ਕਰਕੇ ਤਫ਼ਤੀਸ਼ ਅਮਲ ਵਿੱਚ ਲਿਆਂਦੀ।

## ਜਲਾਲਾਬਾਦ ਦੀਆਂ ਮਹਿਲਾ ਉੱਦਮੀਆਂ ਦਾ ਰਾਜ ਪੱਧਰ 'ਤੇ ਸਨਮਾਨ, ਸਰਕਾਰ ਵੱਲੋਂ ਹੌਸਲਾ ਅਫ਼ਜ਼ਾਈ




**ਜਲਾਲਾਬਾਦ 18 ਮਾਰਚ (ਗਗਨ ਵਾਟਸ)** ਪੰਜਾਬ ਸਰਕਾਰ ਵੱਲੋਂ ਪੰਜਾਬ ਰਾਜ ਦਿਹਾਤੀ ਆਜੀਵਿਕਾ ਮਿਸ਼ਨ ਅਧੀਨ ਸੈਲਫ ਹੈਲਪ ਗਰੁੱਪਾਂ ਨਾਲ ਜੁੜੀਆਂ ਮਹਿਲਾ ਉੱਦਮੀਆਂ ਨੂੰ ਅੱਜ ਵਿਕਾਸ ਭਵਨ ਮੋਹਾਲੀ ਵਿਖੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਹਲਕਾ ਜਲਾਲਾਬਾਦ ਦੀਆਂ ਮਹਿਲਾਵਾਂ ਨੇ ਵੀ ਆਪਣੀ ਮਿਹਨਤ ਅਤੇ ਹੁਨਰ ਨਾਲ ਖ਼ਾਸ ਪਹਿਚਾਣ ਬਣਾਈ। ਜਾਣਕਾਰੀ ਅਨੁਸਾਰ ਆਜੀਵਿਕਾ ਮਿਸ਼ਨ ਦਾ ਮੁੱਖ ਮਕਸਦ ਪੇਂਡੂ ਖੇਤਰ ਦੀਆਂ ਗਰੀਬ ਮਹਿਲਾਵਾਂ ਨੂੰ ਆਰਥਿਕ ਅਤੇ ਸਮਾਜਿਕ ਪੱਧਰ 'ਤੇ ਮਜ਼ਬੂਤ ਬਣਾਉਣਾ ਹੈ। ਇਸ ਤਹਿਤ ਮਹਿਲਾਵਾਂ ਨੂੰ ਸੈਲਫ ਹੈਲਪ ਗਰੁੱਪਾਂ ਨਾਲ ਜੋੜ ਕੇ ਵੱਖ-ਵੱਖ ਰੋਜ਼ਗਾਰਮੁਖੀ ਟਰੇਨਿੰਗਾਂ ਦਿੱਤੀਆਂ ਜਾਂਦੀਆਂ ਹਨ। ਸਰਕਾਰ ਵੱਲੋਂ ਪਹਿਲ ਕਦਮੀਆਂ ਕਰਦਿਆਂ ਹੌਜਰੀ ਸੈਂਟਰ, ਸੋਲਿਡ ਵੇਸਟ ਮੈਨੇਜਮੈਂਟ ਅਤੇ ਹੋਰ ਕਈ ਪ੍ਰਾਜੈਕਟਾਂ ਨਾਲ ਮਹਿਲਾਵਾਂ ਨੂੰ ਜੋੜਿਆ ਗਿਆ ਹੈ। ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਮੌਕੇ 'ਤੇ ਸਰਕਾਰ ਵੱਲੋਂ ਹਲਕਾ, ਜ਼ਿਲ੍ਹਾ ਅਤੇ ਰਾਜ ਪੱਧਰ 'ਤੇ ਵਿਸ਼ੇਸ਼ ਸਮਾਗਮ ਕਰਵਾ ਕੇ ਮਹਿਲਾ ਉੱਦਮੀਆਂ ਨੂੰ ਉਤਸ਼ਾਹਿਤ ਕੀਤਾ ਗਿਆ। ਪਹਿਲਾਂ ਹਲਕਾ ਪੱਧਰ 'ਤੇ ਚੋਣ ਕੀਤੀ ਗਈ ਅਤੇ ਫਿਰ ਚੁਣੀਆਂ ਗਈਆਂ ਮਹਿਲਾਵਾਂ ਨੂੰ ਜ਼ਿਲ੍ਹਾ ਅਤੇ ਰਾਜ ਪੱਧਰ 'ਤੇ ਸਨਮਾਨਿਤ ਕੀਤਾ ਗਿਆ। ਇਸ ਲੜੀ ਤਹਿਤ ਹਲਕਾ ਜਲਾਲਾਬਾਦ ਤੋਂ ਬਲਕਾਰਾਂ ਰਾਣੀ (ਫਤਿਹਗੜ੍ਹ), ਸਿਮਰਨ ਰਾਣੀ, ਕੁਲਵਿੰਦਰ ਕੌਰ (ਸੜੀਆਂ), ਲਵਜੀਤ ਕੌਰ (ਬੱਘੇ ਕੇ ਹਿਠਾੜ), ਸਰਵੀਨਾ ਰਾਣੀ (ਚੱਕ ਬਜੀਦਾ), ਵੀਰਾ ਰਾਣੀ (ਲਾਧੂਕਾ), ਖ਼ੁਸ਼ਪ੍ਰੀਤ ਕੌਰ (ਬੰਨਾ ਵਾਲਾ) ਅਤੇ ਜਸਵੀਰ ਕੌਰ (ਅਲਿਆਣਾ) ਦੀ ਚੋਣ ਕੀਤੀ ਗਈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਇਨ੍ਹਾਂ ਮਹਿਲਾਵਾਂ ਨੂੰ ਰਾਜ ਪੱਧਰ 'ਤੇ ਸਰਟੀਫਿਕੇਟ ਅਤੇ ਨਗਦ ਰਾਸ਼ੀ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਬਲਾਕ ਵਿਕਾਸ ਅਤੇ ਪੰਚਾਇਤ ਅਫ਼ਸਰ ਜਗਸਿਮਰਨ ਸਿੰਘ, ਜ਼ਿਲ੍ਹਾ ਇੰਚਾਰਜ ਸ਼ੁਭਮ, ਬਲਾਕ ਪ੍ਰੋਗਰਾਮ ਮੈਨੇਜਰ ਨਵਨੀਤ ਕੌਰ, ਲਵਪ੍ਰੀਤ ਸਿੰਘ, ਬਲਾਕ ਐਮ.ਆਈ.ਐਸ. ਤਜਿੰਦਰਪਾਲ ਸਿੰਘ ਅਤੇ ਕਲੱਸਟਰ ਕੋਆਰਡੀਨੇਟਰ ਗੁਰਬੀਰ ਸਿੰਘ ਸਮੇਤ ਹੋਰ ਅਧਿਕਾਰੀ ਵੀ ਮੌਜੂਦ ਸਨ।

## ਬੇਲਾ ਕਾਲਜ ਵਿੱਚ ਕੈਫੇਟੇਰੀਆ ਦਾ ਉਦਘਾਟਨ



**ਸ੍ਰੀ ਚਮਕੌਰ ਸਾਹਿਬ, 18 ਮਾਰਚ (ਅਮਰਜੀਤ ਸਿੰਘ ਕਲਸੀ)** ਅਮਰ ਸ਼ਹੀਦ ਬਾਬਾ ਅਜੀਤ ਸਿੰਘ ਜੁਝਾਰ ਸਿੰਘ ਮੈਮੋਰੀਅਲ ਕਾਲਜ ਬੇਲਾ ਵਿਖੇ ਕੈਫੇਟੇਰੀਆ ਦਾ ਉਦਘਾਟਨ ਕਾਲਜ ਕਮੇਟੀ ਦੇ ਪ੍ਰਧਾਨ ਸੰਗਤ ਸਿੰਘ ਲੌਂਗੀਆ,ਸਕੱਤਰ ਜਗਵਿੰਦਰ ਸਿੰਘ ਪੰਮੀ ਅਤੇ ਮੈਨੇਜਰ ਸੁਖਵਿੰਦਰ ਸਿੰਘ ਵਿਸਕੀ ਨੇ ਸਾਂਝੇ ਤੌਰ ਤੇ ਰੀਬਨ ਕੱਟ ਕੇ ਕੀਤਾ।ਇਸ ਸਮਾਗਮ ਵਿੱਚ ਕਾਲਜ ਦੇ ਪ੍ਰਿੰਸੀਪਲ ਡਾ. ਸਤਵੰਤ ਕੌਰ ਸ਼ਾਹੀ ਅਤੇ ਡਾਇਰੈਕਟਰ ਫਾਰਮੇਸੀ ਕਾਲਜ ਡਾ. ਸੈਲੇਸ਼ ਸ਼ਰਮਾ ਨੇ ਵੀ ਸ਼ਿਰਕਤ ਕੀਤੀ। ਕਮੇਟੀ ਦੇ ਪ੍ਰਧਾਨ ਸੰਗਤ ਸਿੰਘ ਲੌਂਗੀਆ ਨੇ ਕਿਹਾ ਕਿ ਇਹ ਕੈਫੇਟੇਰੀਆ ਵਿਦਿਆਰਥੀਆਂ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਸ਼ੁਰੂ ਕੀਤਾ ਗਿਆ ਹੈ, ਤਾਂ ਜੋ ਉਨ੍ਹਾਂ ਨੂੰ ਸਾਫ-ਸੁਥਰੀਆਂ ਅਤੇ ਪੌਸ਼ਟਿਕ ਖਾਣ-ਪੀਣ ਦੀਆਂ ਵਸਤੂਆਂ ਕੰਟਰੋਲ ਰੇਟ 'ਤੇ ਉਪਲਬਧ ਹੋ ਸਕਣ। ਉਨ੍ਹਾਂ ਕਿਹਾ ਕਿ ਇਸ ਉਪਰਾਲੇ ਨਾਲ ਵਿਦਿਆਰਥੀਆਂ ਨੂੰ ਕਾਲਜ ਕੈਂਪਸ ਵਿੱਚ ਹੀ ਵਧੀਆ ਅਤੇ ਸੁਰੱਖਿਅਤ ਖੁਰਾਕ ਮਿਲੇਗੀ ਜੋ ਉਨ੍ਹਾਂ ਦੀ ਸਿਹਤ ਅਤੇ ਪੜ੍ਹਾਈ ਦੋਵਾਂ ਲਈ ਲਾਭਕਾਰੀ ਸਾਬਤ ਹੋਵੇਗੀ। ਇਸ ਮੌਕੇ ਡਾ. ਮਮਤਾ ਅਰੋੜਾ, ਡਾ. ਨੀਲਮ, ਪ੍ਰੋ. ਸੁਨੀਤਾ ਰਾਣੀ, ਜਸਵੀਰ ਕੌਰ,ਅਸ਼ੋਕ ਕੁਮਾਰ, ਡਾ. ਰਾਕੇਸ਼ ਜੋਸ਼ੀ, ਡਾ. ਗੁਰਲਾਲ ਸਿੰਘ, ਪ੍ਰੋ. ਪ੍ਰਿਤਪਾਲ ਸਿੰਘ, ਪ੍ਰੋ. ਅਮਰਜੀਤ ਸਿੰਘ ਅਤੇ ਖਲੀਲ ਮੁਹੰਮਦ ਆਦਿ ਹਾਜ਼ਰ ਸਨ।

## ਪਿੰਡ ਭੜੋਲੀ ਭੰਨ ਦੀ ਸਰਬ ਸੰਮਤੀ ਨਾਲ ਚੁਣੀ ਗਈ ਪੰਚਾਇਤ ਨੂੰ ਹਲਕਾ ਵਿਧਾਇਕ ਰਜਨੀਸ਼ ਕੁਮਾਰ ਦਹੀਆ ਵੱਲੋਂ 5 ਲੱਖ ਦਾ ਚੈੱਕ ਭੇਂਟ



**ਮਮਦੋਟ 18 ਮਾਰਚ (ਗੁਰਪ੍ਰੀਤ ਸਿੰਘ ਸੰਧੂ)** ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਪਿੰਡਾਂ ਵਿੱਚੋਂ ਆਪਸੀ ਧੜੇਬੰਦੀ ਨੂੰ ਖਤਮ ਕਰਨ ਦੇ ਮੰਤਵ ਨਾਲ ਪੰਜਾਬ ਵਿੱਚੋਂ ਬਣੀਆਂ ਪੰਚਾਇਤਾਂ ਚੋਣਾਂ ਸਮੇਂ ਮਾਣਯੋਗ ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਵੱਲੋਂ ਸਰਬ ਸੰਮਤੀ ਨਾਲ ਚੁਣੀਆਂ ਪੰਚਾਇਤਾਂ ਨੂੰ ਪੰਜ ਲੱਖ ਰੁਪਏ ਦੇ ਵਿਸ਼ੇਸ਼ ਗ੍ਰਾਂਟ ਦਿੱਤੇ ਜਾਣ ਦਾ ਜੋ ਐਲਾਨ ਕੀਤਾ ਸੀ ਉਹ ਹੁਣ ਸਰਬ ਸੰਮਤੀ ਨਾਲ ਚੁਣੀਆਂ ਪੰਚਾਇਤਾਂ ਨੂੰ ਗਰਾਂਟਾਂ ਦੇ ਕੇ ਪੂਰਾ ਕੀਤਾ ਜਾ ਰਿਹਾ ਹੈ ਇਸੇ ਲੜੀ ਤਹਿਤ ਹਲਕਾ ਫਿਰੋਜ਼ਪੁਰ ਦਿਹਾਤੀ ਦੇ ਵਿਧਾਇਕ ਰਜਨੀਸ਼ ਕੁਮਾਰ ਦਹੀਆ ਵੱਲੋਂ ਪਿੰਡ ਭੜੋਲੀ ਭੰਨ ਦੀ ਪੰਚਾਇਤ ਨੂੰ ਪੰਜ ਲੱਖ ਰੁਪਏ ਦਾ ਚੈੱਕ ਜਾਰੀ ਕੀਤਾ ਇਹ ਚੈੱਕ ਉਹਨਾਂ ਨੇ ਪਿੰਡ ਦੇ ਸਰਪੰਚ ਰਮਨਪ੍ਰੀਤ ਕੌਰ ਦੇ ਪਤੀ ਰਣਜੀਤ ਸਿੰਘ ਢਿੱਲੋਂ ਨੂੰ ਸੌਂਪਿਆ ਇਸ ਮੌਕੇ ਤੇ ਉਹਨਾਂ ਦੇ ਨਾਲ ਦਲਜੀਤ ਸਿੰਘ ਗੁਰਮੇਜ ਸਿੰਘ ਹਾਜ਼ਿਰ ਸਨ ਇਸ ਮੌਕੇ ਤੇ ਹਲਕਾ ਵਿਧਾਇਕ ਰਜਨੀਸ਼ ਕੁਮਾਰ ਦਹੀਆ ਨੇ ਕਿਹਾ ਕਿ ਸਰਕਾਰ ਦੇ ਇਸ ਫੈਸਲੇ ਨਾਲ ਬਹੁਤ ਸਾਰੀਆਂ ਪੰਚਾਇਤਾਂ ਸਰਬ ਸੰਮਤੀ ਨਾਲ ਚੁਣੀਆਂ ਗਈਆਂ ਸਨ ਅਤੇ ਪਿੰਡਾਂ ਵਿੱਚੋਂ ਧੜੇਬੰਦੀ ਖਤਮ ਹੋਈ ਹੈ।ਗੌਰਤਲਬ ਹੈ ਕਿ ਪਿੰਡ ਭੜੋਲੀ ਭੰਨ ਦੀ ਪੰਚਾਇਤ ਦੀ ਸਰਬਸੰਮਤੀ ਕਰਵਾਉਣ ਲਈ ਸਾਬਕਾ ਫੌਜੀ ਸੁਰਜੀਤ ਸਿੰਘ ਢਿੱਲੋਂ ਦਾ ਅਹਿਮ ਯੋਗਦਾਨ ਰਿਹਾ ਹੈ। ਹਲਕਾ ਵਿਧਾਇਕ ਨੇ ਕਿਹਾ ਕਿ ਅੱਜ ਪਿੰਡ ਭੜੋਲੀ ਭੰਨ ਦੀ ਪੰਚਾਇਤ ਨੂੰ 5 ਲੱਖ ਰੁਪਏ ਦਾ ਚੈੱਕ ਦਿੰਦੇ ਸਮੇਂ ਮੈਨੂੰ ਖੁਸ਼ੀ ਮਹਿਸੂਸ ਹੋ ਰਹੀ ਹੈ ਕਿਉਂਕਿ ਇਸ ਪਿੰਡ ਦੇ ਲੋਕਾਂ ਨੇ ਵੀ ਆਪਸੀ ਸੂਝ ਬੂਝ ਨਾਲ ਪਾਰਟੀਬਾਜੀ ਤੋਂ ਉੱਪਰ ਉੱਠ ਕੇ ਪਿੰਡ ਦੀ ਪੰਚਾਇਤ ਸਰਬ ਸੰਮਤੀ ਨਾਲ ਚੁਣੀ ਹੈ ਇਸ ਮੌਕੇ ਪਿੰਡ ਦੀ ਪੰਚਾਇਤ ਸਰਪੰਚ ਰਮਨਪ੍ਰੀਤ ਕੌਰ, ਪੰਚ ਜਸਵਿੰਦਰ ਕੌਰ, ਪੰਚ ਮਨਪ੍ਰੀਤ ਕੌਰ, ਪੰਚ ਗੁਰਵਿੰਦਰ ਸਿੰਘ,ਪੰਚ ਸਰਬਜੀਤ ਸਿੰਘ ਪੰਚ,ਜਸਵਿੰਦਰ ਕੌਰ,ਵੱਲੋਂ ਹਲਕਾ ਵਿਧਾਇਕ ਰਜਨੀਸ਼ ਕੁਮਾਰ ਦਹੀਆ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਉਹ ਅੱਗੇ ਤੋਂ ਵੀ ਪਿੰਡ ਦੇ ਵਿਕਾਸ ਕੰਮਾਂ ਵਾਸਤੇ ਆਪਣਾ ਬਣਦਾ ਯੋਗਦਾਨ ਦਿੰਦੇ ਰਹਿਣਗੇ।

## ਧਰਨਾ ਮੁਲਤਵੀ: ਕਿਸਾਨ ਆਗੂਆਂ ਤੇ ਬਿਜਲੀ ਵਿਭਾਗ ਵਿਚਾਲੇ ਗੱਲਬਾਤ ਨਾਲ ਬਣੀ ਸਹਿਮਤੀ



**ਭਵਾਨੀਗੜ੍ਹ, 18 ਮਾਰਚ (ਰਾਜ ਖੁਰਮੀ):** ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਅੱਜ ਬਿਜਲੀ ਬੋਰਡ ਦੇ ਦਫਤਰ ਭਵਾਨੀਗੜ੍ਹ ਅੱਗੇ ਲਗਾਇਆ ਜਾਣ ਵਾਲਾ ਧਰਨਾ ਅਖ਼ੀਰਕਾਰ ਮੁਲਤਵੀ ਕਰ ਦਿੱਤਾ ਗਿਆ। ਇਹ ਫੈਸਲਾ ਉਸ ਵੇਲੇ ਲਿਆ ਗਿਆ ਜਦੋਂ ਜਥੇਬੰਦੀ ਦੇ ਆਗੂਆਂ ਅਤੇ ਬਿਜਲੀ ਵਿਭਾਗ ਦੇ ਅਧਿਕਾਰੀਆਂ ਵਿਚਾਲੇ ਮੀਟਿੰਗ ਹੋਈ ਅਤੇ ਮਸਲਿਆਂ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ।ਮੀਟਿੰਗ ਦੌਰਾਨ ਬਿਜਲੀ ਵਿਭਾਗ ਦੇ ਅਧਿਕਾਰੀਆਂ ਵੱਲੋਂ ਕਿਸਾਨਾਂ ਦੇ ਮਸਲਿਆਂ ਦਾ ਜਲਦ ਹੱਲ ਕਰਨ ਦਾ ਭਰੋਸਾ ਦਿੱਤਾ ਗਿਆ। ਇਸ ਤੋਂ ਬਾਅਦ ਜਥੇਬੰਦੀ ਦੇ ਆਗੂਆਂ ਨੇ ਆਪਸੀ ਸਹਿਮਤੀ ਨਾਲ 18 ਮਾਰਚ ਨੂੰ ਹੋਣ ਵਾਲਾ ਧਰਨਾ ਮੁਲਤਵੀ ਕਰਨ ਦਾ ਐਲਾਨ ਕੀਤਾ ਇਸ ਮੌਕੇ ਬਲਾਕ ਦੇ ਸੀਨੀਅਰ ਮੀਤ ਪ੍ਰਧਾਨ ਮਨਜੀਤ ਸਿੰਘ ਘਰਾਚੋਂ, ਰਘਵੀਰ ਸਿੰਘ ਘਰਾਚੋਂ, ਕਰਮ ਚੰਦ ਪੰਨਵਾਂ, ਹਰਪ੍ਰੀਤ ਸਿੰਘ ਬਾਲਦ ਕਲਾਂ ਸਮੇਤ ਹੋਰ ਕਈ ਕਿਸਾਨ ਆਗੂ ਮੌਜੂਦ ਸਨ।ਕਿਸਾਨ ਆਗੂਆਂ ਨੇ ਕਿਹਾ ਕਿ ਜੇਕਰ ਉਨ੍ਹਾਂ ਦੇ ਮਸਲਿਆਂ ਦਾ ਸਮੇਂ ਸਿਰ ਹੱਲ ਨਾ ਕੀਤਾ ਗਿਆ ਤਾਂ ਆਉਣ ਵਾਲੇ ਸਮੇਂ ਵਿੱਚ ਫਿਰ ਤੋਂ ਸੰਘਰਸ਼ ਦੀ ਰਾਹ ਅਪਣਾਈ ਜਾ ਸਕਦੀ ਹੈ।

## ਮੋਗਾ ਰੈਲੀ ਨਾਲ ਭਾਜਪਾ ਨੂੰ ਮਿਲਿਆ ਵੱਡਾ ਹੁੰਗਾਰਾ, 2027 'ਚ ਸਰਕਾਰ ਬਣਾਉਣ ਦਾ ਦਾਅਵਾ- ਕੁਲਵਿੰਦਰ ਭੱਟੀਵਾਲ ਕਲਾਂ



**ਭਵਾਨੀਗੜ੍ਹ 18 ਮਾਰਚ, (ਰਾਜ ਖੁਰਮੀ) :** ਪਿਛਲੇ ਦਿਨੀਂ ਮੋਗਾ ਵਿਖੇ ਭਾਰਤੀ ਜਨਤਾ ਪਾਰਟੀ (ਭਾਜਪਾ) ਵੱਲੋਂ ਕੀਤੀ ਗਈ ਵਿਸ਼ਾਲ ਰੈਲੀ ਨੂੰ ਲੈ ਕੇ ਪਾਰਟੀ ਆਗੂਆਂ ਵਿੱਚ ਭਾਰੀ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਭਾਜਪਾ ਦੇ ਸੀਨੀਅਰ ਆਗੂ ਕੁਲਵਿੰਦਰ ਸਿੰਘ ਭੱਟੀਵਾਲ ਕਲਾਂ ਨੇ ਕਿਹਾ ਕਿ ਮੋਗਾ ਦੀ ਇਹ ਰੈਲੀ ਹਰ ਪੱਖੋਂ ਬਹੁਤ ਸਫਲ ਰਹੀ ਹੈ ਅਤੇ ਇਸ ਨੇ ਆਉਣ ਵਾਲੀਆਂ ਚੋਣਾਂ ਲਈ ਪਾਰਟੀ ਦਾ ਮਨੋਬਲ ਕਾਫੀ ਵਧਾਇਆ ਹੈ ਉਨ੍ਹਾਂ ਕਿਹਾ ਕਿ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਦੀ ਸ਼ਮੂਲੀਅਤ ਨੇ ਇਹ ਸਾਬਤ ਕਰ ਦਿੱਤਾ ਹੈ ਕਿ ਪੰਜਾਬ ਦੇ ਲੋਕ ਹੁਣ ਬਦਲਾਅ ਚਾਹੁੰਦੇ ਹਨ ਅਤੇ ਭਾਜਪਾ ਵੱਲ ਆਕਰਸ਼ਿਤ ਹੋ ਰਹੇ ਹਨ। ਭੱਟੀਵਾਲ ਕਲਾਂ ਨੇ ਦਾਅਵਾ ਕੀਤਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਭਾਜਪਾ ਪੂਰੀ ਤਾਕਤ ਨਾਲ ਮੈਦਾਨ ਵਿੱਚ ਉਤਰੇਗੀ ਅਤੇ ਜਿੱਤ ਹਾਸਲ ਕਰਕੇ ਪੰਜਾਬ ਵਿੱਚ ਆਪਣੀ ਸਰਕਾਰ ਬਣਾਏਗੀ ਉਨ੍ਹਾਂ ਹੋਰ ਕਿਹਾ ਕਿ ਕੇਂਦਰ ਸਰਕਾਰ ਦੀਆਂ ਲੋਕ-ਹਿਤੈਸ਼ੀ ਨੀਤੀਆਂ ਅਤੇ ਵਿਕਾਸਸ਼ੀਲ ਕੰਮਾਂ ਕਾਰਨ ਲੋਕਾਂ ਦਾ ਭਾਜਪਾ 'ਤੇ ਭਰੋਸਾ ਵਧ ਰਿਹਾ ਹੈ। ਉਨ੍ਹਾਂ ਦਾਅਵਾ ਕੀਤਾ ਕਿ ਆਉਣ ਵਾਲੇ ਸਮੇਂ ਵਿੱਚ ਪਾਰਟੀ ਨੂੰ ਹੋਰ ਵੀ ਵੱਡਾ ਸਮਰਥਨ ਮਿਲੇਗਾ ਅਤੇ ਪੰਜਾਬ ਵਿੱਚ ਨਵੀਂ ਰਾਜਨੀਤਿਕ ਦਿਸ਼ਾ ਦੀ ਸ਼ੁਰੂਆਤ ਹੋਵੇਗੀ ਅੰਤ ਵਿੱਚ ਉਨ੍ਹਾਂ ਕਿਹਾ ਕਿ ਮੋਗਾ ਰੈਲੀ ਦੀ ਸਫਲਤਾ ਨਾਲ ਭਾਜਪਾ ਦੇ ਵਰਕਰਾਂ ਵਿੱਚ ਨਵਾਂ ਜੋਸ਼ ਪੈਦਾ ਹੋਇਆ ਹੈ ਅਤੇ ਇਹ ਜੋਸ਼ 2027 ਦੀਆਂ ਚੋਣਾਂ ਵਿੱਚ ਜਿੱਤ ਵਿੱਚ ਬਦਲਿਆ ਜਾਵੇਗਾ।

# ਮਾਨਸਾ ਦੇ ਸਰਸ ਮੇਲੇ ਵਿੱਚ ਗਾਇਕ ਹਰਭਜਨ ਮਾਨ ਨੇ ਆਪਣੇ ਗੀਤਾਂ ਰਾਹੀਂ ਬੰਨ੍ਹਿਆ ਚੰਗਾ ਰੰਗ, ਖ਼ੂਬ ਨੱਚੇ ਦਰਸ਼ਕ

### ਵਿਧਾਇਕ ਡਾ. ਵਿਜੇ ਸਿੰਗਲਾ, ਗੁਰਪ੍ਰੀਤ ਸਿੰਘ ਬਣਾਂਵਾਲੀ, ਚੇਅਰਮੈਨ ਗੁਰਪ੍ਰੀਤ ਸਿੰਘ ਭੁੱਚਰ, ਡੀਸੀ ਨਵਜੋਤ ਕੌਰ ਅਤੇ ਐਸਐਸਪੀ ਭਾਗੀਰਥ ਸਿੰਘ ਮੀਨਾ ਸਮੇਤ ਹੋਰ ਸ਼ਖਸ਼ੀਅਤਾਂ ਨੇ ਕੀਤਾ ਸਨਮਾਨ








**ਮਾਨਸਾ, 18 ਮਾਰਚ (ਗੋਪਾਲ ਅਕਲੀਆ)** ਅਨਾਜ ਮੰਡੀ ਮਾਨਸਾ ਵਿਖੇ ਲੱਗੇ ਸਰਸ ਮੇਲੇ ਦੀ ਪੰਜਵੀਂ ਸ਼ਾਮ ਆਯੋਜਿਤ ਸੰਗੀਤਕ ਸ਼ਾਮ ਦੌਰਾਨ ਪ੍ਰਸਿੱਧ ਗਾਇਕ ਅਤੇ ਅਦਾਕਾਰ ਹਰਭਜਨ ਮਾਨ ਅਤੇ ਉਹਨਾਂ ਦੇ ਭਰਾ ਗੁਰਸੇਵਕ ਮਾਨ ਨੇ ਆਪਣੇ ਗੀਤਾਂ ਨਾਲ ਅਜਿਹਾ ਰੰਗ ਬੰਨਿਆ ਕਿ ਇਹ ਸ਼ਾਮ ਲੋਕ ਮਨਾਂ ਵਿੱਚ ਸਦੀਵੀ ਯਾਦ ਉਕੇਰ ਗਈ।

ਮਕਬੂਲ ਲੋਕ ਗਾਇਕਾਂ ਹਰਭਜਨ ਮਾਨ ਨੇ ਆਪਣੇ ਪ੍ਰਸਿੱਧ ਗੀਤ ਜੀ ਆਇਆਂ ਨੂੰ ਗਾ ਕੇ ਸ਼ੁਰੂਆਤ ਕੀਤੀ ਅਤੇ ਉਸ ਤੋਂ ਬਾਅਦ ਸਰੋਤਿਆਂ ਦੀ ਮੰਗ ਉੱਤੇ ਇੱਕ ਤੋਂ ਬਾਅਦ ਇੱਕ ਪ੍ਰਸਿੱਧ ਗਾਣੇ ਪੇਸ਼ ਕੀਤੇ ਜਿਨ੍ਹਾਂ ਵਿੱਚ 'ਜੱਗ ਜਿਉਂਦਿਆਂ ਦੇ ਮੇਲੇ, ਜੱਗ ਜੰਕਸ਼ਨ ਰੇਲਾਂ ਦਾ, ਕਾਲ ਜਲੰਧਰ ਤੋਂ, ਸਤਰੰਗੀ ਪੀਂਘ, ਯਾਦਾਂ ਰਹਿ ਜਾਣੀਆਂ, ਅਸਾਂ ਨੂੰ ਮਾਣ ਵਤਨਾ ਦਾ, ਪਤਾ ਨੀ ਰੱਬ ਕਿਹੜਿ ਆਂ ਰੰਗਾਂ ਵਿਚ ਰਾਜ਼ੀ, ਸੰਮੀ ਮੇਰੀ ਵਾਰ ਜਿਹੇ ਹਰੇਕ ਪੀੜ੍ਹੀ ਦੀ ਤਰਜਮਾਨੀ ਕਰਦੇ ਪ੍ਰਸਿੱਧ ਗੀਤ ਗਾ ਕੇ ਸਰੋਤਿਆਂ ਦਾ ਭਰਪੂਰ ਮਨ ਪ੍ਰਚਾਵਾ ਕੀਤਾ।

ਹਾਲਾਂਕਿ ਮੌਸਮ ਵਿੱਚ ਕਾਫੀ ਠੰਡਕ ਸੀ, ਪਰ ਪੰਜਾਬੀ ਗਾਇਕੀ ਦੇ ਇਨ੍ਹਾਂ ਮਾਣਮੱਤੇ ਸਿਤਾਰਿਆਂ ਨੂੰ ਸੁਣਨ ਲਈ ਲੋਕਾਂ ਦਾ ਉਤਸ਼ਾਹ ਘੱਟ ਨਹੀਂ ਹੋਇਆ। ਠੰਡ ਦੇ ਬਾਵਜੂਦ 10 ਹਜ਼ਾਰ ਤੋਂ ਵੀ ਵੱਧ ਦਰਸ਼ਕਾਂ ਨੇ ਮੇਲਾ ਗਰਾਊਂਡ ਵਿੱਚ ਪਹੁੰਚ ਕੇ ਇਸ ਸੰਗੀਤਕ ਸ਼ਾਮ ਦਾ ਭਰਪੂਰ ਆਨੰਦ ਮਾਣਿਆ।

ਇਸ ਮੌਕੇ ਹਾਜ਼ਰ ਵਿਧਾਇਕ ਮਾਨਸਾ ਡਾ. ਵਿਜੇ ਸਿੰਗਲਾ ਅਤੇ ਵਿਧਾਇਕ ਸਰਦੂਲਗੜ੍ਹ ਗੁਰਪ੍ਰੀਤ ਸਿੰਘ ਬਣਾਂਵਾਲੀ ਨੇ ਹਰਭਜਨ ਮਾਨ ਦੀ ਸਾਫ਼-ਸੁਥਰੀ ਅਤੇ ਮਿਆਰੀ ਗਾਇਕੀ ਦੀ ਸ਼ਲਾਘਾ ਕੀਤੀ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਡਿਪਟੀ ਕਮਿਸ਼ਨਰ ਨਵਜੋਤ ਕੌਰ ਅਤੇ ਐਸ.ਐਸ.ਪੀ. ਭਾਗੀਰਥ ਸਿੰਘ ਮੀਨਾ ਦੇ ਨਾਲ ਨਾਲ ਸਿਮਰਨਦੀਪ ਸਿੰਘ ਆਈ.ਏ.ਐਸ, ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਗੁਰਪ੍ਰੀਤ ਸਿੰਘ ਭੁੱਚਰ, ਏਡੀਸੀ ਪੇਂਡੂ ਵਿਕਾਸ ਆਕਾਸ਼ ਬਾਂਸਲ, ਏਡੀਸੀ ਅਨੁਪ੍ਰਿਤਾ ਜੌਹਲ, ਮੁੱਖ ਮੰਤਰੀ ਫੀਲਡ ਅਫਸਰ ਡਾ. ਗੁਰਲੀਨ ਕੌਰ ਸਿੱਧੂ ਸਮੇਤ ਹੋਰਨਾਂ ਪ੍ਰਮੁੱਖ ਸ਼ਖਸ਼ੀਅਤਾਂ ਨੇ ਹਰਭਜਨ ਮਾਨ ਅਤੇ ਗੁਰਸੇਵਕ ਮਾਨ ਨੂੰ ਯਾਦਗਾਰੀ ਚਿੰਨ੍ਹ ਤੇ ਲੋਈ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ।

ਡਿਪਟੀ ਕਮਿਸ਼ਨਰ ਨਵਜੋਤ ਕੌਰ ਨੇ ਦੱਸਿਆ ਕਿ ਸਰਸ ਮੇਲਾ ਜਿੱਥੇ ਦਸਤਕਾਰੀ ਤੇ ਸ਼ਿਲਪਕਾਰੀ ਅਧਾਰਿਤ ਵਸਤਾਂ ਦੀ ਵਿਕਰੀ ਲਈ ਖਿੱਚ ਦਾ ਕੇਂਦਰ ਬਣ ਰਿਹਾ ਹੈ, ਸਗੋਂ ਪੰਜਾਬੀ ਵਿਰਸੇ ਅਤੇ ਕਲਾ ਨੂੰ ਉਤਸ਼ਾਹਿਤ ਕਰਨ ਦਾ ਇੱਕ ਵੱਡਾ ਮੰਚ ਵੀ ਸਾਬਿਤ ਹੋ ਰਿਹਾ ਹੈ। ਉਹਨਾਂ ਦੱਸਿਆ ਕਿ 19 ਮਾਰਚ ਨੂੰ ਗਾਇਕ ਹਰਜੀਤ ਹਰਮਨ, 20 ਮਾਰਚ ਨੂੰ ਗਾਇਕ ਕੰਵਰ ਗਰੇਵਾਲ ਅਤੇ 21 ਮਾਰਚ ਨੂੰ ਆਰ ਨੇਤ ਦਰਸ਼ਕਾਂ ਦਾ ਮਨੋਰੰਜਨ ਕਰਨ ਲਈ ਪੁੱਜਣਗੇ। ਉਹਨਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਵੱਡੀ ਤੋਂ ਵੱਡੀ ਗਿਣਤੀ ਵਿੱਚ ਸਰਸ ਮੇਲਾ ਵਿੱਚ ਸ਼ਾਮਿਲ ਹੋ ਕੇ ਆਨੰਦ ਮਾਨਣ।

ਇਸ ਮੌਕੇ ਮਾਲਵਾ ਜ਼ੋਨ ਕੋਆਰਡੀਨੇਟਰ ਯੁੱਧ ਨਸ਼ਿਆਂ ਵਿਰੁੱਧ ਚੁਸ਼ਪਿੰਦਰਬੀਰ ਚਹਿਲ, ਚੇਅਰਮੈਨ ਮਾਰਕੀਟ ਕਮੇਟੀ ਬੁਢਲਾਡਾ ਸਤੀਸ਼ ਸਿੰਗਲਾ, ਚੇਅਰਮੈਨ ਮਾਰਕਿਟ ਕਮੇਟੀ ਭੀਖੀ ਵਰਿੰਦਰ ਸੋਨੀ, ਜ਼ਿਲ੍ਹਾ ਪ੍ਰਧਾਨ ਇਸਤਰੀ ਵਿੰਗ ਸ਼ਰਨਜੀਤ ਕੌਰ ਤੋਂ ਇਲਾਵਾ ਹੋਰ ਸਖਸ਼ੀਅਤਾਂ ਹਾਜ਼ਰ ਸਨ।

## ਟਰੇਡ ਵਿੰਗ ਦੀ ਮੀਟਿੰਗ ਦੌਰਾਨ ਹਲਕਾ ਵਿਧਾਇਕ ਨੇ ਸੁਣੀਆਂ ਦੁਕਾਨਦਾਰਾਂ ਦੀਆਂ ਮੁਸ਼ਕਿਲਾਂ





**ਮਮਦੋਟ 18 ਮਾਰਚ (ਗੁਰਪ੍ਰੀਤ ਸਿੰਘ ਸੰਧੂ)** ਵਪਾਰੀਆਂ ਅਤੇ ਦੁਕਾਨਦਾਰਾਂ ਦੀਆਂ ਮੁਸ਼ਕਿਲਾਂ ਸੁਨਣ ਅਤੇ ਉਹਨਾਂ ਦੇ ਹੱਲ ਲਈ ਇੱਕ ਮੀਟਿੰਗ ਹਰਪ੍ਰੀਤ ਸਿੰਘ ਸੋਢੀ ਚੇਅਰਮੈਨ ਟਰੇਡਿੰਗ ਕਮਿਸ਼ਨ ਹਲਕਾ ਫਿਰੋਜਪੁਰ ਦਿਹਾਤੀ ਦੀ ਅਗਵਾਈ ਹੇਠ ਬਸ ਸਟੈਡ ਮਮਦੋਟ ਵਿਖੇ ਹੋਈ।ਇਸ ਮੀਟਿੰਗ ਵਿੱਚ ਹਲਕਾ ਵਿਧਾਇਕ ਫਿਰੋਜਪੁਰ ਦਿਹਾਤੀ ਰਜਨੀਸ਼ ਕੁਮਾਰ ਦਹੀਆ ,ਵਿਵੇਕ ਸ਼ਰਮਾਂ ਐਸ ਡੀ ਐਮ ਫਿਰੋਜਪੁਰ ਵਿਸ਼ੇਸ਼ ਤੌਰ ਤੇ ਹਾਜਰ ਹੋਏ। ਇਸ ਮੀਟਿੰਗ ਦੌਰਾਨ ਮਮਦੋਟ ਦੇ ਵੱਖ ਵੱਖ ਟਰੇਡਾਂ ਦੇ ਦੁਕਾਨਦਾਰਾਂ ਨੇ ਹਿੱਸਾ ਲਿਆ ਅਤੇ ਆਪਣੀਆਂ ਮੁਸ਼ਕਲਾਂ ਦੱਸੀਆਂ ।

ਇਸ ਮੌਕੇ ਤੇ ਮੁਸ਼ਕਿਲਾਂ ਸੁਣਨ ਤੋ ਬਾਅਦ ਵੱਖ ਵੱਖ ਵਿਭਾਗਾਂ ਦੇ ਪੁੱਜੇ ਅਧਿਕਾਰੀਆਂ ਨੇ ਦੁਕਾਨਦਾਰਾਂ ਵੱਲੋ ਦੱਸੀਆਂ ਮੁਸ਼ਕਿਲਾਂ ਹੱਲ ਕਰਨ ਦਾ ਭਰੋਸਾ ਦਿੱਤਾ । ਇਸ ਮੌਕੇ ਤੇ ਬੋਲਦੇ ਹੋਏ ਹਲਕਾ ਵਿਧਾਇਕ ਰਜਨੀਸ਼ ਕੁਮਾਰ ਦਹੀਆ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋ ਵਪਾਰੀਆਂ ਦੀ ਮੁਸ਼ਕਿਲਾਂ ਸੁਣ ਕੇ ਉਹਨਾਂ ਦਾ ਹੱਲ ਕਰਨ ਲਈ ਵੱਖ ਵੱਖ ਜਗਾਂ ਤੇ ਪਹੁੰਚਣ ਲਈ ਕਿਹਾ ਗਿਆ ਹੈ ,ਉਸੇ ਲੜੀ ਤਹਿਤ ਇਹ ਪ੍ਰੋਗਰਾਮ ਕੀਤਾ ਗਿਆ ਹੈ ।ਉਹਨਾਂ ਕਿਹਾ ਕਿ ਫਿਰੋਜਪੁਰ ਦਿਹਾਤੀ ਹਲਕੇ ਵਿੱਚ ਇਸ ਪ੍ਰੋਗਰਾਮ ਦੀ ਸ਼ੁਰੂਆਤ ਅੱਜ ਕਸਬਾ ਮਮਦੋਟ ਤੋ ਕੀਤੀ ਜਾ ਰਹੀ ਹੈ।ਉਹਨਾਂ ਕਿਹਾ ਕਿ ਅੱਜ ਦਾ ਇਹ ਪ੍ਰੋਗਰਾਮ ਵਪਾਰੀਆਂ ਅਤੇ ਦੁਕਾਨਦਾਰਾਂ ਦੀਆਂ ਮੁਸ਼ਕਿਲਾਂ ਸੁਨਣ ਨਾਲ ਹੀ ਨਹੀ ਸਮਾਪਤ ਹੁੰਦਾ ਸਗੋ ਇਨ੍ਹਾਂ ਮੁਸ਼ਕਿਲਾਂ ਨੂੰ ਵੱਖ ਵੱਖ ਅਧਿਕਾਰੀਆਂ ਵੱਲੋ ਨੋਟ ਕੀਤਾ ਜਾ ਰਿਹਾ ਹੈ ਅਤੇ ਉਹਨਾਂ ਦਾ ਹੱਲ ਜਲਦੀ ਕੀਤਾ ਜਾਵੇਗਾ। ਹਲਕਾ ਵਿਧਾਇਕ ਨੇ ਕਿਹਾ ਕਿ ਮਮਦੋਟ ਤੋ ਬਾਅਦ ਤਲਵੰਡੀ ਭਾਈ ਅਤੇ ਮੁੱਦਕੀ ਵਿੱਚ ਵੀ ਅਜਿਹੇ ਪ੍ਰੋਗਰਾਮ ਕਰਕੇ ਵਪਾਰੀਆਂ ਦੀਆਂ ਮੁਸ਼ਕਲਾਂ ਸੁਣੀਆਂ ਜਾਣਗੀਆਂ । ਉਹਨਾਂ ਕਿਹਾ ਕਿ ਅੱਜ ਮੇਰੇ ਨਾਲ ਐਸ ਡੀ ਐਮ ਫਿਰੋਜਪੁਰ ਤੋ ਇਲਾਵਾ ਸੇਲ ਟੈਕਸ ਵਿਭਾਗ ਅਤੇ ਐਕਸਾਇਜ਼ ਐਡ ਟੈਕਸਏਸ਼ਨ ਵਿਭਾਗ , ਨਗਰ ਪੰਚਾਇਤ ਅਤੇ ਪੰਜਾਬ ਪੁਲਿਸ ਅਤੇ ਹੋਰ ਵਿਭਾਗਾਂ ਦੇ ਅਧਿਕਾਰੀ ਵੀ ਹਾਜਰ ਹਨ । ਉਹਨਾਂ ਕਿਹਾ ਕਿ ਜੇਕਰ ਇਸ ਤੋ ਬਾਅਦ ਵੀ ਕੋਈ ਵਪਾਰੀ ਜਾਂ ਦੁਕਾਨਦਾਰ ਆਪਣੀ ਮੁਸ਼ਕਲ ਦੱਸਣਾ ਚਾਹੁੰਦਾ ਹੈ ਤਾਂ ਉਹ ਮੇਰੇ ਨਾਲ ਜਾਂ ਐਸ ਡੀ ਐਮ ਸਾਹਿਬ ਨੂੰ ਆਪਣੀ ਮੁਸ਼ਕਲ ਦੱਸ ਸਕਦਾ ਹੈ, ਜਿਸ ਦਾ ਹੱਲ ਜਲਦੀ ਹੀ ਕੀਤਾ ਜਾਵੇਗਾ। ਇਸ ਮੌਕੇ ਤੇ ਹੋਰਨਾਂ ਤੋ ਇਲਾਵਾ ਵਿੱਕੀ ਵਨਾਇਕ ਪ੍ਰਧਾਨ ਵਪਾਰ ਮੰਡਲ, ਮਨੀਸ਼ ਚੋਪੜਾ ਪ੍ਰਧਾਨ ਕਰਿਆਨਾ ਯੂਨੀਅਨ, ਬਲਰਾਜ ਸਿੰਘ ਸੰਧੂ ਚੈਅਰਮੈਨ ਮਾਰਕੀਟ ਕਮੇਟੀ ਮਮਦੋਟ, ਉਪਿੰਦਰ ਸਿੰਘ ਸਿੰਧੀ ਪ੍ਰਧਾਨ ਨਗਰ ਪੰਚਾਇਤ, ਬਾਬਾ ਦਲਜੀਤ ਸਿੰਘ ਐਮ ਸੀ, ਸੋਨੂੰ ਸੇਠੀ ਐਮ ਸੀ, ਯਸ਼ਪਾਲ ਗਾਬਾ ਪ੍ਰਧਾਨ ਆੜਤੀਆਂ ਯੂਨੀਅਨ, ਮੇਜ਼ ?ਰ ਸਿੰਘ ਬੁਰਜੀ ਮੈਬਰ ਜਿਲ੍ਹਾ ਪ੍ਰੀਸ਼ਦ, ਸੁਖਦੇਵ ਸਿੰਘ ਸੋਢੀ ਸਰਪੰਚ, ਸੰਦੀਪ ਸਿੰਘ ਸੋਨੀ, ਬਲਵਿੰਦਰ ਸਿੰਘ ਸਰਪੰਚ ਰਾਊ ਕੇ, ਰਣਜੀਤ ਸਿੰਘ ਸੋਢੀ, ਹਰਪ੍ਰੀਤ ਸਿੰਘ ਹੈਪੀ, ਐਸ ਐਚ ਓ ਹਰਿੰਦਰ ਸਿੰਘ ਚਮੇਲੀ, ਜਗਜੀਤ ਸਿੰਘ ਸਾਬ,, ਜੱਜ ਦੁੱਗਲ, ਰਵਿੰਦਰ ਖੰਨਾ, ਗੁਰਨਾਮ ਸਿੰਘ ਹਜ਼ਾਰਾਂ, ਮੇਹਰ ਸਿੰਘ ਘੁੰਮਣ, ਸੁਬਾਸ਼ ਬੱਤਾ, ਆਪ ਆਗੂ ਜਗਦੀਸ਼ ਸਿੰਘ ਆਦਿ ਹਾਜਰ ਸਨ ।

## ਡੀ.ਪੀ.ਆਈ. ਕੇਸ਼ਵ ਗੋਇਲ ਨਾਲ ਦਰਜਾਚਾਰ ਐਸੋਸੀਏਸ਼ਨ ਦੀ ਹੋਈ ਮੀਟਿੰਗ, ਟਾਈਪ ਟੈਸਟ ਜਲਦੀ ਕਰਵਾਉਣ ਦਾ ਦਿੱਤਾ ਭਰੋਸਾ

**ਧਰਮਕੋਟ, 18 ਮਾਰਚ (ਸਤਨਾਮ ਸਿੰਘ ਘਾਰੂ)** ਦਰਜਾਚਾਰ ਕਰਮਚਾਰੀ ਐਸੋਸੀਏਸ਼ਨ (ਸਿੱਖਿਆ ਵਿਭਾਗ) ਪੰਜਾਬ ਰਜਿ. ਨੰ 252/2023 ਦੇ ਸੂਬਾ ਪ੍ਰਧਾਨ ਸਰਬਜੀਤ ਸਿੰਘ ਸੰਧੂ ਵੱਲੋਂ ਨਵੇਂ ਨਿਯੁਕਤ ਡੀ.ਪੀ.ਆਈ. ਕੇਸ਼ਵ ਗੋਇਲ ਨੂੰ ਫੁੱਲਾਂ ਦਾ ਗੁਲਦਸਤਾ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨਾਲ ਇਕ ਵਿਸ਼ੇਸ਼ ਮੀਟਿੰਗ ਵੀ ਕੀਤੀ ਗਈ, ਜਿਸ ਵਿੱਚ ਦਰਜਾਚਾਰ ਕਰਮਚਾਰੀਆਂ ਨਾਲ ਸੰਬੰਧਿਤ ਲੰਮੇ ਸਮੇਂ ਤੋਂ ਰੁਕੇ ਹੋਏ ਮਸਲਿਆਂ ਬਾਰੇ ਵਿਸਥਾਰ ਨਾਲ ਗੱਲਬਾਤ ਹੋਈ। ਮੀਟਿੰਗ ਦੌਰਾਨ ਸੂਬਾ ਪ੍ਰਧਾਨ ਸਰਬਜੀਤ ਸਿੰਘ ਸੰਧੂ ਨੇ ਡੀ.ਪੀ.ਆਈ. ਸਾਹਿਬ ਨੂੰ ਦਰਜਾਚਾਰ ਕਰਮਚਾਰੀਆਂ ਦੀਆਂ ਮੁੱਖ ਮੰਗਾਂ ਬਾਰੇ ਜਾਣੂ ਕਰਵਾਇਆ। ਉਨ੍ਹਾਂ ਕਿਹਾ ਕਿ ਕਈ ਅਹਿਮ ਕੰਮ ਲੰਮੇ ਸਮੇਂ ਤੋਂ ਅਟਕੇ ਪਏ ਹਨ, ਜਿਸ ਕਰਕੇ ਕਰਮਚਾਰੀਆਂ ਵਿੱਚ ਨਾਰਾਜ਼ਗੀ ਪਾਈ ਜਾ ਰਹੀ ਹੈ। ਖ਼ਾਸ ਤੌਰ 'ਤੇ ਟਾਈਪ ਟੈਸਟ ਦੀ ਪ੍ਰਕਿਰਿਆ ਨੂੰ ਜਲਦੀ ਸ਼ੁਰੂ ਕਰਵਾਉਣ ਦੀ ਮੰਗ ਉਨ੍ਹਾਂ ਵੱਲੋਂ ਜ਼ੋਰ ਨਾਲ ਰੱਖੀ ਗਈ। ਇਸ 'ਤੇ ਡੀ.ਪੀ.ਆਈ. ਕੇਸ਼ਵ ਗੋਇਲ ਨੇ ਭਰੋਸਾ ਦਿਵਾਇਆ ਕਿ ਦਰਜਾਚਾਰ ਕਰਮਚਾਰੀਆਂ ਦੀਆਂ ਜਾਇਜ਼ ਮੰਗਾਂ ਨੂੰ ਪਹਿਲ ਦੇ ਆਧਾਰ 'ਤੇ ਵਿਚਾਰਿਆ ਜਾਵੇਗਾ ਅਤੇ ਟਾਈਪ ਟੈਸਟ ਨੂੰ ਜਲਦੀ ਤੋਂ ਜਲਦੀ ਲਿਆਉਣ ਲਈ ਜਰੂਰੀ ਕਦਮ ਚੁੱਕੇ ਜਾਣਗੇ। ਉਨ੍ਹਾਂ ਨੇ ਕਿਹਾ ਕਿ ਵਿਭਾਗ ਕਰਮਚਾਰੀਆਂ ਦੇ ਹੱਕਾਂ ਦੀ ਰੱਖਿਆ ਲਈ ਵਚਨਬੱਧ ਹੈ ਅਤੇ ਕੋਈ ਵੀ ਜਾਇਜ਼ ਮਸਲਾ ਲੰਮਾ ਨਹੀਂ ਲਟਕਾਇਆ ਜਾਵੇਗਾ। ਇਸ ਮੀਟਿੰਗ ਵਿੱਚ ਵੱਖ-ਵੱਖ ਜ਼ਿਲ੍ਹਿਆਂ ਤੋਂ ਆਏ ਅਹੁਦੇਦਾਰਾਂ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ। ਅੰਮ੍ਰਿਤਸਰ ਤੋਂ ਜ਼ਿਲ੍ਹਾ ਪ੍ਰਧਾਨ ਪਵਨਦੀਪ ਸਿੰਘ, ਮਹਿਲਾ ਵਿੰਗ ਦੀ ਪ੍ਰਧਾਨ ਕੁਲਦੀਪ ਕੌਰ (ਗੁਰਦਾਸਪੁਰ), ਫਿਰੋਜ਼ਪੁਰ ਤੋਂ ਪ੍ਰਧਾਨ ਇੰਦਰਜੀਤ ਸਿੰਘ, ਗੁਰਦਾਸਪੁਰ ਤੋਂ ਖਜਾਨਚੀ ਗੁਰਪ੍ਰੀਤ ਸਿੰਘ, ਮੀਤ ਪ੍ਰਧਾਨ ਅਮਰਜੀਤ ਸਿੰਘ (ਬਠਿੰਡਾ), ਪਰਮਜੀਤ ਸਿੰਘ ਪੰਮੀ (ਚੇਅਰਮੈਨ ਪੰਜਾਬ), ਗੁਰਿੰਦਰ ਸਿੰਘ (ਸੰਗਰੂਰ) ਅਤੇ ਮਨਿੰਦਰ ਸਿੰਘ (ਗੁਰਦਾਸਪੁਰ) ਸਮੇਤ ਹੋਰ ਮੈਂਬਰ ਵੀ ਮੌਜੂਦ ਸਨ। ਮੀਟਿੰਗ ਦੇ ਅੰਤ 'ਤੇ ਆਗੂਆਂ ਨੇ ਉਮੀਦ ਜਤਾਈ ਕਿ ਵਿਭਾਗ ਵੱਲੋਂ ਜਲਦ ਹੀ ਦਰਜਾਚਾਰ ਕਰਮਚਾਰੀਆਂ ਦੇ ਮਸਲਿਆਂ ਦਾ ਹੱਲ ਕੀਤਾ ਜਾਵੇਗਾ।



## ਜੀ ਐਜੂਕੇਸ਼ਨ ਧਰਮਕੋਟ ਨੇ ਲਗਵਾਇਆ ਯੂ.ਕੇ ਦਾ ਵਿਜ਼ਟਰ ਵੀਜ਼ਾ

### 1 ਹਫਤੇ ਵਿਚ ਅਸਟਰੇਲੀਆ ਤੇ ਯੂ.ਕੇ ਦੇ 15 ਵੀਜ਼ੇ ਲਗਵਾਏ - ਅਮਰਿੰਦਰ ਸਿੰਘ ਸੈਂਡੀ

**ਧਰਮਕੋਟ, 18 ਮਾਰਚ (ਸਤਨਾਮ ਸਿੰਘ ਘਾਰੂ)** ਜੀ ਐਜੂਕੇਸ਼ਨ ਧਰਮਕੋਟ ਸੰਸਥਾ ਵੱਖ ਵੱਖ ਦੇਸ਼ਾਂ ਦੇ ਵੀਜ਼ੇ ਲਗਵਾ ਕੇ ਲੋਕਾਂ ਦੇ ਸੁਪਨਿਆਂ ਨੂੰ ਸਾਕਾਰ ਕਰ ਰਹੀ ਹੈ। ਇਸੇ ਤਹਿਤ ਹੀ ਸੰਸਥਾ ਵੱਲੋਂ ਸਵਰਨ ਕੌਰ ਵਾਸੀ ਧਰਮਕੋਟ ਦਾ ਯੂ.ਕੇ ਦਾ ਵਿਜ਼ਟਰ ਵੀਜ਼ਾ ਲਗਵਾ ਕੇ ਦਿੱਤਾ ਹੈ । ਸੰਸਥਾ ਦੀ ਡਾਇਰੈਕਟਰ ਹਰਪ੍ਰੀਤ ਕੌਰ ਅਰੋੜਾ ਅਤੇ ਅਮਰਿੰਦਰ ਸਿੰਘ ਸੈਂਡੀ ਨੇ ਕਿਹਾ ਕਿ ਵਿਦੇਸ਼ ਵਿੱਚ ਘੁੰਮਣ ਫਿਰਨ ਪੜ੍ਹਾਈ ਕਰਨ ਦੇ ਚਾਹਵਾਨ ਕਿਸੇ ਵੀ ਵਿਦਿਆਰਥੀ ਤੇ ਮਾਪਿਆਂ ਨੂੰ ਨਿਰਾਸ਼ ਹੋਣ ਦੀ ਲੋੜ ਨਹੀਂ ਹੈ ਕਿਉਕਿ ਸੰਸਥਾ ਵੱਲੋਂ ਬਹੁਤ ਹੀ ਵਧੀਆ ਤਰੀਕੇ ਨਾਲ ਫਾਇਲ ਤਿਆਰ ਕੀਤੀ ਜਾਂਦੀ ਹੈ ਤੇ ਵਧੀਆ ਤਰੀਕੇ ਨਾਲ ਤਿਆਰ ਕੀਤੇ ਕੇਸ ਨਾਲ ਕਿਸੇ ਨੂੰ ਵੀਜ਼ਾ ਲਗਵਾਉਣ ਵਿਚ ਮੁਸ਼ਕਿਲ ਨਹੀਂ ਆਉਂਦੀ । ਉਨ੍ਹਾਂ ਦੱਸਿਆ ਕਿ ਸੰਸਥਾ ਵਲੋਂ ਧੜਾ ਧੜ ਵੀਜ਼ੇ ਲਗਵਾਏ ਜਾ ਰਹੇ ਹਨ ਤੇ ਇਹ ਵੀਜ਼ਾ ਸਿਰਫ 6 ਦਿਨਾਂ ਵਿੱਚ ਆਇਆ ਉਨਾਂ ਨੇ ਸਵਰਨ ਕੌਰ ਨੂੰ ਵੀਜ਼ੇ ਸੌਂਪਦਿਆਂ ਵਧਾਈ ਦਿੱਤੀ ਅਤੇ ਚੰਗੇ ਭਵਿੱਖ ਦੀ ਕਾਮਨਾ ਵੀ ਕੀਤੀ, ਉਹਨਾਂ ਦੱਸਿਆ ਕਿ ਸੰਸਥਾ ਦੀ ਇੱਕੋ ਛੱਤ ਹੇਠ ਹਵਾਈ ਟਿਕਟਾਂ,



ਵੈਸਟਰਨ ਯੂਨੀਅਨ, ਆਈਲਸ, ਇੰਮੀਗ੍ਰੇਸ਼ਨ, ਪੀ.ਟੀ.ਈ, ਇੰਡੋ-ਕੈਨੇਡੀਅਨ ਬੱਸ ਬੁਕਿੰਗ ਅਤੇ ਪਾਸਪੋਰਟ ਅਪਲਾਈ ਦੀ ਸੁਵਿਧਾ ਵੀ ਦਿੱਤੀ ਜਾ ਰਹੀ ਹੈ, ਇਸ ਮੌਕੇ ਉਨ੍ਹਾਂ ਨਾਲ ਅਮਰਿੰਦਰ ਸਿੰਘ ਸੈਂਡੀ, ਮਨਜੋਤ ਕੌਰ, ਗੁਰਪ੍ਰੀਤ ਸਿੰਘ ਮਨੀ , ਸਿਮਰਜੀਤ ਕੌਰ ਤੋਂ ਇਲਾਵਾ ਸੰਸਥਾ ਦਾ ਸਮੁੱਚਾ ਸਟਾਫ ਹਾਜ਼ਰ ਸੀ।

## ਕੈਨੇਡਾ ਤੋਂ ਮੇਅਰ ਬਣ ਕੇ ਆਏ ਸਨੀ ਸਮਰਾ ਦਾ ਸਾਬਕਾ ਵਿਧਾਇਕ ਸੁਖਜੀਤ ਸਿੰਘ ਲੋਹਗੜ੍ਹ ਦੇ ਗ੍ਰਹਿ ਵਿਖੇ ਭਰਵਾਂ ਸਵਾਗਤ

### ਸਨੀ ਸਮਰਾ ਨੇ ਮੇਅਰ ਬਣ ਕੇ ਵਧਾਇਆ ਪੰਜਾਬ ਅਤੇ ਪੰਜਾਬੀਅਤ ਦਾ ਮਾਣ - ਸੁਖਜੀਤ ਸਿੰਘ ਲੋਹਗੜ/ਇਕਬਾਲ ਸਮਰਾ





**ਧਰਮਕੋਟ (ਸਤਨਾਮ ਸਿੰਘ ਘਾਰੂ/ ਰਾਜੂ ਆਹੂਜਾ):** ਹਲਕੇ ਦੇ ਨਾਮਵਰ ਸਮਰਾ ਪਰਿਵਾਰ ਦੇ ਫਰਜ਼ੰਦ ਸਨੀ ਸਮਰਾ, ਜੋ ਕਿ ਕੈਨੇਡਾ ਦੇ ਕੈਲਗਰੀ ਦੀ ਰੌਕੀ ਵਿਊ ਕਾਊਂਟੀ ਦੇ ਮੇਅਰ ਬਣੇ ਹਨ, ਆਪਣੇ ਵਤਨ ਵਾਪਸੀ ਦੌਰਾਨ ਅੱਜ ਪਹਿਲੀ ਵਾਰ ਪਿੰਡ ਲੋਹਗੜ੍ਹ ਵਿਖੇ ਪਹੁੰਚੇ। ਇਸ ਮੌਕੇ ਉਨ੍ਹਾਂ ਦਾ ਸਾਬਕਾ ਹਲਕਾ ਵਿਧਾਇਕ ਸੁਖਜੀਤ ਸਿੰਘ ਲੋਹਗੜ੍ਹ ਦੇ ਗ੍ਰਹਿ ਵਿਖੇ ਭਰਵਾਂ ਸਵਾਗਤ ਕੀਤਾ ਗਿਆ। ਇਸ ਸਮਾਗਮ ਵਿੱਚ ਸਾਬਕਾ ਵਿਧਾਇਕ ਸੁਖਜੀਤ ਸਿੰਘ ਲੋਹਗੜ੍ਹ, ਉਨ੍ਹਾਂ ਦੇ ਭਰਾ ਇਕਬਾਲ ਸਿੰਘ ਸਮਰਾ (ਯੂ.ਐਸ.ਏ) ਤੋਂ ਇਲਾਵਾ ਕਾਂਗਰਸ ਪਾਰਟੀ ਦੇ ਆਗੂਆਂ ਅਤੇ ਵਰਕਰਾਂ ਦੀ ਵੱਡੀ ਗਿਣਤੀ ਮੌਜੂਦ ਸੀ। ਸਮੂਹ ਸਮਰਾ ਪਰਿਵਾਰ ਵੱਲੋਂ ਸਨੀ ਸਮਰਾ ਨੂੰ ਮੇਅਰ ਬਣ ਕੇ ਪੰਜਾਬ ਆਉਣ 'ਤੇ ਵਧਾਈਆਂ ਦਿੱਤੀਆਂ ਗਈਆਂ। ਜ਼ਿਕਰਯੋਗ ਹੈ ਕਿ ਸਨੀ ਸਮਰਾ ਇਸ ਤੋਂ ਪਹਿਲਾਂ ਕੈਲਗਰੀ ਵਿੱਚ ਡਿਪਟੀ ਮੇਅਰ ਵਜੋਂ ਵੀ ਸੇਵਾਵਾਂ ਨਿਭਾ ਚੁੱਕੇ ਹਨ ਅਤੇ ਹੁਣ ਮੇਅਰ ਬਣ ਕੇ ਉਨ੍ਹਾਂ ਨੇ ਆਪਣੇ ਪਰਿਵਾਰ ਅਤੇ ਦੇਸ਼ ਦਾ ਨਾਮ ਰੌਸ਼ਨ ਕੀਤਾ ਹੈ। ਇਕੱਤਰਤਾ ਨੂੰ ਸੰਬੋਧਨ ਕਰਦਿਆਂ ਸਾਬਕਾ ਪ੍ਰਧਾਨ ਨਗਰ ਕੌਂਸਲ ਧਰਮਕੋਟ ਇੰਦਰਪ੍ਰੀਤ ਸਿੰਘ ਬੰਟੀ ਨੇ ਸਟੇਜ ਦੀ ਕਾਰਵਾਈ ਚਲਾਈ ਅਤੇ ਕਿਹਾ ਕਿ ਸਮਰਾ ਪਰਿਵਾਰ ਨੂੰ ਧਰਮਕੋਟ ਹਲਕੇ ਵਿੱਚ ਲੋਹਗੜ੍ਹ ਪਰਿਵਾਰ ਦੇ ਨਾਂ ਨਾਲ ਜਾਣਿਆ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਸਾਬਕਾ ਵਿਧਾਇਕ ਸੁਖਜੀਤ ਸਿੰਘ ਲੋਹਗੜ੍ਹ ਇਸ ਪਰਿਵਾਰ ਦਾ ਮਹੱਤਵਪੂਰਨ ਹਿੱਸਾ ਹਨ ਅਤੇ ਸਨੀ ਸਮਰਾ ਉਨ੍ਹਾਂ ਦੇ ਭਤੀਜੇ ਹਨ। ਇਸ ਮੌਕੇ ਸਾਬਕਾ ਵਿਧਾਇਕ ਸੁਖਜੀਤ ਸਿੰਘ ਲੋਹਗੜ੍ਹ ਅਤੇ ਇਕਬਾਲ ਸਿੰਘ ਸਮਰਾ ਨੇ ਦੱਸਿਆ ਕਿ ਸਨੀ ਸਮਰਾ ਦਾ ਪਰਿਵਾਰ ਪਿਛਲੇ ਦੋ ਦਹਾਕਿਆਂ ਤੋਂ ਕੈਨੇਡਾ ਦੇ ਕੈਲਗਰੀ ਵਿੱਚ ਵਸਦਾ ਆ ਰਿਹਾ ਹੈ। ਉਨ੍ਹਾਂ ਕਿਹਾ ਕਿ ਸਨੀ ਸਮਰਾ ਇੱਕ ਕਾਮਯਾਬ ਕਾਰੋਬਾਰੀ ਹੋਣ ਦੇ ਨਾਲ-ਨਾਲ ਉੱਥੋਂ ਦੀ ਸਿਆਸਤ ਵਿੱਚ ਵੀ ਸਰਗਰਮ ਰਹੇ ਹਨ ਅਤੇ ਮੇਅਰ ਬਣ ਕੇ ਉਨ੍ਹਾਂ ਨੇ ਸਮਰਾ ਪਰਿਵਾਰ, ਪਿੰਡ, ਜ਼ਿਲ੍ਹੇ, ਪੰਜਾਬ ਅਤੇ ਦੇਸ਼ ਦਾ ਨਾਮ ਉੱਚਾ ਕੀਤਾ ਹੈ। ਇਸ ਦੌਰਾਨ ਆਪਣੇ ਸੰਬੋਧਨ ਵਿੱਚ ਮੇਅਰ ਸਨੀ ਸਮਰਾ ਨੇ ਕਿਹਾ ਕਿ ਸਿਆਸਤ ਦੀ ਸਮਝ ਉਨ੍ਹਾਂ ਨੂੰ ਆਪਣੇ ਦਾਦਾ-ਪੜਦਾਦਾ ਅਤੇ ਆਪਣੇ ਚਾਚਾ ਸੁਖਜੀਤ ਸਿੰਘ ਲੋਹਗੜ੍ਹ ਤੋਂ ਮਿਲੀ ਹੈ, ਜੋ ਉਨ੍ਹਾਂ ਦੇ ਖ਼ੂਨ ਵਿੱਚ ਵੱਸਦੀ ਹੈ। ਉਨ੍ਹਾਂ ਕਿਹਾ ਕਿ ਕੈਨੇਡਾ ਵਰਗੇ ਦੇਸ਼ ਵਿੱਚ ਜਾ ਕੇ ਅਜਿਹਾ ਅਹੁਦਾ ਪ੍ਰਾਪਤ ਕਰਨਾ ਉਨ੍ਹਾਂ ਲਈ ਮਾਣ ਦੀ ਗੱਲ ਹੈ ਅਤੇ ਉਹ ਆਪਣੇ ਪਰਿਵਾਰ ਨਾਲ ਜੁੜੇ ਰਹਿਣ 'ਤੇ ਖ਼ੁਸ਼ਕਿਸਮਤ ਮਹਿਸੂਸ ਕਰਦੇ ਹਨ। ਉਨ੍ਹਾਂ ਸਮਾਗਮ ਵਿੱਚ ਪਹੁੰਚੇ ਸਾਰੇ ਆਗੂਆਂ ਅਤੇ ਵਰਕਰਾਂ ਦਾ ਧੰਨਵਾਦ ਕੀਤਾ, ਜੋ ਉਨ੍ਹਾਂ ਦੇ ਸਵਾਗਤ ਲਈ ਵੱਡੀ ਗਿਣਤੀ ਵਿੱਚ ਇਕੱਤਰ ਹੋਏ। ਇਸ ਮੌਕੇ ਸਨੀ ਸਮਰਾ ਲੋਹਗੜ੍ਹ ਦੇ ਨਾਲ ਉਹਨਾਂ ਦੇ ਪਿਤਾ ਰਣਦੀਪ ਸਿੰਘ ਸਮਰਾ ਸਪੁੱਤਰ ਸਵ. ਰਤਨ ਸਿੰਘ ਲੋਹਗੜ੍ਹ ਸਾਬਕਾ ਵਿਧਾਇਕ, ਇਕਬਾਲ ਸਿੰਘ ਸਮਰਾ, ਰਣਜੀਤ ਸਿੰਘ ਸਮਰਾ, ਸੋਹਣਾ ਖੇਲਾ ਜਲਾਲਾਬਾਦ ਜ਼ਿਲ੍ਹਾ ਪ੍ਰਧਾਨ ਯੂਥ ਕਾਂਗਰਸ ਮੋਗਾ, ਇੰਦਰਪ੍ਰੀਤ ਸਿੰਘ ਬੰਟੀ ਸਾਬਕਾ ਪ੍ਰਧਾਨ ਨਗਰ ਕੌਂਸਲ ਧਰਮਕੋਟ, ਸੁਧੀਰ ਕੁਮਾਰ ਗੋਇਲ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਧਰਮਕੋਟ, ਚੇਅਰਮੈਨ ਬਲਤੇਜ ਸਿੰਘ ਗਿੱਲ, ਸਰਪੰਚ ਹਰਪ੍ਰੀਤ ਸਿੰਘ ਸ਼ੇਰੇਵਾਲਾ, ਮਨਪ੍ਰੀਤ ਸਿੰਘ ਨੀਟਾ, ਪਰਮਜੀਤ ਕੌਰ ਕਪੂਰੇ, ਸੰਦੀਪ ਸਿੰਘ ਸੰਧੂ, ਸੰਜੀਵ ਕੋਛੜ, ਸਾਬਕਾ ਸਰਪੰਚ ਸਰਬਪ੍ਰੀਤ ਸਿੰਘ ਚਾਂਬ, ਅਵਤਾਰ ਸਿੰਘ ਪੀਏ, ਰਾਜਵਿੰਦਰ ਸਿੰਘ ਕੜਾਹੇ ਵਾਲਾ, ਗੁਰਪਿੰਦਰ ਸਿੰਘ ਚਾਹਲ, ਧੀਰਜ ਕੁਮਾਰ ਗਰੋਵਰ, ਨਿਰਮਲ ਸਿੰਘ ਸਿੱਧੂ, ਜਸ ਕੰਗ ਰਾਊਵਾਲਾ, ਲੱਕੀ ਸ਼ਰਮਾ, ਗੁਰਚਰਨ ਸਿੰਘ ਠੂਠਗੜ੍ਹ, ਗੁਰਮੇਜ ਸਿੰਘ ਠੂਠਗੜ੍ਹ, ਸਾਬਕਾ ਸਰਪੰਚ ਜਗਸੀਰ ਸਿੰਘ ਭਿੰਡਰ ਖ਼ੁਰਦ, ਜਤਿੰਦਰ ਖੁਲਰ, ਬੰਟੀ ਕਾਠਪਾਲ ਤੋਂ ਇਲਾਵਾ ਇਲਾਕੇ ਭਰ ਤੋਂ ਮੋਹਤਬਰ ਸੱਜਣ ਹਾਜ਼ਰ ਸਨ।

## ਕੰਸਟਰੱਕਸ਼ਨ ਵਰਕਰਜ਼ ਯੂਨੀਅਨ (ਏਟਕ) ਵੱਲੋਂ ਪ੍ਰਿੰਸੀਪਲ ਸੈਕਟਰੀ (ਲੇਬਰ) ਖਿਲਾ.ਫ 27 ਮਾਰਚ ਨੂੰ ਸੂਬਾ ਪੱਧਰੀ ਧਰਨਾ ਦੇਣ ਦਾ ਐਲਾਨ

### ਚੰਡੀਗੜ੍ਹ ਵਿਖੇ ਪ੍ਰਿੰਸੀਪਲ ਸੈਕਟਰੀ ਖ਼ਿਲਾ.ਫ ਦਿੱਤੇ ਜਾ ਰਹੇ ਧਰਨੇ ਲਈ ਕੀਤੀ ਗਈ ਸੂਬਾ ਪੱਧਰੀ ਮੀਟਿੰਗ

**ਜਲਾਲਾਬਾਦ 18 ਮਾਰਚ (ਗਗਨ ਵਾਟਸ)** :-ਪੰਜਾਬ ਲੇਬਰ ਵਿਭਾਗ ਦੇ ਪ੍ਰਿੰਸੀਪਲ ਸੈਕਟਰੀ ਅਤੇ ਬਿਲਡਿੰਗ ਐਂਡ ਅੰਦਰ ਕੰਸਟਰੱਕਸ਼ਨ ਵੈੱਲਫੇਅਰ ਬੋਰਡ ਦੇ ਸੈਕਟਰੀ ਵੱਲੋਂ ਬੋਰਡ ਦੇ ਮੈਂਬਰਾਂ ਨਾਲ ਮੀਟਿੰਗ ਕਰਨ ਤੋਂ ਬਿਨਾਂ ਕਿਰਤੀਆਂ ਦੀ ਭਲਾਈ ਦੀ ਬਜਾਏ, ਉਹਨਾਂ ਦੇ ਖਿਲਾਫ਼ ਆਪ ਹੁਦਰੇ ਲਏ ਜਾ ਰਹੇ ਫੈਸਲਿਆਂ ਦਾ ਕੰਸਟਰੱਕਸ਼ਨ ਵਰਕਰਜ਼ ਐਂਡ ਲੇਬਰ ਯੂਨੀਅਨ ਏਟਕ ਪੰਜਾਬ (ਰਜਿ:) ਨੇ ਸਖ਼ਤ ਨੋਟਿਸ ਲੈਂਦਿਆਂ ਪੰਜਾਬ ਦੇ ਲੇਬਰ ਡਿਪਾਰਟਮੈਂਟ ਦੇ ਪ੍ਰਿੰਸੀਪਲ ਸਕੱਤਰ ਖਿਲਾਫ਼ ਸੂਬਾ ਪੱਧਰੀ ਸੰਘਰਸ਼ ਵਿੱਢਣ ਦਾ ਐਲਾਨ ਕੀਤਾ ਹੈ। ਯੂਨੀਅਨ ਦੀ ਆਨਲਾਈਨ ਹੋਈ ਸੂਬਾ ਪੱਧਰੀ ਹੰਗਾਮੀ ਮੀਟਿੰਗ ਚ ਲਏ ਗਏ ਫੈਸਲੇ ਸਬੰਧੀ ਪ੍ਰੈਸ ਦੇ ਨਾਂਅ ਜਾਰੀ ਕੀਤੇ ਬਿਆਨ ਰਾਹੀਂ ਯੂਨੀਅਨ ਦੇ ਸੂਬਾ ਜਨਰਲ ਸਕੱਤਰ ਸਾਥੀ ਸੁਖਦੇਵ ਸ਼ਰਮਾ, ਪ੍ਰਧਾਨ ਬੋਹੜ ਸਿੰਘ ਸੁਖਨਾ,ਮੀਤ ਪ੍ਰਧਾਨ ਇਕਬਾਲ ਸਿੰਘ ਤਖਾਣਵੱਧ,ਡਿਪਟੀ ਜਨਰਲ ਸਕੱਤਰ ਐਡਵੋਕੇਟ ਪਰਮਜੀਤ ਢਾਬਾਂ ਅਤੇ ਏਟਕ ਦੇ ਜਥੇਬੰਦਕ ਸਕੱਤਰ ਸਾਥੀ ਮਨਿੰਦਰ ਸਿੰਘ ਭਾਟੀਆ ਨੇ ਜਾਣਕਾਰੀ ਦਿੰਦਿਆਂ ਦੱਸਿਆ ਹੈ ਕਿ ਲੇਬਰ ਡਿਪਾਰਟਮੈਂਟ ਦੇ ਪ੍ਰਿੰਸੀਪਲ ਸੈਕਟਰੀ ਵੱਲੋਂ ਬੋਰਡ ਵਿੱਚ ਨਿਯੁਕਤ ਕੀਤੇ ਹੋਏ ਨੁਮਾਇੰਦਿਆਂ ਨਾਲ ਮੀਟਿੰਗ ਕਰਨ ਤੋਂ ਬਿਨਾਂ ਆਪਣੀ ਮਰਜ਼ੀ ਨਾਲ ਨਵੇਂ ਨਿਯਮ ਬਣਾ ਕੇ ਆਪ ਹੁਦਰਾ ਸ਼ਾਹੀ ਫ਼ਰਮਾਨ ਜਾਰੀ ਕਰਦਿਆਂ ਫੈਸਲੇ ਲਏ ਜਾ ਰਹੇ ਹਨ, ਜੋ ਕਿ ਕਿਸੇ ਵੀ ਤਰ੍ਹਾਂ ਕਿਰਤੀਆਂ ਦੇ ਹੱਕ ਵਿੱਚ



ਭੁਗਤਦੇ ਨਜ਼ਰ ਨਹੀਂ ਆ ਰਹੇ। ਇਸ ਕਰਕੇ ਯੂਨੀਅਨ ਵੱਲੋਂ ਪ੍ਰਿੰਸੀਪਲ ਸੈਕਟਰੀ ਖਿਲਾਫ਼ 27 ਮਾਰਚ ਦਿਨ ਸ਼ੁਕਰਵਾਰ ਨੂੰ ਚੰਡੀਗੜ੍ਹ ਸਥਿਤ ਕਿਰਤ ਭਵਨ ਸਾਹਮਣੇ ਸੂਬਾ ਪੱਧਰੀ ਧਰਨਾ ਦੇਣ ਦਾ ਫੈਸਲਾ ਕੀਤਾ ਹੈ। ਜਾਰੀ ਬਿਆਨ ਵਿੱਚ ਆਗੂਆਂ ਨੇ ਅੱਗੇ ਦੱਸਿਆ ਕਿ ਕਿਰਤ ਵਿਭਾਗ ਵੱਲੋਂ ਐਕਸ ਗਰੇਸ਼ੀਆ ਸਕੀਮ ਨੂੰ ਮਨਜ਼ੂਰੀ ਨਾ ਦੇਣਾ,ਐਲਟੀਸੀ ਨੂੰ ਲਗਭਗ ਖਤਮ ਕਰਨ ਕਿਨਾਰੇ ਲੈ ਕੇ ਆਉਣਾ,ਸਰਜਰੀ ਦੇ ਬਕਾਇਆ ਰਕਮ ਨੂੰ ਸਿਹਤ ਬੀਮਾ ਨਾਲ ਜੋੜ ਕੇ ਕਿਰਤੀਆਂ ਨੂੰ ਨਜਾਇਜ਼ ਤੌਰ ਤੇ ਤੰਗ ਪਰੇਸ਼ਾਨ ਕਰਨਾ, ਦੇਸ਼ ਨੂੰ ਉਸਾਰਨ ਵਿੱਚ ਜ਼ਿੰਦਗੀ ਭਰ ਆਪਣੀਆਂ ਸਵਾਵਾਂ ਦੇਣ ਵਾਲੇ ਕਿਰਤੀਆਂ ਨੂੰ ਪੈਨਸ਼ਨ ਦੇਣ ਲਈ ਵੱਖ-ਵੱਖ ਸਮਾਂ ਸ੍ਰੇਣੀਆਂ ਵਿੱਚ ਵੰਡ ਕੇ ਪੈਨਸ਼ਨ ਨੂੰ ਘਟਾ ਕੇ ਦੇਣ ਦਾ ਫੈਸਲਾ ਕਰਨਾ ਕਿਰਤੀਆਂ ਤੇ ਵੱਡਾ ਆਰਥਿਕ ਹਮਲਾ ਹੈ, ਜਿਸ ਨੂੰ ਕਿਸੇ ਵੀ ਕੀਮਤ ਤੇ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਸੂਬਾ ਪੱਧਰੀ ਹੋਈ ਮੀਟਿੰਗ ਵਿੱਚ ਲੁਧਿਆਣਾ ਤੋਂ ਸਾਥੀ ਮਨਿੰਦਰ ਸਿੰਘ ਭਾਟੀਆ,ਸ੍ਰੀ ਅੰਮ੍ਰਿਤਸਰ ਸਾਹਿਬ ਤੋਂ ਰਣਜੀਤ ਸਿੰਘ, ਤਰਨ ਤਾਰਨ ਤੋਂ ਗੁਰਦਿਆਲ ਸਿੰਘ ਖੰਡੂਰ ਸਾਹਿਬ, ਮੋਗਾ ਤੋਂ ਇਕਬਾਲ ਤਖਾਣਵੱਧ,ਡਾਕਟਰ ਇੰਦਰਬੀਰ ਗਿੱਲ,ਪਟਿਆਲਾ ਤੋਂ ਕਸ਼ਮੀਰ ਸਿੰਘ ਗਦਾਈਆ, ਸੰਗਰੂਰ ਤੋਂ ਲੀਲੇ ਖਾਂ, ਪ੍ਰਦੀਪ ਚੀਮਾ,ਬਰਨਾਲਾ ਤੋਂ ਖੁਸ਼ਿਆ ਸਿੰਘ, ਫਰੀਦਕੋਟ ਤੋਂ ਚਰਨਜੀਤ ਸਿੰਘ ਚਮੇਲੀ ਫਿਰੋਜ਼ਪੁਰ ਤੋਂ ਚਰਨਜੀਤ ਛਾਂਗਾਰਾਏ, ਫਾਜ਼ਿਲਕਾ ਤੋਂ ਜੰਮੂਰਾਮ ਬਨ ਵਾਲਾ ਅਤੇ ਸੋਨਾ ਸਿੰਘ ਧੁਨਕੀਆਂ ਹਾਜ਼ਰ ਹੋਏ। ਇਸ ਮੀਟਿੰਗ ਵਿੱਚ ਸੂਬਾ ਪੱਧਰੀ ਲਗਾਏ ਜਾ ਰਹੇ ਧਰਨੇ ਵਿੱਚ ਜ਼ਿਲ੍ਹੇ ਵਾਈਜ ਕੋਟੇ ਦੀ ਵੰਡ ਕੀਤੀ ਗਈ ਅਤੇ ਇਸ ਧਰਨੇ ਨੂੰ ਕਾਮਯਾਬ ਬਣਾਉਣ ਲਈ ਆਗੂਆਂ ਦੀਆਂ ਡਿਊਟੀਆਂ ਲਗਾਈਆਂ ਗਈਆਂ।

## ਗੀਤਕਾਰ ਗੁਰਮੀਤ ਸਿੰਘ ਮੱਲੀ ਸਲਾਹਕਾਰ ਨਿਯੁਕਤ



**ਰੋਮ (ਇਟਲੀ) 18ਮਾਰਚ, ਮਨਜੀਤ ਕੌਰ ਜਗਤਪੁਰ** - ਨਾਮਵਰ ਗੀਤਕਾਰ ਗੁਰਮੀਤ ਸਿੰਘ ਮੱਲੀ ਜੋ ਇਟਲੀ ਦੇ ਜਿਲਾ ਰੀਜੋਇਮੀਲੀਆ ਵਿੱਚ ਲੰਬੇ ਸਮੇਂ ਤੋਂ ਰਹਿ ਰਹੇ ਹਨ ਜਿੱਥੇ ਉਸਦੇ ਗੀਤਾਂ ਨੂੰ ਸਰੋਤਿਆਂ ਵੱਲੋਂ ਪਸੰਦ ਕੀਤਾ ਜਾ ਰਿਹਾ ਹੈ , ਉੱਥੇ ਉਹ ਪੰਜਾਬ ਪੰਜਾਬੀ ਅਤੇ ਪੰਜਾਬੀਅਤ ਦਾ ਝੰਡਾ ਬਰਦਾਰ ਕਰਨ ਵਿੱਚ ਵੀ ਆਪਣਾ ਵਿਲੱਖਣ ਯੋਗਦਾਨ ਪਾ ਰਹੇ ਹਨ। ਇਟਲੀ ਦੀ ਇੱਕ ਸੰਸਥਾ ਵੱਲੋਂ ਉਹਨਾਂ ਨੂੰ ਸਲਾਹਕਾਰ ਨਿਯੁਕਤ ਕੀਤਾ ਗਿਆ ਹੈ । ਉਹਨਾਂ ਦੀ ਨਿਯੁਕਤੀ ਤੇ ਖੁਸ਼ੀ ਦਾ ਪ੍ਰਗਟਾਵਾ ਕਰਦੇ ਗਾਇਕ ਸੋਢੀ ਮੱਲ ਨੇ ਕਿਹਾ ਕਿ ਇਹ ਨਿਯੁਕਤੀ ਵਿਦੇਸ਼ਾਂ ਵਿੱਚ ਪੰਜਾਬੀ ਮਾਂ - ਬੋਲੀ ਦੀ ਪ੍ਰਫੁੱਲਤਾ ਹਿੱਤ ਸਾਰਥਿਕ ਸਿੱਧ ਹੋਵੇਗੀ।

## ਮਨਪ੍ਰੀਤ ਸਿੰਘ ਢਿੱਲੋਂ ਨੇ 40 + ਉਮਰ ਵਰਗ ਵਿੱਚ ਨੈਸ਼ਨਲ ਗੇਮ ਵਿੱਚ ਸਿਲਵਰ ਮੈਡਲ ਲੈ ਕੇ ਆਪਣੇ ਪਿੰਡ ਬਾਠਾਂ ਅਤੇ ਜ਼ਿਲ੍ਹਾ ਮਲੇਰਕੋਟਲਾ ਦਾ ਨਾਂ ਰੌਸ਼ਨ ਕੀਤਾ




**ਅਮਰਗੜ੍ਹ 18 ਮਾਰਚ (ਗੁਰਬਾਜ ਸਿੰਘ ਬੈਨੀਪਾਲ)** ਪਿੰਡ ਵਿੱਚ ਖੇਤੀਬਾੜੀ ਕਰਨ ਦੇ ਨਾਲ ਨਾਲ ਹਰ ਰੋਜ਼ ਦੌੜ ਲਗਾ ਕੇ ਮਨਪ੍ਰੀਤ ਸਿੰਘ ਬਾਠਾਂ ਨੇ ਪਹਿਲਾਂ ਵੀ ਕਈ ਥਾਵਾਂ ਤੋਂ ਮੈਡਲ ਜਿੱਤੇ ਹਨ। ਇਸ ਵਾਰ 45ਵੀਂ ਨੈਸ਼ਨਲ ਵੈਟਰਨ ਅਥਲੈਟਿਕ ਚੈਂਪੀਅਨਸ਼ਿਪ 2026 ਜੋ ਕਿ ਗੁਰੂ ਕਾਸ਼ੀ ਯੂਨੀਵਰਸਿਟੀ ਤਲਵੰਡੀ ਸਾਬੋ ਬਠਿੰਡਾ ਵਿਖੇ ਮਿਤੀ 14 ਮਾਰਚ 2026 ਤੋਂ 16 ਮਾਰਚ 2026 ਤੱਕ ਕਰਵਾਈ ਗਈ। ਜਿਸ ਵਿੱਚ ਮਨਪ੍ਰੀਤ ਸਿੰਘ ਢਿੱਲੋਂ ਨੇ 40 + ਉਮਰ ਵਰਗ ਵਿੱਚ ਨੈਸ਼ਨਲ ਗੇਮ ਵਿੱਚ ਸਿਲਵਰ ਮੈਡਲ ਲੈ ਕੇ ਆਪਣੇ ਪਿੰਡ ਬਾਠਾਂ ਅਤੇ ਜ਼ਿਲ੍ਹਾ ਮਲੇਰਕੋਟਲਾ ਦਾ ਨਾਂ ਰੌਸ਼ਨ ਕੀਤਾ । ਉਨ੍ਹਾਂ 5 ਕਿਲੋਮੀਟਰ ਵਾਕ ਤੇ 200 ਮੀਟਰ ਹਡਲ ਰੇਸ ਵਿੱਚੋਂ ਸਿਲਵਰ ਮੈਡਲ ਲਿਆ।

# ਸਿੱਖਿਆ ਨੀਤੀ ਰੱਦ ਕਰਵਾਉਣ ਲਈ 25 ਮਾਰਚ ਨੂੰ ਪੀਐੱਸਯੂ ਕਰੇਗੀ ਸੰਧਵਾਂ ਦਾ ਘਿਰਾਓ !

## 25 ਮਾਰਚ ਦੇ ਸਪੀਕਰ ਨਿਵਾਸ ਦੇ ਘਿਰਾਓ ਦੀਆਂ ਤਿਆਰੀਆਂ ਨੂੰ ਲੈ ਕੇ ਬ੍ਰਿਜਿੰਦਰਾ ਕਾਲਜ 'ਚ ਨਾਟਕ ਰਾਹੀਂ ਹੋਕਾ

**ਕੋਟਕਪੂਰਾ, 18 ਮਾਰਚ (ਟਿੰਕੂ ਕੁਮਾਰ)** ਸੂਬਿਆਂ ਦੇ ਵੱਧ ਅਧਿਕਾਰਾਂ, ਸਿੱਖਿਆ ਨੂੰ ਰਾਜ ਸੂਚੀ 'ਚ ਸ਼ਾਮਲ ਕਰਵਾਉਣ ਅਤੇ ਪੰਜਾਬ ਦੇ ਨੌਜਵਾਨਾਂ ਲਈ 90 ਫੀਸਦੀ ਨੌਕਰੀਆਂ ਰਾਖਵੀਆਂ ਕਰਵਾਉਣ ਵਰਗੀਆਂ ਭਖਦੀਆਂ ਮੰਗਾਂ ਨੂੰ ਲੈ ਕੇ ਪੰਜਾਬ ਸਟੂਡੈਂਟਸ ਯੂਨੀਅਨ ਵੱਲੋਂ 25 ਮਾਰਚ ਨੂੰ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਦੇ ਘਰ ਅੱਗੇ ਕੀਤੇ ਜਾ ਰਹੇ ਰੋਸ ਪ੍ਰਦਰਸ਼ਨ ਦੀਆਂ ਤਿਆਰੀਆਂ ਪੂਰੇ ਜ਼ੋਰਾਂ 'ਤੇ ਹਨ। ਇਸੇ ਲੜੀ ਤਹਿਤ ਅੱਜ ਸਥਾਨਕ ਸਰਕਾਰੀ ਬ੍ਰਿਜਿੰਦਰਾ ਕਾਲਜ ਫ਼ਰੀਦਕੋਟ ਵਿਖੇ ਵਿਦਿਆਰਥੀਆਂ ਦੇ ਵੱਡੇ ਇਕੱਠ ਵਿੱਚ ਇਨਕਲਾਬੀ ਨਾਟਕ ਖੇਡਿਆ ਗਿਆ ਅਤੇ 25 ਮਾਰਚ ਦੇ ਘਿਰਾਓ ਦਾ ਹੋਕਾ ਦਿੱਤਾ ਗਿਆ। ?ਇਸ ਮੌਕੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਪੀ ਐਸ ਯੂ ਦੇ ਸੂਬਾ ਆਗੂ ਹਰਵੀਰ ਗੰਧੜ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਵੱਲੋਂ 'ਨਵੀਂ ਸਿੱਖਿਆ ਨੀਤੀ' ਰਾਹੀਂ ਸਿੱਖਿਆ ਦਾ ਭਗਵਾਂਕਰਨ ਅਤੇ ਵਪਾਰੀਕਰਨ ਕੀਤਾ ਜਾ ਰਿਹਾ ਹੈ। ਉਨ੍ਹਾਂ



ਕਿਹਾ ਕਿ ਸਿੱਖਿਆ ਨੂੰ ਮੁੜ ਰਾਜ ਸੂਚੀ ਵਿੱਚ ਲਿਆਉਣਾ ਲਾਜ਼ਮੀ ਹੈ ਤਾਂ ਜੋ ਪੰਜਾਬ ਆਪਣੇ ਸੱਭਿਆਚਾਰ ਅਤੇ ਲੋੜਾਂ ਅਨੁਸਾਰ ਆਪਣੀ ਸਿੱਖਿਆ ਨੀਤੀ ਖੁਦ ਤਿਆਰ ਕਰ ਸਕੇ। ਓਹਨਾ ਅੱਗੇ ਬੋਲਦਿਆਂ ਕਿਹਾ ਕਿ ਅੱਜ ਪੰਜਾਬ ਦਾ ਪੜ੍ਹਿ ਆ- ਲਿਖਿਆ ਨੌਜਵਾਨ ਡਿਗਰੀਆਂ ਹੱਥਾਂ ਵਿੱਚ ਫੜ ਕੇ ਦਰ-ਦਰ ਦੀਆਂ ਠੋਕਰਾਂ ਖਾਣ ਲਈ ਮਜਬੂਰ ਹੈ, ਜਦਕਿ ਸੂਬੇ ਦੇ ਵਸੀਲਿਆਂ ਅਤੇ ਨੌਕਰੀਆਂ 'ਤੇ ਬਾਹਰਲੇ ਰਾਜਾਂ ਦੇ ਲੋਕ ਕਾਬਜ਼ ਹੋ ਰਹੇ ਹਨ। ਜਥੇਬੰਦੀ ਨੇ ਪੁਰਜ਼ੋਰ ਮੰਗ ਕੀਤੀ ਕਿ ਪੰਜਾਬ ਦੇ ਵਸਨੀਕਾਂ ਦੇ ਭਵਿੱਖ ਨੂੰ ਸੁਰੱਖਿਅਤ ਕਰਨ ਲਈ ਸੂਬੇ ਦੀਆਂ ਸਮੁੱਚੀਆਂ ਸਰਕਾਰੀ ਅਤੇ ਗੈਰ-ਸਰਕਾਰੀ ਨੌਕਰੀਆਂ ਵਿੱਚ 90 ਫੀਸਦੀ ਰਾਖਵਾਂਕਰਨ ਦਾ ਕਾਨੂੰਨ ਤੁਰੰਤ ਪਾਸ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਹਰਿਆਣਾ ਅਤੇ ਹੋਰ ਸੂਬਿਆਂ ਦੀ ਤਰਜ਼ 'ਤੇ ਪੰਜਾਬ ਵਿੱਚ ਵੀ ਸਥਾਨਕ ਨੌਜਵਾਨਾਂ ਨੂੰ ਪਹਿਲ ਦੇਣੀ ਲਾਜ਼ਮੀ ਹੈ ਤਾਂ ਜੋ ਪੰਜਾਬ ਦੀ ਜਵਾਨੀ ਨੂੰ ਹਿਜਰਤ ਕਰਨ ਅਤੇ ਨਸ਼ਿਆਂ ਦੀ ਦਲਦਲ ਵਿੱਚ ਫਸਣ ਤੋਂ ਬਚਾਇਆ ਜਾ ਸਕੇ। ਪੰਜਾਬ ਸਟੂਡੈਂਟਸ ਯੂਨੀਅਨ ਦੇ ਜ਼ਿਲਾ ਆਗੂ ਸੁਖਬੀਰ ਕੋਠੇ ਹਜ਼ੂਰਾ ਨੇ ਬੋਲਦਿਆਂ ਕਿਹਾ ਕਿ ਪੰਜਾਬ ਵਿੱਚ ਲਗਾਤਾਰ ਨਸ਼ਿਆਂ ਅਤੇ ਗੈਂਗਸਟਰਵਾਦ ਨੂੰ ਉਤਸ਼ਾਹ ਦਿੱਤਾ ਜਾ ਰਿਹਾ ਹੈ। ਗਾਣੇ ਫ਼ਿਲਮਾਂ ਵੀ ਨੌਜਵਾਨਾਂ ਨੂੰ ਨਸ਼ਿਆਂ ਅਤੇ ਹਥਿਆਰਾਂ ਵਾਲੇ ਪਾਸੇ ਪ੍ਰੇਰਿਤ ਕਰ ਰਹੇ ਹਨ। ਜਿਸ ਕਰਕੇ ਨੌਜਵਾਨ ਕੁਰਾਹੇ ਪਏ ਹੋਏ ਹਨ। ਨੌਜਵਾਨਾ ਨੂੰ ਸਹੀ ਪਾਸੇ ਲਾਉਣ ਦੀ ਥਾਂ ਸਰਕਾਰ ਉਹਨਾਂ ਭਟਕੇ ਹੋਏ ਨੌਜਵਾਨਾਂ ਦੇ ਝੂਠੇ ਪੁਲਿਸ ਮੁਕਾਬਲੇ ਬਣਾ ਕੇ ਕਤਲ ਕਰ ਰਹੀ ਹੈ। ਓਹਨਾ ਮੰਗ ਕੀਤੀ ਕਿ ਪੰਜਾਬ ਵਿੱਚ ਕੀਤਾ ਜਾ ਰਿਹਾ ਨੌਜਵਾਨੀ ਦਾ ਇਹ ਘਾਣ ਤੁਰੰਤ ਬੰਦ ਹੋਣਾ ਚਾਹੀਦਾ ਹੈ ਅਤੇ ਪੰਜਾਬ ਵਿੱਚ ਹੋਏ ਝੂਠੇ ਪੁਲਿਸ ਮੁਕਾਬਲਿਆਂ ਦੀ ਅਦਾਲਤੀ ਜਾਂਚ ਹੋਣੀ ਚਾਹੀਦੀ ਹੈ। ਇਸ ਮੌਕੇ ਜਥੇਬੰਦੀ ਦੇ ਆਗੂਆਂ ਨੇ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਗਿਣਤੀ ਵਿੱਚ ਜਥੇਬੰਦ ਹੋ ਕੇ 25 ਮਾਰਚ, ਦਿਨ ਬੁੱਧਵਾਰ ਨੂੰ ਰੋਸ ਪ੍ਰਦਰਸ਼ਨ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ।

# ਪੰਜਾਬੀ ਲੋਕ ਗਾਇਕਾ ਸੁਰਮਨੀ ਦਾ 21 ਮਾਰਚ ਨੂੰ ਅਕਾਲੀਆਂਵਾਲਾ ਵਿਖੇ ਹੋਵੇਗਾ ਵਿਸ਼ੇਸ਼ ਸਨਮਾਨ

**ਧਰਮਕੋਟ, 18 ਮਾਰਚ (ਸਤਨਾਮ ਸਿੰਘ ਘਾਰੂ)** ਜ਼ਿਲ੍ਹਾ ਮੋਗਾ ਦੇ ਪ੍ਰਸਿੱਧ ਪਿੰਡ ਅਕਾਲੀਆਂਵਾਲਾ ਵਿੱਚ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ 22ਵਾਂ ਕੰਨਿਆ ਦਾਨ ਸਮਾਗਮ 21 ਮਾਰਚ ਦਿਨ ਸ਼ਨੀਵਾਰ ਨੂੰ ਸਰਕਾਰੀ ਪ੍ਰਾਇਮਰੀ ਸਕੂਲ ਵਿਖੇ ਬੜੇ ਹੀ ਧੂਮਧਾਮ ਅਤੇ ਉਤਸ਼ਾਹ ਨਾਲ ਕਰਵਾਇਆ ਜਾ ਰਿਹਾ ਹੈ। ਇਹ ਸਮਾਗਮ ਪ੍ਰਵਾਸੀ ਭਾਰਤੀਆਂ, ਯੂਥ ਵੈਲਫੇਅਰ ਕਲੱਬ, ਗਰਾਮ ਪੰਚਾਇਤ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਾਂਝੇ ਸਹਿਯੋਗ ਨਾਲ ਆਯੋਜਿਤ ਕੀਤਾ ਜਾ ਰਿਹਾ ਹੈ। ਸਮਾਗਮ ਸਬੰਧੀ ਜਾਣਕਾਰੀ



ਦਿੰਦਿਆਂ ਪੱਤਰਕਾਰ ਦਵਿੰਦਰ ਸਿੰਘ ਅਕਾਲੀਆਂਵਾਲਾ, ਪ੍ਰਗਟ ਸਿੰਘ ਭੁੱਲਰ, ਨੰਬਰਦਾਰ ਬਲਵੀਰ ਸਿੰਘ ਉੱਪਲ, ਪ੍ਰਧਾਨ ਹਰਜਿੰਦਰ ਸਿੰਘ ਫੌਜੀ, ਮਾਸਟਰ ਸੁਰਜੀਤ ਸਿੰਘ ਅਤੇ ਸੇਵਾ ਮੁਕਤ ਥਾਣੇਦਾਰ ਬਲਵਿੰਦਰ ਸਿੰਘ ਇੰਦਗੜ੍ਹ ਨੇ ਦੱਸਿਆ ਕਿ ਇਸ ਸਮਾਗਮ ਦੌਰਾਨ 17 ਲੋੜਵੰਦ ਧੀਆਂ ਦੇ ਵਿਆਹ ਸਮੂਹਕ ਤੌਰ 'ਤੇ ਕਰਵਾਏ ਜਾਣਗੇ। ਇਸ ਉਪਰਾਲੇ ਦਾ ਮੁੱਖ ਉਦੇਸ਼ ਸਮਾਜਿਕ ਭਲਾਈ ਨੂੰ ਉਤਸ਼ਾਹਿਤ ਕਰਨਾ ਅਤੇ ਲੋੜਵੰਦ ਪਰਿਵਾਰਾਂ ਦੀ ਮਦਦ ਕਰਨਾ ਹੈ। ਉਨ੍ਹਾਂ ਦੱਸਿਆ ਕਿ ਸਮਾਗਮ ਦੌਰਾਨ ਪੰਜਾਬ ਦੇ ਪ੍ਰਸਿੱਧ ਗੀਤਕਾਰ ਸੰਗਦਿਲ ਸੰਤਾਲੀ, ਗਾਇਕ ਗਿੱਲ ਕਮਲ, ਨੀਲਮ ਭਿੰਡਰ, ਜਰਨੈਲ ਰੱਤੋਕੇ, ਜਸਲੀਨ ਬੇਗਮ ਅਤੇ ਖਾਸ ਤੌਰ 'ਤੇ ਪੰਜਾਬੀ ਲੋਕ ਗਾਇਕਾ ਸੁਰਮਨੀ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਜਾਵੇਗਾ। ਇਸ ਮੌਕੇ ਨਵਵਿਆਹੇ ਜੋੜਿਆਂ ਨੂੰ ਘਰੇਲੂ ਵਰਤੋਂ ਵਿੱਚ ਆਉਣ ਵਾਲਾ ਜ਼ਰੂਰੀ ਸਮਾਨ ਵੀ ਭੇਟ ਕੀਤਾ ਜਾਵੇਗਾ, ਜਿਸ ਨਾਲ ਉਹ ਆਪਣੀ ਨਵੀਂ ਜ਼ਿੰਦਗੀ ਦੀ ਸ਼ੁਰੂਆਤ ਸੁਖਦਾਈ ਢੰਗ ਨਾਲ ਕਰ ਸਕਣ। ਇਸ ਤੋਂ ਇਲਾਵਾ, ਕੰਨਿਆਦਾਨ ਯੱਗ ਵਿੱਚ ਯੋਗਦਾਨ ਪਾਉਣ ਵਾਲੀਆਂ ਸ਼ਖ਼ਸੀਅਤਾਂ ਨੂੰ ਵੀ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਜਾਵੇਗਾ। ਸਮਾਗਮ ਦੇ ਅੰਤ ਵਿੱਚ ਸ਼ਗਨ ਜਾਗੋ ਗਰੁੱਪ ਭਿੰਡਰਕਲਾਂ ਵੱਲੋਂ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕਰਕੇ ਹਾਜ਼ਰੀਨ ਦਾ ਮਨੋਰੰਜਨ ਕੀਤਾ ਜਾਵੇਗਾ।

ਪਿੰਡ ਵਾਸੀਆਂ ਅਤੇ ਆਯੋਜਕਾਂ ਵੱਲੋਂ ਇਲਾਕੇ ਦੇ ਲੋਕਾਂ ਨੂੰ ਵੱਡੀ ਗਿਣਤੀ ਵਿੱਚ ਪਹੁੰਚ ਕੇ ਇਸ ਸਮਾਜ ਸੇਵੀ ਸਮਾਗਮ ਦਾ ਹਿੱਸਾ ਬਣਨ ਦੀ ਅਪੀਲ ਕੀਤੀ ਗਈ ਹੈ।

# ਸੰਸਥਾ ਮਾਨਵਤਾ ਫਾਊਂਡੇਸ਼ਨ ਨੇ ਮਾਨਸਿਕ ਰੋਗੀ ਨੂੰ ਸ਼ਕਤੀ ਅਨਾਥ ਆਸ਼ਰਮ ਭੇਜਿਆ



**ਸ੍ਰੀ ਮੁਕਤਸਰ ਸਾਹਿਬ, 18 ਮਾਰਚ (ਮਾਲਵਾ ਬਾਣੀ)** ਮਾਨਵਤਾ ਦੀ ਭਲਾਈ ਨੂੰ ਸਮਰਪਿਤ ਔਰਤਾਂ, ਬੱਚਿਆਂ ਅਤੇ ਬਜ਼ੁਰਗਾਂ ਦੀ ਸੇਵਾ ਸੰਭਾਲ ਲਈ ਇਥੋਂ ਦੀ ਨਾਮਵਰ ਸੰਸਥਾ ਮਾਨਵਤਾ ਫਾਊਂਡੇਸ਼ਨ ਦੇ ਚੇਅਰਮੈਨ ਡਾ. ਨਰੇਸ਼ ਪਰੂਥੀ ਜੀ ਨੂੰ ਇੱਕ ਵਿਅਕਤੀ ਦਾ ਫੋਨ ਆਇਆ ਕੀ ਅਤੇ ਉਹਨਾਂ ਵੱਲੋਂ ਸੂਚਨਾ ਦਿੱਤੀ ਗਈ ਕਿ ਇੱਕ ਵਿਅਕਤੀ ਜੋ ਕਿ ਆਪਣਾ ਨਾਮ ਕੇਵਲ ਸਿੰਘ ਦੱਸ ਰਿਹਾ ਹੈ । ਜਿਸ ਦੀ ਸਰੀਰਕ ਅਤੇ ਮਾਨਸਿਕ ਹਾਲਤ ਬਹੁਤ ਖਰਾਬ ਹੈ। ਉਹਨਾਂ ਵੱਲੋਂ ਬੇਨਤੀ ਕੀਤੀ ਗਈ ਕੀ ਇਸ ਵਿਅਕਤੀ ਦੇ ਰਹਿਣ ਸਹਿਣ ਦਾ ਪ੍ਰਬੰਧ ਕੀਤਾ ਜਾਵੇ। ਇਸ ਵਿਅਕਤੀ ਦੀ ਹਾਲਤ ਤਰਸਯੋਗ ਸੀ। ਇਸ ਦੇ ਸਰੀਰ ਉੱਪਰ ਪਾਏ ਹੋਏ ਕੱਪੜੇ ਦੀ ਹਾਲਤ ਬਹੁਤ ਬੁਰੀ ਸੀ। ਸੰਸਥਾ ਦੀ ਟੀਮ ਮੌਕੇ ਤੇ ਪਹੁੰਚ ਕੇ ਮਾਨਸਿਕ ਰੋਗੀ ਨੂੰ ਰੈਸਕਿਊ ਕੀਤਾ ਅਤੇ ਸ਼ਕਤੀ ਅਨਾਥ ਆਸ਼ਰਮ ਡੱਬਵਾਲੀ ਵਿਖੇ ਭੇਜਿਆ ਗਿਆ। ਸੰਸਥਾ ਦੇ ਚੇਅਰਮੈਨ ਡਾ. ਨਰੇਸ਼ ਪਰੂਥੀ ਵੱਲੋਂ ਦੱਸਿਆ ਗਿਆ ਕਿ ਸੰਸਥਾ ਵੱਲੋਂ ਇਸ ਵਿਅਕਤੀ ਦਾ ਇਲਾਜ ਪਹਿਲਾਂ ਵੀ ਕਰਵਾਇਆ ਗਿਆ ਸੀ ਪਰ ਹੁਣ ਇਸ ਵਿਅਕਤੀ ਦੀ ਮਾਨਸਿਕ ਹਾਲਤ ਫਿਰ ਤੋਂ ਖਰਾਬ ਹੋ ਗਈ ਸੀ ਜਿਸ ਕਾਰਨ ਦਿਨ ਰਾਤ ਸੜਕਾਂ ਉੱਪਰ ਲਾਵਾਰਸ ਘੁੰਮਦਾ ਰਹਿੰਦਾ ਸੀ। ਇਸ ਵਿਅਕਤੀ ਦਾ ਇਲਾਜ ਸ਼ਕਤੀ ਆਸ਼ਰਮ ਡੱਬਵਾਲੀ ਵਿਖੇ ਮਾਹਰ ਡਾਕਟਰਾਂ ਦੀ ਨਿਗਰਾਨੀ ਹੇਠ ਕੀਤਾ ਜਾਵੇਗਾ। ਸੰਸਥਾ ਮਾਨਵਤਾ ਫਾਊਂਡੇਸ਼ਨ ਵੱਲੋਂ ਇਸ ਦੀ ਸੂਚਨਾ ਥਾਣਾ ਸਿਟੀ ਵਿਖੇ ਡੀਡੀਆਰ ਦਿੱਤੀ ਗਈ ਹੈ।

# ਬਾਜੀਗਰ ਭਾਈਚਾਰੇ ਤਪਾ ਤੇ ਕਸਟਭੁਜੀ ਲੰਗਰ ਕਮੇਟੀ ਵੱਲੋਂ ਮਾਤਾ ਰਾਣੀ ਦੇ ਮੇਲੇ ਤੇ ਲਗਾਇਆ ਲੰਗਰ



**ਤਪਾ ਮੰਡੀ, 18 ਮਾਰਚ (ਮੇਸੀ ਤਪਾ, ਬੰਟੀ ਦੀਕਸ਼ਿਤ):** ਸਥਾਨਕ ਸ਼ਹਿਰ ਵਿਖੇ ਬਾਬਾ ਮੱਠ ਤੇ ਮਾਤਾ ਦਾਤੀ ਦਾ ਮੇਲਾ ਲੱਗਿਆ ਮਾਤਾ ਦੇ ਮੰਦਰ ਵਿਖੇ ਮਾਤਾ ਦੇ ਭਗਤ ਜਿਲਾ ਕਾਂਗਰਸ ਪਾਰਟੀ ਦੇ ਪ੍ਰਧਾਨ ਤੇ ਹਲਕਾ ਬਰਨਾਲਾ ਦੇ ਵਿਧਾਇਕ ਕੁਲਦੀਪ ਸਿੰਘ ਕਾਲਾ ਢਿੱਲਾਂ ਪਹੁੰਚੇ। ਮਾਤਾ ਦੇ ਮੇਲੇ ਮੌਕੇ ਬਾਜੀਗਰ ਭਾਈਚਾਰੇ ਤਪਾ ਤੇ ਕਸਟਭੁਜੀ ਲੰਗਰ ਕਮੇਟੀ ਵੱਲੋਂ ਗੁਰਦੀਪ ਸਿੰਘ ਚੱਠਾ ਦੇ ਪਰਿਵਾਰ ਦੇ ਸਹਿਯੋਗ ਨਾਲ ਲੰਗਰ ਲਗਾਇਆ ਗਿਆ। ਚੱਠਾ ਪਰਿਵਾਰ ਨੇ ਲੰਗਰ ਵਿੱਚ ਪੂਜਾ ਰਸਮ ਕੀਤੀ ਅਤੇ ਕਲੱਬ ਨੂੰ ਦਾਨ ਵਜੋ ਨਗਦ ਰਾਸ਼ੀ ਭੇਂਟ ਕੀਤੀ। ਬਾਜੀਗਰ ਭਾਈਚਾਰੇ ਵੱਲੋਂ ਜਿਲਾ ਪ੍ਰਧਾਨ ਤੇ ਹਲਕਾ ਬਰਨਾਲਾ ਦੇ ਵਿਧਾਇਕ ਕੁਲਦੀਪ ਕਾਲਾ ਢਿੱਲੋਂ ਦਾ ਵਿਸ਼ੇਸ ਸਨਮਾਨਿਤ ਕੀਤ। ਮੌਕੇ ਤੇ ਅਰਮਜੀਤ ਸਿੰਘ, ਗੋਰਾ ਲਾਲ, ਸੀਤਾ ਰਾਮ, ਤੇਜੀ ਰਾਮ, ਨਰਾਇਣ ਰਾਮ, ਸੋਮ ਨਾਥ, ਨਰਿੰਦਰ, ਬਾਲਾ ਜੀ ਟੈਲੀਕਾਮ, ਬਲਦੇਵ ਰਾਮ ਹੋਰ ਨੌਜਵਾਨਾਂ ਸਨ।

# ਗੁਰੂ ਗੋਬਿੰਦ ਸਿੰਘ ਸਕੂਲ ਮਲੂਕਾ ਦੇ ਵਿਦਿਆਰਥੀ ਪ੍ਰਭਜੋਤ ਸਿੰਘ ਨੇ ਅਕਾਲ ਜੁਗਤ ਖੇਡਾਂ ਵਿੱਚ ਮੱਲਾਂ ਮਾਰੀਆਂ



**ਭਗਤਾ ਭਾਈ, 18 ਮਾਰਚ (ਰਾਜਿੰਦਰ ਸਿੰਘ ਮਰਾਹੜ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸਿਰਮੌਰ ਸੰਸਥਾ ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਮਲੂਕਾ ਖੇਡ ਜਗਤ ਵਿੱਚ ਆਪਣਾ ਨਾਮ ਉਚਾਈਆਂ ਤੇ ਲਿਜਾ ਰਿਹਾ ਹੈ। ਪ੍ਰਭਜੋਤ ਸਿੰਘ ਪਹਿਲੀ ਰੋਜ਼ ਦੇ ਵਿਦਿਆਰਥੀ ਨੇ ਖੇਡਾਂ ਵਿੱਚ ਪਹਿਲਾ ਸਥਾਨ ਪ੍ਰਾਪਤ ਕਰਕੇ ਗੋਲਡ ਮੈਡਲ, ਸਾਈਕਲ ਅਤੇ ਨਕਦ ਇਨਾਮ ਹਾਸਿਲ ਕੀਤਾ ਅਤੇ ਆਪਣੇ ਮਾਤਾ-ਪਿਤਾ ਅਤੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ। ਪ੍ਰਿੰਸੀਪਲ ਗੁਰਿੰਦਰ ਕੌਰ ਨੇ ਦੱਸਿਆ ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਮਲੂਕਾ ਦਾ ਖਿਡਾਰੀ ਪ੍ਰਭਜੋਤ ਸਿੰਘ ਪਹਿਲੀ ਜਮਾਤ ਦਾ ਵਿਦਿਆਰਥੀ ਹੈ। ਉਸ ਦੀ ਉਮਰ 7.5 ਸਾਲ ਹੈ। ਉਸਨੇ ਖੇਡਾਂ ਦੇ ਖੇਤਰ ਵਿੱਚ ਕਾਬਿਲ-ਏ-ਤਾਰੀਫ਼ ਪ੍ਰਦਰਸ਼ਨ ਕਰਦੇ ਹੋਏ ਸਕੂਲ ਅਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ ਹੈ। ਪ੍ਰਭਜੋਤ ਸਿੰਘ, ਪੁੱਤਰ ਗੁਰਪ੍ਰੀਤ ਸਿੰਘ (ਆਰਮੀ) ਵਾਸੀ ਪਿੰਡ ਕੋਠਾ ਗੁਰੂ, ਨੇ ਅੰਡਰ 9 ਅਤੇ ਅੰਡਰ 10 ਵਰਗਾਂ ਵਿੱਚ ਕਈ ਮੁਕਾਬਲਿਆਂ ਵਿੱਚ ਹਿੱਸਾ ਲਿਆ। ਨਵਾਂਸ਼ਹਿਰ ਦੇ ਸ਼ਹੀਦ ਭਗਤ ਸਿੰਘ ਸਟੇਡੀਅਮ ਵਿੱਚ ਹੋਈਆਂ ਅਕਾਲ ਜੁਗਤ ਖੇਡਾਂ ਜੋ ਕਿ ਪਿੰਕਾ ਜਰਗ ਵੱਲੋਂ ਸਾਰੇ ਪੰਜਾਬ ਵਿੱਚ ਕਰਵਾਈਆਂ ਜਾ ਰਹੀਆਂ ਹਨ, ਵਿੱਚ ਪ੍ਰਭਜੋਤ ਸਿੰਘ ਨੇ ਪਹਿਲਾ ਸਥਾਨ ਹਾਸਲ ਕਰਦੇ ਹੋਏ ਨਕਦ ਇਨਾਮ, ਸਾਈਕਲ ਅਤੇ ਸੋਨੇ ਦਾ ਤਮਗਾ ਜਿੱਤਿਆ। ਇਸ ਤੋਂ ਇਲਾਵਾ ਦੁੱਲੇਵਾਲਾ (ਬਠਿੰਡਾ) ਵਿੱਚ ਹੋਏ ਐਥਲੈਟਿਕ ਟੂਰਨਾਮੈਂਟ (ਅੰਡਰ 9) ਵਿੱਚ ਵੀ ਉਸ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਨਕਦ ਇਨਾਮ ਅਤੇ ਸੋਨੇ ਦਾ ਤਮਗਾ ਜਿੱਤਿਆ। ਬੰਨਾਵਾਲਾ (ਫਾਜ਼ਿਲਕਾ) ਵਿੱਚ ਅਕਾਲ ਜੁਗਤ ਖੇਡ ਸੰਸਾਰ ਸੋਸਾਇਟੀ ਵੱਲੋਂ ਕਰਵਾਏ ਗਏ ਐਥਲੈਟਿਕ ਟੂਰਨਾਮੈਂਟ ਵਿੱਚ ਵੀ ਪ੍ਰਭਜੋਤ ਸਿੰਘ ਨੇ ਪਹਿਲਾ ਸਥਾਨ ਹਾਸਲ ਕਰਕੇ ਨਕਦ ਇਨਾਮ, ਸਾਈਕਲ ਅਤੇ ਸੋਨੇ ਦਾ ਤਮਗਾ ਆਪਣੇ ਨਾਮ ਕੀਤਾ। ਪ੍ਰਭਜੋਤ ਸਿੰਘ ਦੀ ਇਸ ਵੱਡੀ ਕਾਮਯਾਬੀ 'ਤੇ ਸਕੂਲ ਦੇ ਪ੍ਰਿੰਸੀਪਲ ਗੁਰਿੰਦਰ ਕੌਰ ਨੇ ਉਸ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਇਹ ਸਫਲਤਾ ਹੋਰ ਵਿਦਿਆਰਥੀਆਂ ਲਈ ਪ੍ਰੇਰਣਾ ਦਾ ਸਰੋਤ ਹੈ। ਸਕੂਲ ਦੇ ਡੀ.ਪੀ ਅਧਿਆਪਕ ਸ਼ਮਸ਼ੇਰ ਸਿੰਘ, ਅੰਮ੍ਰਿਤਪਾਲ ਕੌਰ ਤੇ ਕੋਚ ਆਕਾਸ਼ਦੀਪ ਸਿੰਘ ਦੀ ਮਿਹਨਤ ਤੇ ਮਾਰਗਦਰਸ਼ਨ ਦੀ ਵੀ ਪ੍ਰਸ਼ੰਸਾ ਕੀਤੀ, ਜਿਨ੍ਹਾਂ ਦੀ ਸਿਖਲਾਈ ਨਾਲ ਪ੍ਰਭਜੋਤ ਸਿੰਘ ਨੇ ਇਹ ਮਕਾਮ ਹਾਸਲ ਕੀਤਾ। ਪ੍ਰਭਜੋਤ ਸਿੰਘ ਦੇ ਪਿਤਾ ਅਤੇ ਮਾਤਾ ਨੇ ਆਪਣੇ ਪੁੱਤਰ ਦੀ ਇਸ ਉਪਲਬਧੀ 'ਤੇ ਖੁਸ਼ੀ ਪ੍ਰਗਟਾਈ ਅਤੇ ਪ੍ਰਿੰਸੀਪਲ ਮੈਡਮ ਗੁਰਿੰਦਰ ਕੌਰ, ਡੀਪੀ ਅਧਿਆਪਕ , ਕੋਚ ਅਤੇ ਸਮੂਹ ਸਟਾਫ ਦਾ ਧੰਨਵਾਦ ਕੀਤਾ। ਇਹ ਖਿਡਾਰੀ ਵੱਖ ਵੱਖ ਪਿੰਡਾਂ ਵਿੱਚ ਕਰਵਾਏ ਜਾ ਰਹੇ ਟੂਰਨਾਮੈਂਟ ਵਿੱਚ ਜਿੱਤ ਹਾਸਿਲ ਕਰ ਰਿਹਾ ਹੈ । ਸਕੂਲ ਵਿੱਚ ਹਰ ਰੋਜ਼ ਸਵੇਰੇ ਅਤੇ ਸ਼ਾਮ ਨੂੰ ਖਿਡਾਰੀਆਂ ਨੂੰ ਸਕੂਲ ਕੈਂਪਸ ਵਿੱਚ ਕੋਚ ਵੱਲੋਂ ਤਿਆਰੀ ਕਰਵਾਈ ਜਾਂਦੀ ਹੈ। ਪ੍ਰਿੰਸੀਪਲ ਗੁਰਿੰਦਰ ਕੌਰ ਅਤੇ ਸਮੂਹ ਸਟਾਫ ਮੈਂਬਰਾਂ ਨੇ ਪ੍ਰਭਜੋਤ ਸਿੰਘ ਨੂੰ ਦਿਲੋਂ ਵਧਾਈਆਂ ਦਿੱਤੀਆਂ। ਪ੍ਰਿੰਸੀਪਲ ਗੁਰਿੰਦਰ ਕੌਰ ਜੀ ਨੇ ਕਿਹਾ ਇਹ ਜਿੱਤ ਨਾ ਸਿਰਫ਼ ਸਕੂਲ ਲਈ ਗੌਰਵ ਦੀ ਗੱਲ ਹੈ, ਸਗੋਂ ਪੂਰੇ ਇਲਾਕੇ ਲਈ ਮਾਣ ਵਾਲੀ ਉਪਲਬਧੀ ਹੈ। ਇਸ ਹੋਣਹਾਰ ਵਿਦਿਆਰਥੀ ਦੀਆਂ ਜਿੱਤਾਂ 'ਤੇ ਪ੍ਰਿੰਸੀਪਲ ਮੈਡਮ ਅਤੇ ਅਧਿਆਪਕਾਂ ਵੱਲੋਂ ਖ਼ੁਸ਼ੀ ਦਾ ਪ੍ਰਗਟਾਵਾ ਕੀਤਾ।

# ਨਿਰਮਲ ਸਿੰਘ ਹਰੀਵਾਲ ਨੂੰ ਸ਼੍ਰੋਮਣੀ ਅਕਾਲੀ ਦਲ ਵੱਲੋਂ ਐਸ.ਸੀ. ਵਿੰਗ ਰੂਪਨਗਰ ਦਾ ਜ਼ਿਲ੍ਹਾ ਪ੍ਰਧਾਨ ਬਣਾਇਆ ਗਿਆ

**ਸ੍ਰੀ ਅਨੰਦਪੁਰ ਸਾਹਿਬ, 18 ਮਾਰਚ (ਰਾਣਾ ਹਰੀਵਾਲ/ਸੈਣੀ ਨਿੱਕੂਵਾਲ)** ਸ਼੍ਰੋਮਣੀ ਅਕਾਲੀ ਦਲ ਵੱਲੋਂ ਸ੍ਰੀ ਅਨੰਦਪੁਰ ਸਾਹਿਬ ਤੋਂ ਸਾਬਕਾ ਜ਼ਿਲ੍ਹਾ ਪਰਿਸ਼ਦ ਮੈਂਬਰ ਸਰਦਾਰ ਨਿਰਮਲ ਸਿੰਘ ਹਰੀਵਾਲ ਨੂੰ ਜ਼ਿਲ੍ਹਾ ਰੂਪਨਗਰ ਦੇ ਐਸ.ਸੀ.ਵਿੰਗ ਦਾ ਜ਼ਿਲ੍ਹਾ ਪ੍ਰਧਾਨ ਨਿਯੁਕਤ ਕੀਤਾ ਗਿਆ। ਇਸ ਮੌਕੇ ਸਰਦਾਰ ਨਿਰਮਲ ਸਿੰਘ ਹਰੀਵਾਲ ਨੂੰ ਸ਼੍ਰੋਮਣੀ ਅਕਾਲੀ ਦਲ ਦਾ ਜਿਲ੍ਹਾ ਪ੍ਰਧਾਨ ਨਿਯੁਕਤ ਕਰਨ ਤੇ ਸ੍ਰੀ ਅਨੰਦਪੁਰ ਸਾਹਿਬ ਦੇ ਸਮੂਹ ਅਕਾਲੀ ਵਰਕਰਾਂ ਵੱਲੋਂ ਪਾਰਟੀ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ, ਡਾਕਟਰ ਦਲਜੀਤ ਸਿੰਘ ਚੀਮਾ ਅਤੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ ਗਿਆ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ ਅਤੇ ਜ਼ਿਲ੍ਹਾ ਪ੍ਰਧਾਨ ਦਰਬਾਰਾ ਸਿੰਘ ਬਾਲਾ ਵਲੋਂ ਉਹਨਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਸਮੂਹ ਵਰਕਰਾਂ ਵੱਲੋਂ ਲੱਡੂ ਵੰਡ ਕੇ ਖੁਸ਼ੀ ਦਾ ਇਜ਼ਹਾਰ ਕੀਤਾ ਗਿਆ। ਭਾਈ ਅਮਰਜੀਤ ਸਿੰਘ ਚਾਵਲਾ ਨੇ ਕਿਹਾ ਕਿ ਨਿਰਮਲ ਸਿੰਘ ਹਰੀਵਾਲ ਪਾਰਟੀ ਦੇ ਇੱਕ ਬਹੁਤ ਹੀ ਮਿਹਨਤੀ ਜੁਝਾਰੂ ਤੇ ਇਮਾਨਦਾਰ ਵਰਕਰ ਹਨ ਅਤੇ ਇਹਨਾਂ ਵਲੋਂ ਲੋਕਾਂ ਦੀ ਬਿਹਤਰੀ ਲਈ ਬਹੁਤ ਹੀ ਲੰਬੇ ਅਰਸੇ ਤੋਂ ਕਾਰਜ ਕੀਤੇ ਜਾ ਰਹੇ ਹਨ ਤੇ ਬੇਲਿਆਂ ਦੇ ਪਿੰਡਾਂ ਵਿੱਚ ਅਤੇ ਚੰਗਰ ਹਲਕੇ ਵਿੱਚ ਉਹਨਾਂ ਦਾ ਕਾਫੀ ਅਧਾਰ ਹੈ। ਜਿਸ ਨਾਲ ਕਿ ਪਾਰਟੀ ਨੂੰ ਬਹੁਤ ਹੀ ਜਿਆਦਾ ਮਜਬੂਤੀ ਮਿਲੇਗੀ। ਇਸ ਮੌਕੇ ਸਰਕਲ ਪ੍ਰਧਾਨ ਸੁਰਿੰਦਰ ਸਿੰਘ ਮਟੌਰ, ਜਥੇਦਾਰ ਰਾਮ ਸਿੰਘ, ਜਰਨੈਲ ਸਿੰਘ ਗੁੰਬਰ, ਮੈਨੇਜਰ ਮਲਕੀਤ ਸਿੰਘ, ਵਧੀਕ ਮੈਨੇਜਰ ਐਡ. ਹਰਦੇਵ ਸਿੰਘ, ਸੰਦੀਪ ਸਿੰਘ ਕਲੋਤਾ, ਰਘਵੀਰ ਸਿੰਘ, ਜਸਵੰਤ ਸਿੰਘ ਹਰੀਵਾਲ, ਗੁਰਨਾਮ ਸਿੰਘ ਮਟੌਰ, ਦਵਿੰਦਰ ਸਿੰਘ ਢਿੱਲੋ, ਭੁਪਿੰਦਰ ਸਿੰਘ ਬੀਕਾਪੁਰ ਅਤੇ ਸਰਬਜੀਤ ਸਿੰਘ ਆਦਿ ਹਾਜ਼ਰ ਸਨ।



# ਕਲਿਯੁੱਗ ਵਿੱਚ ਭਗਤੀ ਹੀ ਸੱਚਾ ਆਸਰਾ ਹੈ : ਸੰਤ ਰਾਜਗੀਰ ਜੀ ਮਹਾਰਾਜ



**ਤਪਾ ਮੰਡੀ, 18 ਮਾਰਚ (ਬੰਟੀ ਦੀਕਸ਼ਿਤ, ਮੇਸੀ ਤਪਾ):** ਡੇਰਾ ਵੀਰਗਿਰ ਆਸ਼ਰਮ ਦੇ ਸੰਚਾਲਕ ਸੰਤ ਰਾਜਗੀਰ ਜੀ ਮਹਾਰਾਜ ਨੇ ਅੱਜ ਆਪਣੇ ਪ੍ਰਵਚਨ ਦੌਰਾਨ ਬਾਬਾ ਸੁਖਾਨੰਦ ਦੀ ਚੇਲੀ ਬੀਬੀ ਸਤੀ ਦੀ ਅਦਭੁੱਤ ਕਥਾ ਸੰਗਤ ਨਾਲ ਸਾਂਝੀ ਕੀਤੀ ਉਨ੍ਹਾਂ ਦੱਸਿਆ ਕਿ ਬੀਬੀ ਸਤੀ ਇਕ ਅਤਿ ਭਗਤ ਅਤੇ ਪਵਿੱਤਰ ਆਤਮਾ ਸੀ ਜੋ ਕੱਚੇ ਤਲਾਅ ਵਿੱਚ ਇਸ਼ਨਾਨ ਕਰਕੇ ਭਜਨ-ਸਿਮਰਨ ਕਰਦੀ ਅਤੇ ਬਾਬਾ ਸੁਖਾਨੰਦ ਦੇ ਚਰਨਾਂ ਵਿੱਚ ਜਾ ਕੇ ਲੀਨ ਹੋ ਜਾਂਦੀ ਸੀ। ਸੰਤ ਜੀ ਨੇ ਕਿਹਾ ਕਿ ਇਕ ਵਾਰ ਕੁਝ ਮਸਤੰਡਿਆਂ ਨੇ ਉਸਨੂੰ ਤੰਗ ਕਰਨ ਦੀ ਕੋਸ਼ਿਸ਼ ਕੀਤੀ, ਪਰ ਬੀਬੀ ਸਤੀ ਨੇ ਆਪਣੀ ਆਧਿਆਤਮਿਕ ਸ਼ਕਤੀ ਨਾਲ ਉਹਨਾਂ ਨੂੰ ਅੰਨ੍ਹਾ ਕਰ ਦਿੱਤਾ। ਡਰ ਕੇ ਉਹ ਮਾਫ਼ੀ ਮੰਗ ਕੇ ਵਾਪਸ ਮੁੜ ਗਏ। ਇਸ ਤੋਂ ਬਾਅਦ ਬਾਬਾ ਸੁਖਾਨੰਦ ਨੇ ਕਿਹਾ ਕਿ ਕਲਿਯੁੱਗ ਦਾ ਸਮਾਂ ਆ ਚੁੱਕਾ ਹੈ, ਇਸ ਲਈ ਬੀਬੀ ਸਤੀ ਇੱਥੇ ਹੀ ਸਮਾਧੀ ਲਗਾ ਲਵੇ। ਉਨ੍ਹਾਂ ਅੱਗੇ ਦੱਸਿਆ ਕਿ ਇਸ ਪਵਿੱਤਰ ਅਸਥਾਨ 'ਤੇ ਹਰ ਸਾਲ ਚੇਤ ਚੌਦਸ ਦਾ ਮੇਲਾ ਲੱਗਦਾ ਹੈ, ਜਿੱਥੇ ਨਵੇਂ ਵਿਆਹੇ ਜੋੜੇ ਅਤੇ ਸੰਗਤ ਵੱਡੀ ਗਿਣਤੀ ਵਿੱਚ ਆ ਕੇ ਮੱਥਾ ਟੇਕਦੇ ਹਨ ਅਤੇ ਚੜ੍ਹਾਵੇ ਚੜ੍ਹਾਉਂਦੇ ਹਨ। ਇਹ ਸਥਾਨ ਭਗਤੀ, ਸ਼ਰਧਾ ਅਤੇ ਚਮਤਕਾਰਿਕ ਵਿਸ਼ਵਾਸ ਦਾ ਪ੍ਰਤੀਕ ਬਣ ਚੁੱਕਾ ਹੈ। ਸੰਤ ਰਾਜਗੀਰ ਜੀ ਮਹਾਰਾਜ ਨੇ ਸੰਗਤ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਅਜਿਹੀਆਂ ਮਹਾਨ ਆਤਮਾਵਾਂ ਦੀ ਜੀਵਨ ਕਥਾ ਸਾਨੂੰ ਸੱਚੀ ਭਗਤੀ ਅਤੇ ਨੇਕੀ ਦੇ ਰਾਹ 'ਤੇ ਚੱਲਣ ਲਈ ਪ੍ਰੇਰਿਤ ਕਰਦੀ ਹੈ। ਇਸ ਮੌਕੇ ਪਵਨ ਕੁਮਾਰ ਬਤਾਰਾ, ਪਰਮਜੀਤ ਸਿੰਘ ਪ੍ਰਜਾਪਤ, ਦਲੀਪ ਕੁਮਾਰ, ਜੀਵਨ ਸਿੰਘ ਅੰਜਲਾ, ਅਸ਼ੋਕ ਮਿੱਤਲ, ਮਦਨ ਲਾਲ ਮਿੱਤਲ ਆਦਿ ਸੇਵਾਦਾਰ ਵੀ ਹਾਜਰ ਸਨ।

# ਚਮਕੌਰ ਸਾਹਿਬ ਵਾਸੀਆਂ ਨੂੰ ਮਿਲੇਗੀ ਸ਼ੁੱਧ ਪੀਣਯੋਗ ਪਾਣੀ ਦੀ ਸੁਵਿਧਾ : ਡਾ. ਚਰਨਜੀਤ ਸਿੰਘ

## 19 ਕਰੋੜ 36 ਲੱਖ ਰੁਪਏ ਦੀ ਅਨੁਮਾਨਤ ਲਾਗਤ ਨਾਲ ਬਣਨ ਵਾਲੇ ਪ੍ਰੋਜੈਕਟ ਨੂੰ 18 ਮਹੀਨਿਆਂ 'ਚ ਕੀਤਾ ਜਾਵੇਗਾ ਪੂਰਾ

**ਸ੍ਰੀ ਚਮਕੌਰ ਸਾਹਿਬ, 18 ਮਾਰਚ (ਅਮਰਜੀਤ ਸਿੰਘ ਕਲਸੀ)** ਚਮਕੌਰ ਸਾਹਿਬ ਵਿਖੇ ਵਾਟਰ ਸਪਲਾਈ ਸਕੀਮ ਦੇ ਵਿਸਥਾਰ ਅਤੇ ਪੁਨਰਵਿਕਾਸ ਲਈ ਨਵਾਂ ਅਹਿਮ ਪ੍ਰੋਜੈਕਟ ਸ਼ੁਰੂ ਕੀਤਾ ਜਾ ਰਿਹਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਹਲਕਾ ਵਿਧਾਇਕ ਡਾ. ਚਰਨਜੀਤ ਸਿੰਘ ਨੇ ਦੱਸਿਆ ਕਿ ਇਸ ਪ੍ਰੋਜੈਕਟ ਦਾ ਮੁੱਖ ਉਦੇਸ਼ ਚਮਕੌਰ ਸਾਹਿਬ ਸ਼ਹਿਰ ਦੇ ਨਿਵਾਸੀਆਂ ਨੂੰ ਸ਼ੁੱਧ ਅਤੇ ਲਗਾਤਾਰ ਪੀਣਯੋਗ ਪਾਣੀ ਮੁਹੱਈਆ ਕਰਵਾਉਣਾ ਹੈ। ਉਨ੍ਹਾਂ ਦੱਸਿਆ ਕਿ ਇਸ ਕੰਮ ਤਹਿਤ ਇੱਕ ਨਵਾਂ ਵਾਟਰ ਪੰਪਿੰਗ ਸਟੇਸ਼ਨ ਬਣਾਇਆ ਜਾਵੇਗਾ, ਜਿਸ ਦੇ ਨਾਲ 4 ਐਮ ਐਲ ਡੀ ਸਮਰੱਥਾ ਵਾਲਾ ਵਾਟਰ ਟਰੀਟਮੈਂਟ ਪਲਾਂਟ ਵੀ ਸਥਾਪਿਤ ਕੀਤਾ ਜਾਵੇਗਾ। ਡਾ. ਚਰਨਜੀਤ ਸਿੰਘ ਨੇ ਦੱਸਿਆ ਕਿ ਇਸ ਤੋਂ ਇਲਾਵਾ ਸ਼ਹਿਰ ਵਿੱਚ ਪਾਣੀ ਦੀ ਸਪਲਾਈ ਨੂੰ ਮਜ਼ਬੂਤ ਬਣਾਉਣ ਲਈ 2100 ਮੀਟਰ ਰਾਅ ਵਾਟਰ ਲਾਈਨ ਅਤੇ 5145 ਮੀਟਰ ਕਲੀਅਰ ਵਾਟਰ ਲਾਈਨ ਵਿਛਾਈ ਜਾਵੇਗੀ। ਉਨ੍ਹਾਂ ਦੱਸਿਆ ਕਿ ਇਸ ਪ੍ਰੋਜੈਕਟ ਦੀ ਕੁੱਲ ਅਨੁਮਾਨਤ ਲਾਗਤ 19 ਕਰੋੜ 36 ਲੱਖ 85 ਹਜ਼ਾਰ ਰੁਪਏ ਹੈ ਅਤੇ ਇਹ ਕੰਮ 18 ਮਹੀਨਿਆਂ ਦੇ ਅੰਦਰ ਪੂਰਾ ਕਰਨ ਦਾ ਟੀਚਾ ਹੈ। ਉਨ੍ਹਾਂ ਦੱਸਿਆ ਕਿ ਇਸ ਪ੍ਰੋਜੈਕਟ ਦੇ ਪੂਰਾ ਹੋਣ ਨਾਲ ਸ਼ਹਿਰ ਦੇ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ ਅਤੇ ਪਾਣੀ ਦੀ ਕਮੀ ਨਾਲ ਜੁੜੀਆਂ ਸਮੱਸਿਆਵਾਂ ਦਾ ਹੱਲ ਹੋਵੇਗਾ। ਇਸ ਦੇ ਨਾਲ ਹੀ ਇਹ ਯੋਜਨਾ ਸ਼ਹਿਰ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਜੀਵਨ ਮਿਆਰ ਨੂੰ ਉੱਚਾ ਚੁੱਕਣ ਵਿੱਚ ਮਹੱਤਵਪੂਰਨ ਯੋਗਦਾਨ ਪਾਏਗੀ। ਇਸ ਮੌਕੇ ਮਾਰਕੀਟ ਕਮੇਟੀ ਦੇ ਚੇਅਰਮੈਨ ਸਕਿੰਦਰ ਸਿੰਘ ਸਹੇੜੀ, ਵਿਭਾਗ ਦੇ ਐਸਡੀਓ ਤਰਨ ਗੁਪਤਾ, ਕੌਂਸਲਰ ਭੁਪਿੰਦਰ ਸਿੰਘ ਭੂਰਾ, ਸਰਪੰਚ ਹਰਿੰਦਰ ਸਿੰਘ ਕਾਕਾ, ਸੇਠ ਵਿਸ਼ਾਲ ਕੁਮਾਰ, ਸ਼ਮਸ਼ੇਰ ਸਿੰਘ ਮੰਗੀ, ਪਰਮਜੀਤ ਸਿੰਘ, ਕਰਨੈਲ ਸਿੰਘ ਅਤੇ ਸਤਵਿੰਦਰ ਸਿੰਘ ਆਦਿ ਹਾਜ਼ਰ ਸਨ।





# ਕਿਸਾਨ, ਮਜ਼ਦੂਰ, ਮੁਲਾਜ਼ਮ ਅਤੇ ਬਿਜਲੀ ਮੁਲਾਜਮ ਜਥੇਬੰਦੀਆਂ ਦੀ ਸਾਂਝੀ ਮੀਟਿੰਗ ਦਾ ਆਯੋਜਨ ਕੀਤਾ ਗਿਆ



**ਨਾਭਾ 18 ਮਾਰਚ (ਅਮਨ ਗਰਗ)** ਸਯੁੰਕਤ ਕਿਸਾਨ ਮੋਰਚੇ ਦੇ ਸੱਦੇ ਅਨੁਸਾਰ ਬਲਾਕ ਨਾਭਾ ਵਿੱਚ ਕਿਸਾਨ ਮਜ਼ਦੂਰ, ਮੁਲਾਜ਼ਮ ਅਤੇ ਬਿਜਲੀ ਮੁਲਾਜ਼ਮ ਜਥੇਬੰਦੀਆ ਦੀ ਸਾਂਝੀ ਮੀਟਿੰਗ ਜਗਪਾਲ ਸਿੰਘ ਉਧਾ ਦੀ ਪ੍ਰਧਾਨਗੀ ਹੇਠ ਗੁਰੂਦੁਆਰਾ ਸਾਹਿਬ ਭਗਤ ਧੰਨਾ ਜੀ ਨਵੀ ਅਨਾਜ ਮੰਡੀ ਨਾਭਾ ਵਿਖੇ ਹੋਈ। ਇਸ ਮੀਟਿੰਗ ਵਿੱਚ ਵਿਚਾਰਿਆ ਸਹੀਦ ਭਗਤ ਸਿੰਘ ਦੇ ਸਹੀਦੀ ਦਿਵਸ ਨੂੰ ਸਮਰਪਿਤ ਅਤੇ ਸਾਮਰਾਜੀ ਮਾਰੂ ਨੀਤੀਆਂ ਦੇ ਖਿਲਾਫ 23 ਮਾਰਚ ਨੂੰ ਤਹਿਸੀਲ ਨਾਭਾ ਦੇ ਮੇਨ ਐਸ ਡੀ ਐਮ ਦਫਤਰ ਦੇ ਸਾਹਮਣੇ 10:30 ਵਜੇ ਤੋ 12:30 ਵਜੇ ਤੱਕ ਪ੍ਰੋਗਰਾਮ ਕੀਤਾ ਜਾਵੇਗਾ ਤੇ ਅਮਰੀਕਾ ਰਾਸ਼ਟਰਪਤੀ ਡੋਨਾਲਡ ਟਰੰਪ ਤੇ ਅਜਰਾਈਲ ਦੇ ਨਿਤਨ ਯਾਹੂ ਦਾ ਪੁਤਲਾ ਫੂਕਿਆ ਜਾਵੇਗਾ। ਸਮੂਹ ਕਿਸਾਨ, ਮਜ਼ਦੂਰ, ਮੁਲਾਜ਼ਮ ਤੇ ਇਨਸਾਫ ਪਸੰਦ ਲੋਕਾ ਨੂੰ ਵੱਧ ਤੋ ਵੱਧ ਗਿਣਤੀ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ ਜਾਂਦਾ ਹੈ। ਇਸ ਮੌਕੇ ਮੀਟਿੰਗ ਵਿੱਚ ਜਗਤਾਰ ਸਿੰਘ ਨਰਮਾਣਾ, ਕਲਦੀਪ ਸਿੰਘ ਪਾਲੀਆ, ਜਰਨੈਲ ਸਿੰਘ ਗੁਣੀਕੇ, ਸੋਮਾ ਸਿੰਘ ਭੜੋ, ਅਮਨਦੀਪ ਕੋਰ ਦਿਓਲ, ਧਰਮਵੀਰ ਸਿੰਘ ਹਰੀਗੜ੍ਹ, ਸਤਵੀਰ ਕੋਰ ਪੀ ਐਸ ਯੂ, ਮੱਘਰ ਸਿੰਘ ਅਗੇਤੀ, ਜਰਨੈਲ ਸਿੰਘ ਦੋਦਾ, ਪ੍ਰਮਾਤ ਸਿੰਘ ਨਾਭਾ ਸਾਮਲ ਹੋਏ।

# ਸ਼ੁਤਰਾਣਾ ਹਲਕੇ ਦੇ ਪਿੰਡ ਗੁਰਦਿੱਤਪੁਰਾ ਵਿੱਚ ਅਕਾਲੀ ਦਲ ਨੂੰ ਵੱਡੀ ਮਜ਼ਬੂਤੀ, ਕਈ ਆਗੂਆਂ ਨੇ ਆਮ ਆਦਮੀ ਪਾਰਟੀ ਛੱਡ ਫੜਿਆ ਸ਼ਿਅਦ ਦਾ ਪੱਲਾ

**ਪਾਤੜਾ 18 ਮਾਰਚ (ਜਸਵਿੰਦਰ ਸਿੰਘ ਪਾਰਸ)** ਸ਼ੁਤਰਾਣਾ ਹਲਕੇ ਦੇ ਪਿੰਡ ਗੁਰਦਿੱਤਪੁਰਾ ਵਿੱਚ ਸ਼੍ਰੋਮਣੀ ਅਕਾਲੀ ਦਲ ਨੂੰ ਉਸ ਵੇਲੇ ਵੱਡੀ ਮਜ਼ਬੂਤੀ ਮਿਲੀ, ਜਦੋਂ ਪਿੰਡ ਦੇ ਪ੍ਰਮੁੱਖ ਪੰਚਾਇਤ ਅਹੁਦੇਦਾਰਾਂ ਅਤੇ ਸਰਗਰਮ ਵਰਕਰਾਂ ਨੇ ਆਮ ਆਦਮੀ ਪਾਰਟੀ ਨੂੰ ਅਲਵਿਦਾ ਕਹਿੰਦੇ ਹੋਏ ਹਲਕਾ ਇੰਚਾਰਜ ਬਾਬੂ ਕਬੀਰ ਦਾਸ ਦੀ ਹਾਜ਼ਰੀ ਵਿੱਚ ਅਕਾਲੀ ਦਲ ਵਿੱਚ ਸ਼ਮੂਲੀਅਤ ਕੀਤੀ। ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ ਵਿੱਚ ਸਾਬਕਾ ਸਰਪੰਚ ਕੇਵਲ ਸਿੰਘ, ਪਰਗਟ ਸਿੰਘ, ਨਿਸ਼ਾਨ ਸਿੰਘ, ਮੁਖਤਿਆਰ ਸਿੰਘ, ਨਛੱਤਰ ਸਿੰਘ, ਬਲਦੇਵ ਸਿੰਘ, ਸੁਖਵਿੰਦਰ ਸਿੰਘ (ਮੈਂਬਰ ਪੰਚਾਇਤ), ਇੰਦਰਜੀਤ ਸਿੰਘ (ਮੈਂਬਰ), ਬਲਵਿੰਦਰ ਸਿੰਘ ਅਤੇ ਜੋਗਿੰਦਰ ਸਿੰਘ ਸਮੇਤ ਹੋਰ ਕਈ ਆਗੂ ਸ਼ਾਮਲ ਹਨ, ਜਿਨ੍ਹਾਂ ਨੇ ਪਾਰਟੀ ਪ੍ਰਤੀ ਆਪਣਾ ਪੂਰਾ ਵਿਸ਼ਵਾਸ ਜਤਾਇਆ। ਇਸ ਮੌਕੇ ਬੋਲਦੇ ਹੋਏ ਬਾਬੂ ਕਬੀਰ ਦਾਸ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹਮੇਸ਼ਾ ਹੀ ਪੰਜਾਬ, ਪੰਜਾਬੀਅਤ ਅਤੇ ਲੋਕਾਂ ਦੇ ਹੱਕਾਂ ਦੀ ਲੜਾਈ ਲੜਦਾ ਆ ਰਿਹਾ ਹੈ ਅਤੇ ਨਵੇਂ ਸਾਥੀਆਂ ਦੀ ਸ਼ਮੂਲੀਅਤ ਨਾਲ ਪਾਰਟੀ ਹੋਰ ਮਜ਼ਬੂਤ ਹੋਵੇਗੀ। ਉਨ੍ਹਾਂ ਨੇ ਸਭ ਆਗੂਆਂ ਦਾ ਸਵਾਗਤ ਕਰਦਿਆਂ ਭਰੋਸਾ ਦਿੱਤਾ ਕਿ ਪਾਰਟੀ ਵਿੱਚ ਹਰ ਵਰਕਰ ਨੂੰ ਪੂਰਾ ਮਾਣ-ਸਨਮਾਨ ਮਿਲੇਗਾ।

ਨਵੇਂ ਸ਼ਾਮਲ ਹੋਏ ਆਗੂਆਂ ਨੇ ਕਿਹਾ ਕਿ ਉਹ ਅਕਾਲੀ ਦਲ ਦੀ ਨੀਤੀ ਅਤੇ ਸਿਧਾਂਤਾਂ ਤੋਂ ਪ੍ਰਭਾਵਿਤ ਹੋ ਕੇ ਪਾਰਟੀ ਨਾਲ ਜੁੜੇ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਪਾਰਟੀ ਦੀ ਮਜ਼ਬੂਤੀ ਲਈ ਦਿਨ-ਰਾਤ ਮਿਹਨਤ ਕਰਨਗੇ। ਇਸ ਮੌਕੇ ਸਰਕਲ ਪ੍ਰਧਾਨ ਸੁਖਵਿੰਦਰ ਸਿੰਘ ਅਰਨੋ ਅਤੇ ਬਾਵਾ ਜੀ ਸੇਰਗੜ੍ਹ ਵੀ ਮੌਜੂਦ ਰਹੇ, ਜਿਨ੍ਹਾਂ ਨੇ ਨਵੇਂ ਸਾਥੀਆਂ ਦਾ ਦਿਲੋਂ ਸਵਾਗਤ ਕੀਤਾ ਅਤੇ ਇਸਨੂੰ ਪਾਰਟੀ ਲਈ ਖੁਸ਼ੀ ਦਾ ਪਲ ਕਰਾਰ ਦਿੱਤਾ। ਇਸ ਤੋਂ ਇਲਾਵਾ, ਬਾਬੂ ਕਬੀਰ ਦਾਸ ਨੂੰ ਸ਼੍ਰੋਮਣੀ ਅਕਾਲੀ ਦਲ ਪੰਜਾਬ ਦਾ ਮੀਤ ਪ੍ਰਧਾਨ ਅਤੇ ਹਰਬੰਸ ਸਿੰਘ ਜੋਗੀਪੁਰ ਨੂੰ ਐਸ ਵਿੰਗ ਜ਼ਿਲ੍ਹਾ ਪਟਿਆਲਾ ਦਿਹਾਤੀ ਦਾ ਪ੍ਰਧਾਨ ਨਿਯੁਕਤ ਕਰਨ 'ਤੇ ਪਾਰਟੀ ਆਗੂਆਂ ਵੱਲੋਂ ਉਨ੍ਹਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਪਾਰਟੀ ਆਗੂਆਂ ਨੇ ਦਾਅਵਾ ਕੀਤਾ ਕਿ ਪਿੰਡ ਗੁਰਦਿੱਤਪੁਰਾ ਤੋਂ ਸ਼ੁਰੂ ਹੋਇਆ ਇਹ ਸਫ਼ਰ ਹੁਣ ਪੂਰੇ ਸ਼ੁਤਰਾਣਾ ਹਲਕੇ ਵਿੱਚ ਨਵੀਂ ਤਾਕਤ ਅਤੇ ਜੋਸ਼ ਭਰੇਗਾ ਅਤੇ ਅਕਾਲੀ ਦਲ ਨੂੰ ਹੋਰ ਮਜ਼ਬੂਤੀ ਪ੍ਰਦਾਨ ਕਰੇਗਾ।



# ਖ਼ਸਰਾ ਦਿਵਸ ਮੌਕੇ ਰਹਿਬਰ ਇੰਸਟੀਚਿਊਟ 'ਚ ਜਾਗਰੂਕਤਾ ਸੈਮੀਨਾਰ



**ਭਵਾਨੀਗੜ੍ਹ, 18 ਮਾਰਚ (ਰਾਜ ਖੁਰਮੀ):** ਰਹਿਬਰ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਿਜ਼ ਵਿੱਚ ਖ਼ਸਰਾ (Measles) ਦਿਵਸ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਨੂੰ ਖ਼ਸਰੇ ਵਰਗੀ ਸੰਕਰਾਮਕ ਬਿਮਾਰੀ ਦੇ ਕਾਰਨਾਂ, ਲੱਛਣਾਂ ਅਤੇ ਬਚਾਅ ਦੇ ਢੰਗਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ।ਇਸ ਸਬੰਧੀ ਆਯੋਜਿਤ ਜਾਗਰੂਕਤਾ ਸੈਮੀਨਾਰ ਦੌਰਾਨ ਸਿਹਤ ਮਾਹਿਰਾਂ ਨੇ ਖ਼ਸਰੇ ਦੇ ਫੈਲਾਅ ਅਤੇ ਇਸ ਨਾਲ ਜੁੜੇ ਖ਼ਤਰਿਆਂ ਬਾਰੇ ਚਰਚਾ ਕਰਦੇ ਹੋਏ ਸਮੇਂ-ਸਿਰ ਟੀਕਾਕਰਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਖ਼ਸਰਾ ਇੱਕ ਗੰਭੀਰ ਬਿਮਾਰੀ ਹੈ, ਜਿਸ ਤੋਂ ਬਚਾਅ ਲਈ ਟੀਕਾਕਰਨ ਸਭ ਤੋਂ ਪ੍ਰਭਾਵਸ਼ਾਲੀ ਢੰਗ ਹੈ।ਵਿਦਿਆਰਥੀਆਂ ਨੇ ਵੀ ਇਸ ਪ੍ਰੋਗਰਾਮ ਵਿੱਚ ਬੜੇ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਸਮਾਜ ਵਿੱਚ ਸਿਹਤ ਸਬੰਧੀ ਜਾਗਰੂਕਤਾ ਫੈਲਾਉਣ ਦਾ ਸੰਕਲਪ ਲਿਆ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਬਿੱਕਰ ਸਿੰਘ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਿਹਤਮੰਦ ਜੀਵਨ ਲਈ ਸਫ਼ਾਈ ਅਤੇ ਟੀਕਾਕਰਨ ਬਹੁਤ ਜ਼ਰੂਰੀ ਹਨ। ਉਨ੍ਹਾਂ ਨੇ ਨੌਜਵਾਨਾਂ ਨੂੰ ਸਮਾਜ ਸੇਵਾ ਵਿੱਚ ਅੱਗੇ ਆ ਕੇ ਲੋਕਾਂ ਨੂੰ ਸਿਹਤ ਬਾਰੇ ਜਾਗਰੂਕ ਕਰਨ ਦੀ ਅਪੀਲ ਕੀਤੀ।ਚੇਅਰਮੈਨ ਡਾ. ਐਮ. ਐੱਸ. ਖ਼ਾਨ ਦੀ ਰਹਿਨੁਮਾਈ ਹੇਠ ਕਰਵਾਏ ਗਏ ਇਸ ਪ੍ਰੋਗਰਾਮ ਦੀ ਉਨ੍ਹਾਂ ਵੱਲੋਂ ਪ੍ਰਸ਼ੰਸਾ ਕੀਤੀ ਗਈ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਜਾਗਰੂਕਤਾ ਸਮਾਗਮ ਸਮਾਜ ਵਿੱਚ ਸਿਹਤ ਪ੍ਰਤੀ ਸਚੇਤਨਾ ਵਧਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਅੰਤ ਵਿੱਚ ਧੰਨਵਾਦੀ ਭਾਸ਼ਣ ਨਾਲ ਸਮਾਰੋਹ ਦਾ ਸਮਾਪਨ ਕੀਤਾ ਗਿਆ।



ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਸ਼ਾਂਤੀ ਤਾਰਾ ਕਾਲਜ ਅਕਬਰਪੁਰ ਛੰਨਾ ਦੇ NSS ਗਰੁੱਪ ਵੱਲੋਂ ਡੀ.ਐੱਸ.ਪੀ ਅਹਿਮਦਗੜ੍ਹ ਨਾਲ ਮਿਲਕੇ ਨਸ਼ਿਆਂ ਖ਼ਿਲਾਫ਼ ਇੱਕ ਜਾਗਰੂਕਤਾ ਰੈਲੀ ਕੱਢੀ ਗਈ। ਇਸ ਰੈਲੀ ਦਾ ਮੁੱਖ ਮਕਸਦ ਸਮਾਜ ਦੇ ਲੋਕਾਂ ਨੂੰ ਨਸ਼ਿਆਂ ਦੇ ਨੁਕਸਾਨਾਂ ਬਾਰੇ ਜਾਣੂ ਕਰਵਾਉਣਾ ਅਤੇ ਨੌਜਵਾਨ ਪੀੜ੍ਹੀ ਨੂੰ ਇਸ ਬੁਰਾਈ ਤੋਂ ਦੂਰ ਰਹਿਣ ਲਈ ਪ੍ਰੇਰਿਤ ਕਰਨਾ ਸੀ। ਰੈਲੀ ਦੌਰਾਨ ਵਿਦਿਆਰਥੀਆਂ ਵੱਲੋਂ ਨਸ਼ਾ ਮੁਕਤ ਸਮਾਜ ਦੇ ਸੰਦੇਸ਼ ਵਾਲੇ ਪਲੇਕਾਰਡ ਅਤੇ ਨਾਰੇ ਲਗਾ ਕੇ ਲੋਕਾਂ ਨੂੰ ਜਾਗਰੂਕ ਕੀਤਾ ਗਿਆ। **ਫੋਟੋ ਅਤੇ ਵੇਰਵਾ ਸ਼ਰਮਾ ਪੱਤਰਕਾਰ ਮਾਲੇਰਕੋਟਲਾ।**

# ਮੰਗਾਂ ਨੂੰ ਲੈ ਕੇ ਆਈ.ਟੀ.ਆਈ. ਠੇਕਾ ਮੁਲਾਜ਼ਮਾਂ ਨੇ ਤੀਸਰੇ ਦਿਨ ਵੀ ਕੀਤੀ ਗੇਟ ਰੈਲੀ



**ਅੰਮ੍ਰਿਤਸਰ, 18 ਮਾਰਚ (ਸੋਨੂ ਨਰੂਲਾ)** ਆਈ.ਟੀ.ਆਈ. ਠੇਕਾ ਮੁਲਾਜ਼ਮਾ ਯੂਨੀਅਨ ਪੰਜਾਬ ਵੱਲੋਂ ਆਪਣੀਆਂ ਮੰਗਾਂ ਲਾਗੂ ਕਰਵਾਉਣ ਲਈ ਅੱਜ ਭਾਰੀ ਮੀਂਹ ਵਿੱਚ ਵੀ ਤੀਸਰੇ ਦਿਨ ਵੀ ਆਈ.ਟੀ.ਆਈ. ਲੋਪੋਕੇ ਦੇ ਠੇਕਾ ਮੁਲਾਜ਼ਮਾਂ ਨੇ ਗੇਟ ਰੈਲੀ ਕਰਕੇ ਸਰਕਾਰ ਖ਼ਿਲਾਫ਼ ਰੋਸ ਪ੍ਰਦਰਸ਼ਨ ਕੀਤਾ। ਰੋਸ ਰੈਲੀ ਨੂੰ ਸੰਬੋਧਨ ਕਰਦਿਆਂ ਰਾਜਨ ਸ਼ਰਮਾ, ਨਿਤਿਨ ਕੁਮਾਰ, ਜਗਬੀਰ ਸਿੰਘ, ਕਿਰਨਜੀਤ ਸਿੰਘ, ਸਸ਼ਪਾਲ ਸਿੰਘ, ਪਰਮਿੰਦਰ ਪਾਲ ਸਿੰਘ, ਗੁਰਵਿੰਦਰ ਸਿੰਘ, ਸਿਮਰਨਜੀਤ ਕੌਰ, ਮਨਪ੍ਰੀਤ ਕੌਰ, ਪਰਮਿੰਦਰ ਕੌਰ, ਨਵਦੀਪ ਸਿੰਘ, ਹਰਮੁਖ ਸਿੰਘ ਤੇ ਜਗਜੀਤ ਸਿੰਘ ਨੇ ਕਿਹਾ ਕਿ ਜੇਕਰ ਸਰਕਾਰ ਨੇ ਠੇਕਾ ਮੁਲਾਜ਼ਮਾਂ ਨੂੰ ਪੱਕਿਆਂ ਕਰਕੇ ਉਨਾਂ ਦੇ ਹੱਕ ਨਾ ਦਿੱਤੇ ਤਾਂ ਸੰਘਰਸ਼ ਇਸੇ ਤਰ੍ਹਾਂ ਜਾਰੀ ਰਹੇਗਾ। 20 ਮਾਰਚ ਨੂੰ ਸਰਕਾਰ ਦੀ ਅਰਥੀ ਫੂਕੀ ਜਾਵੇਗੀ । ਜੇਕਰ ਸਰਕਾਰ ਨੇ ਫਿਰ ਵੀ ਠੇਕਾ ਮੁਲਾਜ਼ਮਾਂ ਦੀਆਂ ਮੰਗਾਂ ਨਾ ਮੰਨੀਆਂ ਤਾਂ 28 ਮਾਰਚ ਨੂੰ ਸੰਗਰੂਰ ਮੁੱਖ ਮੰਤਰੀ ਦੀ ਕੋਠੀ ਦਾ ਘਿਰਾਓ ਕੀਤਾ ਜਾਵੇਗਾ।

# ਕੰਮ ਦੇ ਚਲਦਿਆਂ ਰੇਲਵੇ ਫਾਟਕ ਕੀਤਾ ਬੰਦ, ਲੋਕ ਹੋਏ ਪਰੇਸ਼ਾਨ

**ਤਪਾ ਮੰਡੀ, 18 ਮਾਰਚ (ਬੰਟੀ ਦੀਕਸ਼ਿਤ)** ਰੇਲਵੇ ਡਵੀਜਨ ਅੰਬਾਲਾ ਬਠਿੰਡਾ ਰਾਜਪੁਰਾ ਅਤੇ ਧੂਰੀ ਰੇਲਵੇ ਲਾਇਨ ਗੇਟ ਫਾਟਕ ਨੰਬਰ 105 ਉਪਰ ਰੇਲਵੇ ਦੇ ਕਰਮਚਾਰੀਆਂ ਨੇ ਦੋ ਦਿਨ ਕੋਈ ਨੋਟਿਸ ਫਾਟਕ ਉਪਰ ਨਹੀਂ ਲਗਾਇਆ ਕਿ ਰੇਲਵੇ ਫਾਟਕ ਬੰਦ ਕਰਕੇ ਕੰਮ ਕੀਤਾ ਜਾਵੇਗਾ ਫਾਟਕ ਬੰਦ ਕਰਨ ਨਾਲ ਸਕੂਲਾਂ ਦੇ ਬੱਚੇ ਅਤੇ ਆਮ ਲੋਕ ਪ੍ਰੇਸ਼ਾਨ ਹੁੰਦੇ ਰਹੇ। ਔਰਤਾਂ ਤੇ ਨੌਜਵਾਨ ਲੜਕੀਆਂ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਕਰਨ ਪਿਆ ਜਦੋ ਦਰਾਜ ਦਰਾਕਾ ਅਤੇ ਆਲੀਕੇ ਭਦੌੜ ਜੇਠੂਕੇ ਰਾਮਪੁਰਾ ਅਤੇ ਗਿੱਲਕਲਾਂ ਨੂੰ ਜਾਣ ਵਾਲੀਆਂ ਬੱਸਾਂ ਬੰਦ ਹੋ ਗਈਆ। ਕਾਨੂੰਨ ਅਨੁਸਾਰ ਦੋ ਦਿਨ ਰੇਲਵੇ ਨੋਟਿਸ ਰੇਲਵੇ ਫਾਟਕ ਤੇ ਲਗਾਇਆ ਜਾਣਾ ਸੀ ਕਿ ਫਾਟਕ ਬੰਦ ਰਹੇਗਾ, ਪਰ ਕੋਈ ਨੋਟਿਸ ਨਹੀਂ ਲਗਾਏ। ਕੋਈ ਟੈਫਿਕ ਬਦਲ ਪ੍ਰਬੰਧ ਨਹੀਂ ਕੀਤਾ ਗਿਆ। ਇਸ ਮੌਕੇ ਦਰਸਨ ਸਿੰਘ, ਕੁਲਵੰਤ ਸਿੰਘ, ਮੇਲਾ ਸਿੰਘ, ਸਵੇਕ ਸਿੰਘ, ਅਰਵਿੰਦ ਸਿੰਘ, ਬਲਦੇਵ ਸਿੰਘ ਨੇ ਕਿਹਾ ਕਿ ਮੌਕੇ ਉਪਰ ਰੇਲਵੇ ਫਾਟਕ ਬੰਦ ਕਰਨ ਨਾਲ ਆਮ ਲੋਕ ਤੇ ਸਕੂਲ ਦੇ ਬੱਚੇ ਤੇ ਲੜਕੀਆਂ ਤੇ ਮਰੀਜ ਵੀ ਪ੍ਰੇਸ਼ਾਨ ਹੁੰਦੇ ਰਹੇ ਜਦਕਿ ਜਦੋਂ ਰੇਲਵੇ ਫਾਟਕ ਬੰਦ ਕਰਕੇ ਰੇਲਵੇ ਲਾਇਨ ਉਪਰ ਕੰਮ ਕੀਤਾ ਜਾਂਦਾ ਹੈ ਤਾ ਦੋ ਦੋ ਪਹਿਲਾ ਨੋਟਿਸ ਲਾ ਦਿੱਤਾ ਜਾਂਦਾ ਹੈ ਤਾ ਲੋਕ ਬਦਲਕੇ ਰਸਤੇ ਰਾਹੀਂ ਸਕੂਲ, ਕਾਲਜ, ਬਜਾਰ ਜਾਂਦੇ ਹਨ।





ਪਿੰਡ ਧਾਂਦਰਾ ਦੀ ਮਸਜਿਦ ਵਿੱਚ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾ (ਠੇਕੇਦਾਰ )ਨੇ ਵਿਸ਼ੇਸ਼ ਤੌਰ ਤੇ ਪਹੁੰਚ ਕੇ ਮੁਸਲਿਮ ਭਾਈਚਾਰੇ ਨਾਲ ਮਿਲ ਬੈਠ ਕੇ ਰੋਜ਼ਾ ਖੁਲਵਾਇਆ ਅਤੇ ਸਭ ਨੂੰ ਪਿਆਰ, ਭਾਈਚਾਰੇ ਤੇ ਏਕਤਾ ਦਾ ਸੰਦੇਸ਼ ਦਿੱਤਾ। **ਫੋਟੋ ਅਤੇ ਵੇਰਵਾ ਸ਼ਰਮਾ ਪੱਤਰਕਾਰ ਸੰਗਰੂਰ।**



# ਸ੍ਰੀ ਸਨਾਤਨ ਧਰਮ ਪੰਜਾਬ ਮਹਾਵੀਰ ਦਲ ਦੀ ਮੀਟਿੰਗ ਹੋਈ

**ਗਿੱਦੜਬਾਹਾ, 18 ਮਾਰਚ (ਕੁਲਭੂਸ਼ਨ ਗਰਗ)** ਸ੍ਰੀ ਸਨਾਤਨ ਧਰਮ ਪੰਜਾਬ ਮਹਾਵੀਰ ਦਲ ਗਿੱਦੜਬਾਹਾ ਦੀ ਇਕ ਮੀਟਿੰਗ ਸ੍ਰੀ ਦੁੱਖ ਭੰਜਨ ਹਨੂੰਮਾਨ ਮੰਦਰ ਸੁਭਾਸ਼ ਨਗਰ ਗਲੀ ਨੰ 2 ਵਿਖੇ ਦਲ ਦੇ ਪ੍ਰਧਾਨ ਸੰਦੀਪ ਅਰੋੜਾ ਲੱਡੂ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਸੰਬੰਧੀ ਜਾਣਕਾਰੀ ਦਿੰਦੇ ਹੋਏ ਪ੍ਰਧਾਨ ਸੰਦੀਪ ਅਰੋੜਾ ਨੇ ਦੱਸਿਆ ਕਿ ਆਉਣ ਵਾਲੇ 1 ਅਤੇ 2 ਅਪ੍ਰੈਲ ਨੂੰ ਮੰਦਰ ਵਿਖੇ ਸ੍ਰੀ ਹਨੂੰਮਾਨ ਜਨਮਉਤਸਵ ਬਹੁਤ ਹੀ ਸ਼ਰਧਾ ਅਤੇ ਉਤਸਾਹ ਨਾਲ ਮਨਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ 1 ਅਪ੍ਰੈਲ ਨੂੰ ਸਵੇਰੇ 9 ਵਜੇ ਸ੍ਰੀ ਰਮਾਇਣ ਪਾਠ ਆਰੰਭ ਹੋਵੇਗਾ ਅਤੇ 2 ਅਪ੍ਰੈਲ ਨੂੰ ਸਵੇਰੇ 10 ਵਜੇ ਰਮਾਇਣ ਪਾਠ ਦੇ ਭੋਗ ਪਾਏ ਜਾਣਗੇ। ਉਨ੍ਹਾਂ ਦੱਸਿਆ ਕਿ ਭੋਗ ਤੋਂ ਉਰਪੰਤ ਅਟੁੱਟ ਭੰਡਾਰਾਂ ਵਰਤਾਇਆ ਜਾਵੇਗਾ। ਇਸ ਮੌਕੇ ਪ੍ਰਧਾਨ ਸੰਦੀਪ ਅਰੋੜਾ ਲੱਡੂ, ਦੀਵਾਨ ਚੰਦ ਸਚਦੇਵਾ, ਬਲਦੇਵ ਮਹਿਰਾ, ਸੁਰੇਸ਼ ਕੁਮਾਰ, ਰੋਹਿਗ ਗਰਗ, ਸ਼ਿਵ ਗਰਗ, ਬਾਬੂਜੀ ਗੁਪਤਾ, ਭੋਲਾ ਬਾਂਸਲ, ਯਸ਼ ਸਚਦੇਵਾ, ਬੂਟਾ ਰਾਮ, ਸੁਭਾਸ਼ ਮਿੱਤਲ ਅਤੇ ਇਸ਼ਾਨ ਆਦਿ ਵੀ ਮੌਜੂਦ ਸਨ।

# ਇਟਲੀ ਵਿੱਚ ਸਿੱਖ ਧਰਮ ਦੀ ਰਜਿਸਟਰੇਸ਼ਨ ਲਈ ਗੁਰਦੁਆਰਾ ਸਾਹਿਬ ਨੋਵੇਲਾਰਾ ਵਿਖੇ ਯੂਨੀਅਨ ਸਿੱਖ ਇਟਲੀ ਦੀ ਹੋਈ ਵਿਸ਼ੇਸ਼ ਬੈਠਕ



**ਮਿਲਾਨ (ਦਲਜੀਤ ਮੱਕੜ)** ਇਟਲੀ ਵਿੱਚ ਸਿੱਖ ਧਰਮ ਨੂੰ ਮਾਨਤਾ ਦਿਵਾਉਣ ਲਈ ਯਤਨ ਕਰ ਰਹੀ ਸੰਸਥਾ ਯੂਨੀਅਨ ਸਿੱਖ ਇਟਲੀ ਦੀ ਵਿਸ਼ੇਸ਼ ਬੈਠਕ ਗੁਰਦੁਆਰਾ ਸਿੰਘ ਸਭਾ ਨੋਵੇਲਾਰਾ ਵਿਖੇ ਵਿਸ਼ੇਸ਼ ਬੈਠਕ ਹੋਈ। ਜਿਸ ਵਿੱਚ ਯੂਨੀਅਨ ਸਿੱਖ ਇਟਲੀ ਦੇ ਸੇਵਾਦਾਰਾਂ ਤੋਂ ਇਲਾਵਾ ਇਟਲੀ ਦੇ ਵੱਖ ਵੱਖ ਗੁਰਦੁਆਰਾ ਸਾਹਿਬ ਦੀਆ ਪ੍ਰਬੰਧਕ ਕਮੇਟੀਆ, ਵੱਖ ਵੱਖ ਜੱਥੇਬੰਦੀਆ ਦੇ ਮੈਬਰਾਂ ਨੇ ਹਿੱਸਾ ਲਿਆ।

ਇਸ ਮੌਕੇ ਵਿਸ਼ੇਸ਼ ਤੌਰ ਤੇ ਇਮੀਲ਼ੀਆ ਰੋਮਾਨਾ ਦੀ ਸੰਸਦ ਮੈਂਬਰ ਏਨੇਨਾ ਕਰਲੇਤੀ, ਨੋਵੇਲਾਰਾ ਦੇ ਮੇਅਰ ਸਿਮੋਨੇ ਜਾਰਾਤੋਨੇਲੋ ਵੀ ਸ਼ਾਮਿਲ ਹੋਏ ੳਹਨਾਂ ਕਿਹਾ ਕਿ ਸਿੱਖ ਭਾਈਚਾਰੇ ਦਾ ਇਟਲੀ ਦੀ ਆਜਾਦੀ ਵਿੱਚ ਵੱਡਾ ਯੋਗਦਾਨ ਸੀ, ਉੱਥੇ ਹੀ ਇਟਲੀ ਦੀ ਤਰੱਕੀ ਵਿੱਚ ਵੀ ਸਿੱਖ ਭਾਈਚਾਰਾ ਆਪਣੀ ਮਿਹਨਤ ਸਦਕਾ ਅਹਿਮ ਭੂਮਿਕਾ ਨਿਭਾ ਰਿਹਾ ਹੈ। ਉਹਨਾਂ ਬੈਠਕ ਵਿੱਚ ਬੋਲਦਿਆਂ ਇਟਲੀ ਵਿੱਚ ਸਿੱਖ ਧਰਮ ਦੀ ਰਜਿਸਟਰੇਸ਼ਨ ਲਈ ਹਰ ਸੰਭਵ ਮੱਦਦ ਕਰਨ ਦਾ ਭਰੋਸਾ ਵੀ ਦਿੱਤਾ ਅਤੇ ਕਿਹਾ ਕਿ ਬਿਨ੍ਹਾਂ ਕਿਸੇ ਵਿਤਕਰੇ ਹਰ ਸੰਭਵ ਸਹਿਯੋਗ ਕਰਨ ਲਈ ਤਿਆਰ ਹਨ। ਇਸ ਮੀਟਿੰਗ ਵਿੱਚ ਯੂਨੀਅਨ ਸਿੱਖ ਇਟਲੀ ਦੀ ਲੀਗਲ ਟੀਮ ਵੱਜੋਂ ਚਿਆਦੋਤੀ ਨੇ ਸ਼ਿਰਕਤ ਕੀਤੀ ੳਹਨਾਂ ਬੀਤੇ ਵਰੇ ਦੇ ਸੰਸਥਾ ਦੁਆਰਾ ਕੀਤੇ ਖਰਚਿਆਂ ਦਾ ਵੇਰਵਾ ਦਿੱਤਾ ਗਿਆ ਅਤੇ ਅਗਲੇ ਸਾਲ ਲਈ ਬਜਟ ਪੇਸ਼ ਕੀਤਾ ਗਿਆ ਅਤੇ ਸਾਲ 2025 ਦਾ ਬਜਟ ਪਾਸ ਕੀਤਾ ਗਿਆ।ਇਸ ਮੌਕੇ ਪਹੁੰਚੀਆਂ ਸਾਰੀਆ ਪ੍ਰਬੰਧਕ ਕਮੇਟੀਆ ਨੇ ਯੂਨੀਅਨ ਸਿੱਖ ਇਟਲੀ ਦੇ ਹੁਣ ਤੱਕ ਦੇ ਕੀਤੇ ਕਾਰਜਾਂ ਤੇ ਸਹਿਮਤੀ ਅਤੇ ਨਵੇਂ ਕਾਰਜਾਂ ਲਈ ਹਾਮੀ ਭਰੀ। ਗੱਲਬਾਤ ਕਰਦਿਆਂ ਯੂਨੀਅਨ ਸਿੱਖ ਇਟਲੀ ਦੇ ਮੁੱਖ ਸੇਵਾਦਾਰ ਭਾਈ ਸਤਵਿੰਦਰ ਸਿੰਘ ਬਾਜਵਾ ਨੇ ਦੱਸਿਆ ਕਿ ਇਟਲੀ ਵਿੱਚ ਜੋ ਧਰਮ ਰਜਿਸਟਰ ਕਰਵਾਉਣ ਦਾ ਬੀੜਾ ਯੂਨੀਅਨ ਸਿੱਖ ਇਟਲੀ ਨੇ ਚੁੱਕਿਆ ਹੈ ।ਜਿਸ ਤੇ ਹੁਣ ਤੱਕ ਦੇ ਕੀਤੇ ਕਾਰਜਾਂ ਤੇ ਸਾਰੀਆਂ ਕਮੇਟੀਆ ਭਰੋਸਾ ਜਤਾ ਰਹੀਆਂ ਹਨ ੳਹਨਾਂ ਆਸ ਪ੍ਰਗਟਾਈ ਕਿ ਉਹ ਇਟਲੀ ਵਿਚ ਸਿੱਖ ਧਰਮ ਰਜਿਸਟਰਡ ਕਰਵਾਉਣ ਦੀ ਪ੍ਰਕਿਆ ਨੂੰ ਨੇਪਰੇ ਜਰੂਰ ਚਾੜਨਗੇ, ੳਹਨਾਂ ਦੱਸਿਆਂ ਕਿ ਵੱਖ ਵੱਖ ਸਮੇਂ ਤੇ ਵੱਖ ਵੱਖ ਯੂਨੀਵਰਸਿਟੀਆ ਵਿੱਚ ਵੀ ਸਿੱਖ ਧਰਮ ਦੀ ਜਾਣਕਾਰੀ ਹਿੱਤ ਵਰਕਸ਼ਾਪ ਲਗਾਈਆ ਗਈਆ ਹਨ, ਜਿਸਦਾ ਵਧੀਆ ਹੁੰਗਾਰਾ ਮਿਲਿਆ ਹੈ। ਉਹਨਾਂ ਵੱਧ ਤੋਂ ਵੱਧ ਨੌਜਵਾਨਾਂ ਨੂੰ ਯੂਨੀਅਨ ਸਿੱਖ ਇਟਲੀ ਨਾਲ ਜੁੜਨ ਦੀ ਅਪੀਲ ਕੀਤੀ।



# ਬਾਰ ਕੌਂਸਲ ਪੰਜਾਬ ਐਂਡ ਹਰਿਆਣਾ ਦੇ ਮੈਂਬਰਾਂ ਦੀ ਚੋਣ ਲਈ ਮਤਦਾਨ ਸ਼ਾਂਤਮਈ ਢੰਗ ਨਾਲ ਸੰਪੰਨ

**ਗਿੱਦੜਬਾਹਾ, 18 ਮਾਰਚ (ਕੁਲਭੂਸ਼ਨ ਗਰਗ)** ਬਾਰ ਕੌਂਸਲ ਪੰਜਾਬ ਐਂਡ ਹਰਿਆਣਾ ਦੇ ਮੈਬਰਾਂ ਦੀ ਚੋਣ ਲਈ ਅੱਜ ਗਿੱਦੜਬਾਹਾ ਬਾਰ ਐਸੋਸੀਏਸ਼ਨ ਵਿਖੇ ਮਤਦਾਨ ਸ਼ਾਂਤਮਈ ਢੰਗ ਨਾਲ ਪੂਰਨ ਹੋ ਗਿਆ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਬਾਰ ਐਸੋਸੀਏਸ਼ਨ ਦੇ ਸਾਬਕਾ ਪ੍ਰਧਾਨ ਐਡਵੋਕੇਟ ਹਰਦੀਪ ਸਿੰਘ ਭੰਗਾਲ, ਐਡਵੋਕੇਟ ਐਨ.ਡੀ ਸਿੰਗਲਾ ਅਤੇ ਐਡਵੋਕੇਟ ਮੋਹਿਤ ਗਰਗ ਨੇ ਦੱਸਿਆ ਕਿ ਉਕਤ ਚੋਣ ਲਈ ਕੁੱਲ 157 ਉਮੀਦਵਾਰ ਚੋਣ ਮੈਦਾਨ ਵਿਚ ਸਨ। ਉਨ੍ਹਾਂ ਦੱਸਿਆ ਕਿ ਪ੍ਰੈਫਰੈਂਸ ਵੋਟਿੰਗ (ਤਰਜੀਹ ਵੋਟਿੰਗ) ਦੇ ਆਧਾਰ ਤੇ ਹੋਏ ਇਸ ਮਤਦਾਨ ਵਿਚ ਕੁੱਲ 25 ਮੈਂਬਰ ਜਿੱਤ ਪ੍ਰਾਪਤ ਕਰਨਗੇ ਅੱਗੇ ਜੇਤੂ ਮੈਂਬਰਾਂ ਵੱਲੋਂ ਕੌਂਸਲ ਦੇ ਚੇਅਰਮੈਨ ਦੀ ਚੋਣ ਕੀਤੀ ਜਾਵੇਗੀ। ਵਰਣਨਯੋਗ ਹੈ ਕਿ ਇੰਨਾਂ ਚੋਣਾ ਵਿਚ ਵੋਟਿੰਗ ਦਾ ਅਧਿਕਾਰ ਕੇਵਲ ਬਾਰ ਕੌਂਸਲ ਪੰਜਾਬ ਐਂਡ ਹਰਿਆਣਾ ਪਾਸ ਰਜਿਸਟਰਡ ਵਕੀਲਾਂ ਪਾਸ ਹੀ ਹੁੰਦਾ ਹੈ। ਮਤਦਾਨ ਸੰਬੰਧੀ ਜਾਣਕਾਰੀ ਦਿੰਦੇ ਹੋਏ ਸੁਪਰਵਾਈਜਰ ਜਗਮੋਹਣ ਸਿੰਘ ਏ.ਡੀ.ਓ., ਵੋਲਿੰਗ ਅਫਸਰ ਸੁਖਬੀਰ ਸਿੰਘ ਅਤੇ ਸਹਾਇਕ ਪੋਲਿੰਗ ਅਫਸਰ ਮੋਹਿਤ ਕੁਮਾਰ ਨੇ ਦੱਸਿਆ ਕਿ ਪੋਲਿੰਗ ਦੌਰਾਨ 176 ਵੋਟਰਾਂ ਵੱਲੋਂ ਆਪਣੀ ਵੋਟ ਦੇ ਹੱਕ ਦਾ ਇਸਤੇਮਾਲ ਕੀਤਾ ਗਿਆ। ਵਰਣਨਯੋਗ ਹੈ ਕਿ ਬਾਰ ਐਸੋਸੀਏਸ਼ਨ ਗਿੱਦੜਬਾਹਾ ਦੀਆਂ ਕੁੱਲ 197 ਵੋਟਾਂ ਸਨ, ਜਿੰਨਾਂ ਵਿਚੋਂ 7 ਡੈਥ ਕੇਸ ਘਟਾ ਕੇ ਕੁੱਲ 190 ਵੈਧ ਵੋਟਾਂ ਸਨ। ਉੱਧਰ ਉਕਤ ਮਤਦਾਨ ਨੂੰ ਲੈ ਕੇ ਗਿੱਦੜਬਾਹਾ ਦੇ ਡੀ.ਐਸ.ਪੀ. ਅਰੁਣ ਮੁੰਡਨ ਅਤੇ ਐਸ.ਐਚ.ਓ. ਹਰਗੋਬਿੰਦ ਸਿੰਘ ਮਾਨ ਵੱਲੋਂ ਵਿਸ਼ੇਸ਼ ਸੁਰੱਖਿਆ ਪ੍ਰਬੰਧ ਕੀਤੇ ਗਏ ਸਨ। ਅੱਜ ਦੀ ਪੋਲਿੰਗ ਦੌਰਾਨ ਪਹਿਲੀ ਵਾਰ ਆਪਣੇ ਵੋਟ ਦੇ ਅਧਿਕਾਰ ਦਾ ਇਸਤੇਮਾਲ ਕਰਨ ਵਾਲੇ ਨਵੇਂ ਵਕੀਲਾਂ ਵਿਚ ਵਿਸ਼ੇਸ਼ ਉਤਸਾਹ ਦੇਖਣ ਨੂੰ ਮਿਲਿਆ।

# ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿੱਚ ਘਰੇਲੂ ਗੈਸ ਦੀ ਕੋਈ ਵੀ ਕਮੀ ਨਹੀਂ- ਵਧੀਕ ਡਿਪਟੀ ਕਮਿਸ਼ਨਰ (ਜ), ਲੋਕਾਂ ਦੀ ਸੁਵਿਧਾ ਲਈ ਕੰਟਰੋਲ ਰੂਮ ਸਥਾਪਿਤ

**ਸ੍ਰੀ ਮੁਕਤਸਰ ਸਾਹਿਬ, 18 ਮਾਰਚ (ਮਾਲਵਾ ਬਾਣੀ)** ਵਧੀਕ ਡਿਪਟੀ ਕਮਿਸ਼ਨਰ ਡੈਵੀ ਗੋਇਲ ਸ੍ਰੀ ਮੁਕਤਸਰ ਸਾਹਿਬ ਦੀ ਅਗਵਾਈ ਵਿੱਚ ਜ਼ਿਲ੍ਹਾ ਖੁਰਾਕ ਤੇ ਸਪਲਾਈਜ ਕੰਟਰੋਲਰ ਹਿਮਾਂਸ਼ੂ ਕੁੱਕੜ ਅਤੇ ਜ਼ਿਲ੍ਹਾ ਗੈਸ ਕੋਆਰਡੀਨੇਟਰ ਮੁਹੰਮਦ ਆਸਿਫ ਨਾਲ ਐਲ.ਪੀ.ਜੀ ਗੈਸ ਦੇ ਸਬੰਧ ਵਿੱਚ ਮੀਟਿੰਗ ਕੀਤੀ ਗਈ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਨੇ ਸਮੂਹ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿੱਚ ਘਰੇਲੂ ਗੈਸ ਦੀ ਕੋਈ ਵੀ ਕਮੀ ਨਹੀਂ ਹੈ। ਉਨ੍ਹਾਂ ਸਮੂਹ ਗੈਸ ਏਜੰਸੀਆਂ ਨੂੰ ਹਦਾਇਤ ਕੀਤੀ ਕਿ ਕਿਸੇ ਵੀ ਕਿਸਮ ਦੀ ਬਲੈਕ-ਮਾਰਕੀਟਿੰਗ ਨਾ ਕੀਤੀ ਜਾਵੇ। ਜੇਕਰ ਕੋਈ ਵੀ ਬਲੈਕ-ਮਾਰਕੀਟਿੰਗ ਕਰਦਾ ਪਾਇਆ ਗਿਆ ਤਾਂ ਉਸ ਵਿਰੁੱਧ ਸਖਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।



ਜ਼ਿਲ੍ਹਾ ਖੁਰਾਕ ਤੇ ਸਪਲਾਈਜ ਕੰਟਰੋਲਰ ਹਿਮਾਂਸ਼ੂ ਕੁੱਕੜ ਨੇ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕਮਰਸ਼ੀਅਲ ਸਿਲੰਡਰਾਂ ਦੀ ਹਸਪਤਾਲਾਂ, ਵਿੱਦਿਅਕ ਸੰਸਥਾਵਾਂ ਸਮੇਤ ਹੋਸਟਲ ਅਤੇ ਵਿਆਹ ਸਮਾਗਮਾਂ (ਮੁੱਖ ਤੌਰ ਤੇ ਲੜਕੀ ਦੇ ਵਿਆਹ) ਲਈ ਸਪਲਾਈ ਦੇ ਸਬੰਧ ਵਿੱਚ ਜ਼ਿਲ੍ਹਾ ਖੁਰਾਕ ਤੇ ਸਪਲਾਈਜ਼ ਕੰਟਰੋਲਰ ਸ੍ਰੀ ਮੁਕਤਸਰ ਸਾਹਿਬ ਦੇ ਦਫਤਰ ਵਿਖੇ ਕੰਟਰੋਲ ਰੂਮ ਸਥਾਪਤ ਕੀਤਾ ਗਿਆ ਹੈ। ਕੰਟਰੋਲ ਰੂਮ ਦੇ ਮੋਬਾਇਲ ਨੰਬਰ 97794-00217 ਅਤੇ 73550-88673 ਹਨ। ਇਹ ਕੰਟਰੋਲ ਰੂਮ ਸਵੇਰੇ 8 ਵਜੇ ਤੋਂ ਸ਼ਾਮ 8 ਵਜੇ ਤੱਕ ਚਾਲੂ ਰਹੇਗਾ। ਸਮੂਹ ਗੈਸ ਉਪਭੋਗਤਾਵਾਂ ਨੂੰ ਜ਼ਿਲ੍ਹਾ ਗੈਸ ਕੋਆਰਡੀਨੇਟਰ ਮੁਹੰਮਦ ਆਸਿਫ ਨੇ ਦੱਸਿਆ ਹੈ ਕਿ ਗੈਸ ਬੁਕਿੰਗ ਆਨਲਾਈਨ ਵਿਧੀ ਰਾਂਹੀ ਕਰਵਾਈ ਜਾਵੇ ਅਤੇ ਜਿਹਨਾਂ ਖਪਤਕਾਰਾਂ ਦੀ ਈ-ਕੇ.ਵਾਈ.ਸੀ ਨਹੀਂ ਹੋਈ, ਉਹ ਗੈਸ ਏਜੰਸੀ ਤੇ ਜਾ ਕੇ ਆਪਣੀ ਈ-ਕੇ.ਵਾਈ.ਸੀ ਕਰਵਾ ਸਕਦੇ ਹਨ।

# ਪੰਜਾਬ ਵਿਚ ਪਹਿਲੀ ਨਸ਼ਾ ਅਤੇ ਸਮਾਜਿਕ ਆਰਥਿਕ ਗਣਨਾ ਤਹਿਤ ਪਿੰਡਾਂ ਵਿਚ ਨਸ਼ੇੜੀਆਂ ਦੀ ਪਹਿਚਾਣ ਕਰਨ ਲਈ ਅਧਿਆਪਕਾਂ ਦੀ ਡਿਊਟੀ ਲਗਾਉਣ ਦੀ ਬੀ ਐਂਡ ਫ਼ਰੰਟ ਵੱਲੋਂ ਨਿਖੇਧੀ



**ਧਰਮਕੋਟ 18 ਮਾਰਚ (ਸਤਨਾਮ ਸਿੰਘ ਘਾਰੂ /ਰਾਜੂ ਆਹੂਜਾ)** ਪੰਜਾਬ ਵਿੱਚ ਪਹਿਲੀ ਨਸ਼ਾ ਅਤੇ ਸਮਾਜਿਕ ਆਰਥਿਕ ਗਣਨਾ ਤਹਿਤ ਪਿੰਡਾਂ ਵਿੱਚ ਨਸ਼ੇੜੀਆਂ ਦੀ ਗਿਣਤੀ ਕਰਨ ਵਿੱਚ ਅਧਿਆਪਕਾਂ ਦੀ ਡਿਊਟੀ ਲਗਾਉਣ ਦੀ ਬੀ ਐਂਡ ਅਧਿਆਪਕ ਫ਼ਰੰਟ ਪੰਜਾਬ ਵੱਲੋਂ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ। ਬੀ ਐਂਡ ਅਧਿਆਪਕ ਫ਼ਰੰਟ ਪੰਜਾਬ ਦੇ ਪ੍ਰਧਾਨ ਪ੍ਰਗਟਜੀਤ ਸਿੰਘ ਕਿਸ਼ਨਪੁਰਾ ਨੇ ਕਿਹਾ ਕਿ ਪੇਪਰਾਂ ਅਤੇ ਸਕੂਲਾਂ ਵਿੱਚ ਨਵੇਂ ਦਾਖਲਿਆਂ ਦੇ ਸਮੇਂ ਵਿੱਚ ਅਧਿਆਪਕਾਂ ਨੂੰ ਸਕੂਲਾਂ ਤੋਂ ਬਾਹਰ ਕਰਨਾ ਮੰਦਭਾਗਾ ਹੈ ਅਤੇ ਇਹ ਕੰਮ ਕਿਸੇ ਨਿੱਜੀ ਕੰਪਨੀ ਤੋਂ ਵੀ ਕਰਵਾਇਆ ਜਾ ਸਕਦਾ ਹੈ। ਇਸ ਮੌਕੇ ਜਥੇਬੰਦੀ ਦੇ ਆਗੂਆਂ ਤੇਜਿੰਦਰ ਸਿੰਘ ਮੋਹਾਲੀ ,ਪਰਮਜੀਤ ਸਿੰਘ ਫਿਰੋਜ਼ਪੁਰ ਸਰਤਾਜ ਸਿੰਘ ਕਪੂਰਥਲਾ, ਰਵਿੰਦਰ ਸਿੰਘ ਜਲੰਧਰ ਨੇ ਕਿਹਾ ਕੇ ਸਿੱਖਿਆ ਵਿਭਾਗ ਦੇ ਅਫਸਰਾਂ ਵਲੋਂ ਹਰ ਸਕੂਲ ਨੂੰ ਘੱਟੋ ਘੱਟ ਦੋ ਦੋ ਵਲੰਟੀਅਰ ਦੇਣ ਦੇਣ ਲਈ ਧਮਕਾਇਆ ਜਾ ਰਿਹਾ ਹੈ ਜਦਕਿ ਇਸ ਕੰਮ ਲਈ ਜਾਰੀ ਹਦਾਇਤਾਂ ਅਨੁਸਾਰ ਸਵੈ ਇੱਛਾ ਅਨੁਸਾਰ ਵਲੰਟੀਅਰ ਨੇ ਆਪਣਾ ਬਿਨੈ ਪੱਤਰ ਦੇਣਾ ਹੈ ਤੇ ਤੇ ਉਸ ਦੀ ਯੋਗਤਾ ਗਰੈਜੂਏਟ ਹੋਣਾ ਤੇ ਸਰਕਾਰੀ ਮੁਲਾਜਮ ਹੋਣਾ ਜਰੂਰੀ ਹੈ ਤੇ ਉਹ ਦਫਤਰ ਸਮੇਂ ਤੋਂ ਬਾਅਦ ਜਾਂ ਛੁੱਟੀ ਵਾਲੇ ਦਿਨ ਇਸ ਕੰਮ ਨੂੰ ਕਰ ਸਕਦਾ ਹੈ। ਪਰ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਵਲੋਂ ਧੱਕੇ ਨਾਲ ਅਧਿਆਪਕਾਂ ਦੀਆਂ ਵਲੰਟੀਅਰ ਡਿਊਟੀਆਂ ਲਗਾਉਣਾਂ ਠੀਕ ਨਹੀਂ ਹੈ। ਇਸ ਮੌਕੇ ਦੇਪਿੰਦਰ ਸਿੰਘ ਢਿੱਲੋਂ ਗੁਰਮੀਤ ਸਿੰਘ ਮੋਗਾ ਪਰਮਜੀਤ ਦੁੱਗਲ, ਨੇ ਕਿਹਾ ਕਿ ਇੱਕ ਪਾਸੇ ਤਾਂ ਸਰਕਾਰ ਸਿੱਖਿਆ ਵਿੱਚ ਕ੍ਰਾਂਤੀ ਦੇ ਦਮਗਜ਼ੇ ਮਾਰ ਰਹੀ ਹੈ ਤੇ ਦੂਸਰੇ ਪਾਸੇ ਅਧਿਆਪਕਾਂ ਤੋਂ ਗੈਰ ਵਿਦਿਅਕ ਕੰਮ ਧੱਕੇ ਨਾਲ ਕਰਵਾਏ ਜਾ ਰਹੇ ਹਨ। ਇਸ ਮੌਕੇ ਹਰਵਿੰਦਰ ਸਿੰਘ ਬਰਨਾਲਾ, ਕਮਲਜੀਤ ਜਲੰਧਰ, ਰਵਿੰਦਰ ਸਿੰਘ ਲੁਧਿਆਣਾ, ਮਨਦੀਪ ਸਿੰਘ ਲੁਧਿਆਣਾ, ਅਮਰਜੀਤ ਸਿੰਘ ਰੋਪੜ, ਰਾਜ ਕੁਮਾਰ ਟੋਨੀ, ਕੇਵਲ ਸਿੰਘ ਮੁਕਤਸਰ, ਤਲਵਿੰਦਰ ਸਿੰਘ ਅਮ੍ਰਿਤਸਰ ਆਗੂ ਹਾਜ਼ਰ ਸਨ।

# ਸਰਕਾਰਾਂ ਦੀ ਮਰੀ ਹੋਈ ਜਮੀਰ ਨੂੰ ਜਗਾਉਣ ਲਈ ਧਰਮ ਯੁੱਧ ਮੋਰਚੇ 'ਚ ਸ਼ਾਮਿਲ ਹੋਣ ਲੋਕ- ਦਲਜੀਤ ਮਿਆਦੀਆਂ



**ਅੰਮ੍ਰਿਤਸਰ, 18 ਮਾਰਚ (ਸੋਨੂ ਨਰੂਲਾ)** ਧਰਮ ਯੁੱਧ ਮੋਰਚੇ ਦੇ ਬੈਠੇ ਸਿੱਖਾਂ ਨੂੰ ਸਰਕਾਰ ਜਲਦ ਇਨਸਾਫ ਦੇਵੇ ਅਤੇ ਬੰਦੀ ਸਿੰਘਾਂ ਨੂੰ ਜਲਦ ਤੋਂ ਜਲਦ ਰਿਹਾ ਕਰੇ ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਅਕਾਲੀ ਦਲ ਵਾਰਿਸ ਪੰਜਾਬ ਦੇ ਹਲਕਾ ਰਾਜਾਸਾਂਸੀ ਤੋਂ ਆਗੂ ਦਲਜੀਤ ਸਿੰਘ ਮਿਆਦੀਆਂ ਨੇ ਧਰਮ ਯੁੱਧ ਮੋਰਚੇ ਵਿੱਚ ਸ਼ਾਮਿਲ ਹੋ ਕੇ ਸਟੇਜ ਨੂੰ ਸੰਬੋਧਨ ਕਰਦਿਆਂ ਕੀਤਾ। ਉਹਨਾਂ ਕਿਹਾ ਕਿ ਬੜੇ ਦੁੱਖ ਦੀ ਗੱਲ ਹੈ ਕਿ ਸਰਕਾਰਾਂ ਵੱਲੋਂ ਬਿਨਾਂ ਕਿਸੇ ਮਤਬਲ ਇਹਨਾਂ ਬੰਦੀ ਸਿੰਘਾਂ ਨੂੰ ਜੇਲਾਂ ਵਿੱਚ ਡੱਕਿਆ ਹੋਇਆ ਹੈ ਅਤੇ ਲੰਮੇ ਸਮੇਂ ਤੋਂ ਇਹ ਬੰਦੀ ਸਿੰਘ ਨਜਾਇਜ਼ ਤੌਰ ਤੇ ਬਿਨਾਂ ਕਿਸੇ ਅਪਰਾਧ ਦੇ ਲੰਬੀਆਂ ਸਜਾਵਾਂ ਕੱਟ ਰਹੇ ਹਨ ਅਤੇ ਇਹਨਾਂ ਸਰਕਾਰਾਂ ਵੱਲੋਂ ਅੱਜ ਤੱਕ ਇਹਨਾਂ ਨੂੰ ਕਿਸ ਜੁਲਮ ਵਿੱਚ ਜੇਲਾਂ ਵਿੱਚ ਡੱਕਿਆ ਹੈ ਉਸ ਦਾ ਕੋਈ ਜਵਾਬ ਨਹੀਂ ਦੇ ਸਕਿਆ। ਦਲਜੀਤ ਸਿੰਘ ਮਿਆਦੀਆਂ ਨੇ ਕਿਹਾ ਕਿ ਇਹਨਾਂ ਬੰਦੀ ਸਿੰਘਾਂ ਦੀ ਰਿਹਾਈ ਲਈ ਪੰਜਾਬੀਆਂ ਵੱਲੋਂ ਕਈ ਮੋਰਚੇ ਲਗਾਏ ਗਏ ਹਨ ਅਤੇ ਵੀ ਪੰਜਾਬ ਵਿੱਚ ਧਰਮ ਯੁੱਧ ਮੋਰਚਾ ਲਗਾਇਆ ਗਿਆ ਹੈ। ਜਿਸ ਵਿੱਚ ਭਾਈ ਗੁਰਜੀਤ ਸਿੰਘ ਖਾਲਸਾ ਜੋ ਕਿ ਲੰਮੇ ਸਮੇਂ ਤੋਂ ਟਾਵਰ ਤੇ ਬੈਠ ਕੇ ਇਹਨਾਂ ਬੰਦੀ ਸਿੰਘਾਂ ਦੀ ਰਿਹਾਈ ਲਈ ਸੰਘਰਸ਼ ਕਰ ਰਹੇ ਜਿਨਾਂ ਦੀ ਤਬੀਅਤ ਵੀ ਕਾਫੀ ਵਿਗੜ ਚੁੱਕੀ ਹੈ ਸਰਕਾਰਾਂ ਦੇ ਅੱਜ ਤੱਕ ਕੰਨ ਤੇ ਜੂ ਨਹੀਂ ਸਰਕੀ ਜਿਸ ਤੋਂ ਪਤਾ ਲੱਗਦਾ ਹੈ ਕਿ ਇਹ ਸਰਕਾਰਾਂ ਪੰਜਾਬੀਆਂ ਪ੍ਰਤੀ ਕਿਸ ਤਰ੍ਹਾਂ ਦੀਆਂ ਸੋਚ ਰੱਖਦੀਆਂ ਹਨ। ਦਲਜੀਤ ਸਿੰਘ ਮਿਆਦੀਆਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਜੋ ਕਿ ਪੰਜਾਬ ਦੇ ਲੋਕਾਂ ਨੂੰ ਹੱਕ ਦਵਾਉਣ ਦੀ ਗੱਲ ਕਰਦੀ ਸੀ ਉਹ ਸਰਕਾਰ ਅੱਜ ਦਿੱਲੀ ਦੇ ਇਸ਼ਾਰਿਆਂ ਤੇ ਨੱਚ ਰਹੀ ਹੈ ਤੇ ਪੰਜਾਬੀਆਂ ਨੂੰ ਜੋ ਹੱਕ ਦਿਵਾਉਣ ਅਤੇ ਬੰਦੀ ਸਿੰਘਾਂ ਨੂੰ ਰਿਹਾ ਕਰਵਾਉਣ ਤੇ ਹੋਈਆਂ ਬੇਅਦਬੀਆਂ ਦੇ ਦੋਸ਼ੀਆਂ ਨੂੰ ਸਜਾਵਾਂ ਦਿਵਾਉਣ ਦੀ ਗੱਲ ਕਰਦੀ ਸੀ ਉਹ ਪੂਰੀ ਤਰ੍ਹਾਂ ਦਿੱਲੀ ਦੇ ਬਾਬੂਆਂ ਦੇ ਹੱਥਾਂ ਦੀ ਕੱਠਪੁਤਲੀ ਬਣ ਕੇ ਰਹਿ ਗਈ ਹੈ ਜਿਸ ਨੂੰ ਫੈਸਲੇ ਲੈਣ ਲਈ ਦਿੱਲੀ ਦੇ ਹੁਕਮਾਂ ਮੁਤਾਬਕ ਚੱਲਣਾ ਪੈਂਦਾ ਹੈ। ਦਲਜੀਤ ਸਿੰਘ ਮਿਆਦੀਆਂ ਨੇ ਕਿਹਾ ਕਿ ਸਾਨੂੰ ਆਪਣੇ ਹੱਕ ਲੈਣ ਅਤੇ ਬੰਦੀ ਸਿੰਘਾਂ ਦੀ ਰਿਹਾਈ ਲਈ ਇਸ ਚੱਲ ਰਹੇ ਧਰਮ ਯੁੱਧ ਵਿੱਚ ਵੱਧ ਤੋਂ ਵੱਧ ਪੁੱਜਣਾ ਚਾਹੀਦਾ ਹੈ ਤਾਂ ਜੋ ਇਹਨਾਂ ਸਰਕਾਰਾਂ ਦੀ ਮਰੀ ਹੋਈ ਜਮੀਰ ਨੂੰ ਜਗਾਇਆ ਜਾ ਸਕੇ।

# ਅਧਿਆਪਕਾਂ ਦੀ ਸੇਵਾ ਸੁਰੱਖਿਆ ਦੀ ਬਜਾਏ ਪੁਲਸੀਆ ਤਸ਼ੱਦਦ ਵਿਰੁੱਧ ਪੰਜਾਬ ਸਰਕਾਰ ਦੀਆਂ ਅਰਥੀਆਂ ਫੂਕੀਆਂ

**ਨਾਭਾ 18 ਮਾਰਚ (ਅਮਨ ਗਰਗ)** ਨਾਭਾ ਸ਼ਹਿਰ ਵਿਖੇ ਸਮੂਹ ਅਧਿਆਪਕ ਜਥੇਬੰਦੀਆਂ ਦੇ ਆਗੂਆਂ ਡਾ. ਗੁਰਪ੍ਰੀਤ ਸਿੰਘ ਨਾਭਾ, ਜਗਪ੍ਰੀਤ ਸਿੰਘ ਭਾਟੀਆ, ਜਗਤਾਰ ਸਿੰਘ ਜੱਗੀ, ਡਾ. ਰਾਮ ਸ਼ਰਨ ਅਤੇ ਹਿੰਮਤ ਸਿੰਘ ਦੀ ਅਗਵਾਈ ਵਿੱਚ ਸਥਾਨਕ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਦੇ ਦਫਤਰ ਅੱਗੇ ਕੇਂਦਰ ਸਰਕਾਰ ਦੇ ਇਸ਼ਾਰੇ 'ਤੇ ਸੁਪਰੀਮ ਕੋਰਟ ਰਾਹੀਂ ਟੈੱਟ (ਅਧਿਆਪਕ ਯੋਗਤਾ ਟੈਸਟ) ਦੀ ਬਿਲਕੁਲ ਬੇਲੋੜੀ, ਗੈਰਵਿਧਾਨਿਕ ਸ਼ਰਤ ਜਬਰੀ ਥੋਪਣ, ਪੰਜਾਬ ਸਰਕਾਰ ਵਲੋਂ ਬਜਟ ਸੈਸ਼ਨ ਦੌਰਾਨ ਅਧਿਆਪਕਾਂ ਦੀ ਸੇਵਾ ਸੁਰੱਖਿਆ ਲਈ ਬਿੱਲ ਨਾ ਲਿਆਉਣ, ਸੁਪਰੀਮ ਕੋਰਟ ਵਿੱਚ ਰੀਵਿਊ ਪਟੀਸ਼ਨ ਦਾਖਲ ਨਾ ਕਰਨ, ਸਿੱਖਿਆ ਵਿਭਾਗ ਵਲੋਂ ਕੁਝ ਵਰਗਾਂ ਨੂੰ ਟੈੱਟ ਤੋਂ ਛੋਟ ਦੇਣ ਦਾ ਪੱਤਰ ਰੱਦ ਕਰਨ, ਸੰਘਰਸ਼ ਦੌਰਾਨ ਜਲ ਤੋਪਾਂ, ਲਾਠੀਚਾਰਜ ਅਤੇ ਅਥਰੂ ਗੈਸ ਦੇ ਗੋਲਿਆਂ ਦੀ ਅੰਨ੍ਹੇਵਾਹ ਵਰਤੋਂ ਕਰਕੇ ਅਧਿਆਪਕਾਂ ਨੂੰ ਜ਼ਖਮੀ ਕਰਕੇ ਰਾਸ਼ਟਰ ਨਿਰਮਾਤਾ ਅਧਿਆਪਕਾਂ ਦੇ ਮਾਨ ਸਨਮਾਨ ਨੂੰ ਸੱਟ ਮਾਰਨ ਦੇ ਵਿਰੋਧ ਵਿੱਚ ਪੰਜਾਬ ਸਰਕਾਰ ਦੇ ਖਿਲਾਫ ਨਾਰੇਬਾਜੀ ਕੀਤੀ ਗਈ ਅਤੇ ਉਸ ਦੀ ਅਰਥੀ ਫੂਕੀ ਗਈ। ਡੈਮੋਕ੍ਰੇਟਿਕ ਟੀਚਰਜ਼ ਫਰੰਟ ਦੇ ਸੂਬਾ ਪ੍ਰਧਾਨ ਵਿਕਰਮ ਦੇਵ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਆਪਣੇ ਚਾਰ ਸਾਲ ਦੇ ਕਾਰਜਕਾਲ ਵਿੱਚ ਅਧਿਆਪਕਾਂ ਦੀ ਕਿਸੇ ਵੀ ਸਮੱਸਿਆ ਦਾ ਹੱਲ ਕਰਨ ਦੀ ਬਜਾਏ ਮਸਲਿਆਂ ਦੇ ਹੱਲ ਲਈ ਸੰਘਰਸ਼ ਕਰ ਰਹੇ ਅਧਿਆਪਕਾਂ ਦੇ ਹਰ ਵਰਗ 'ਤੇ ਪੁਲਸੀਆ ਤਸ਼ੱਦਦ ਹੀ ਕੀਤਾ ਹੈ। ਪੁਰਾਣੀ ਪੈਨਸ਼ਨ ਸਕੀਮ ਦੀ ਬਹਾਲੀ ਲਈ ਲੰਗੜਾ ਨੋਟੀਫਿਕੇਸ਼ਨ ਜਾਰੀ ਕਰਨ ਦੇ ਬਾਵਜੂਦ ਹੁਣ ਤੱਕ ਲਾਗੂ ਨਹੀਂ ਕੀਤੀ ਗਈ, ਤਨਖਾਹ ਦੁਹਰਾਈ ਦੇ ਬਕਾਏ, ਨਵੇਂ ਸਕੇਲ ਰੱਦ ਕਰਕੇ ਪੰਜਾਬ ਤਨਖ਼ਾਹ ਸਕੇਲਾਂ ਦੀ ਬਹਾਲੀ, ਮਹਿੰਗਾਈ ਭੱਤੇ ਦੀਆਂ ਰਹਿੰਦੀਆਂ ਕਿਸ਼ਤਾਂ ਅਤੇ ਜਾਰੀ ਕੀਤੀਆਂ ਕਿਸ਼ਤਾਂ ਦੇ ਬਕਾਏ ਮਿੱਟੀ ਘੱਟੇ ਰਲਾ ਦਿੱਤੇ ਗਏ ਹਨ, ਸੋਧਣ ਦੇ ਨਾਂ 'ਤੇ ਬੰਦ ਕੀਤੇ ਸਮੁੱਚੇ ਭੱਤੇ ਬਹਾਲ ਨਹੀਂ ਕੀਤੇ ਜਾ ਰਹੇ, ਤਨਖਾਹ ਕਮਿਸ਼ਨ ਦੀ ਪੂਰੀ ਰਿਪੋਰਟ ਵੀ ਜਾਰੀ ਨਹੀਂ ਕੀਤੀ ਗਈ, ਸਕੂਲਾਂ ਵਿੱਚ ਅਧਿਆਪਕਾਂ ਦੀਆਂ ਅਤੇ ਸਕੂਲ ਮੁਖੀਆਂ ਦੀਆਂ ਹਜ਼ਾਰਾਂ ਪੋਸਟਾਂ ਖਾਲੀ ਹੋਣ ਦੇ ਬਾਵਜੂਦ ਬੇਰੁਜ਼ਗਾਰ ਅਧਿਆਪਕਾਂ ਨੂੰ ਰੁਜ਼ਗਾਰ ਨਹੀਂ ਦਿੱਤਾ ਜਾ ਰਿਹਾ ਅਤੇ ਨਾ ਹੀ ਬਨਦੀਆਂ ਤਰੱਕੀਆਂ ਨੇਪਰੇ ਚਾੜ੍ਹੀਆਂ ਹਨ। ਉਨ੍ਹਾਂ ਕਿਹਾ ਕਿ ਇੱਕ ਪਾਸੇ ਪੰਜਾਬ ਸਰਕਾਰ ਵਲੋਂ ਖਜਾਨਾ ਭਰੇ ਹੋਣ ਦੇ ਦਮਗਜੇ ਮਾਰੇ ਜਾ ਰਹੇ ਹਨ, ਪਰ ਅਧਿਆਪਕਾਂ ਦੇ ਵਿੱਤੀ ਮਸਲੇ ਹੱਲ ਨਹੀਂ ਕੀਤੇ ਜਾ ਰਹੇ, ਬਹੁਗਿਣਤੀ ਅਧਿਆਪਕ ਫਰਵਰੀ ਮਹੀਨੇ ਦੀ ਤਨਖਾਹ ਨੂੰ ਵੀ ਤਰਸ ਰਹੇ ਹਨ। ਇਹਨਾਂ ਸਮੱਸਿਆਵਾਂ ਦਾ ਹੱਲ ਕਰਨ ਦੀ ਬਜਾਏ ਸੇਵਾ ਨਿਭਾ ਰਹੇ ਅਧਿਆਪਕਾਂ ਦੇ ਸਿਰ ਤੇ ਛਾਂਟੀ ਦੀ ਤਲਵਾਰ ਲਟਕਾ ਦਿੱਤੀ ਗਈ ਹੈ। ਇਸ ਪ੍ਰਦਰਸ਼ਨ ਵਿੱਚ ਭਜਨ ਸਿੰਘ ਨੋਹਰਾ, ਪਵਨ ਕੁਮਾਰ, ਵਿਕਾਸ ਸਹਿਗਲ, ਗੁਰਪ੍ਰੀਤ ਸਿੰਘ ਭਾਦਸੋਂ, ਕੁਲਵੰਤ ਸਿੰਘ, ਨਾਰੰਗ ਸਿੰਘ ਨਾਭਾ, ਟੈਨੀ ਕੁਮਾਰ, ਜਸਵਿੰਦਰ ਪਾਲ ਸ਼ਰਮਾ, ਜਸਵੰਤ ਸਿੰਘ ਛੀਟਾਂਵਾਲਾ, ਜਸਵਿੰਦਰ ਸਿੰਘ ਮਿੱਠਾ, ਹਰਵਿੰਦਰ ਸਿੰਘ,ਗੁਰਜਿੰਦਰ ਸਿੰਘ, ਕੁਲਦੀਪ ਸਿੰਘ ਢੀਂਗੀ, ਅਮਨਦੀਪ ਸਿੰਘ, ਅੰਮ੍ਰਿਤਪਾਲ ਸਿੰਘ, ਸੰਦੀਪ ਸਿੰਘ ਆਦਿ ਹਾਜ਼ਰ ਸਨ।



# ਸਪੀਕਰ ਸੰਧਵਾਂ ਨੇ ਲੋਕਾਂ ਦੀਆਂ ਮੁਸ਼ਕਿਲਾਂ ਸੁਣੀਆਂ, ਵਿਕਾਸ ਸਬੰਧੀ ਕੀਤੀ ਮੀਟਿੰਗ



**ਕੋਟਕਪੂਰਾ, 18 ਮਾਰਚ (ਟਿੰਕੂ ਕੁਮਾਰ)** ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਅੱਜ ਪਿੰਡ ਕੋਠੇ ਥੇ ਵਿੱਚ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ ਅਤੇ ਉਨ੍ਹਾਂ ਨਾਲ ਪਿੰਡ ਦੇ ਵਿਕਾਸ ਸਬੰਧੀ ਵਿਸਥਾਰਤ ਮੀਟਿੰਗ ਕੀਤੀ। ਮੀਟਿੰਗ ਦੌਰਾਨ ਲੋਕਾਂ ਨੇ ਸੜਕਾਂ, ਪਾਣੀ, ਬਿਜਲੀ ਅਤੇ ਹੋਰ ਬੁਨਿਆਦੀ ਸੁਵਿਧਾਵਾਂ ਵਿੱਚ ਆ ਰਹੀਆਂ ਸਮੱਸਿਆਵਾਂ ਬਾਰੇ ਆਪਣੀਆਂ ਸ਼ਿਕਾਇਤਾਂ ਰੱਖੀਆਂ। ਸਪੀਕਰ ਸੰਧਵਾਂ ਨੇ ਲੋਕਾਂ ਨੂੰ ਯਕੀਨ ਦਿਵਾਇਆ ਕਿ ਸਰਕਾਰੀ ਯੋਜਨਾਵਾਂ ਅਤੇ ਵਿਕਾਸ ਕਾਰਜਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕੀਤਾ ਜਾਵੇਗਾ। ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਪ੍ਰਸ਼ਾਸਨ ਅਤੇ ਪਿੰਡ ਵਾਸੀਆਂ ਨੂੰ ਮਿਲ ਕੇ ਪਿੰਡ ਦੇ ਵਿਕਾਸ ਲਈ ਯੋਜਨਾਵਾਂ ਬਣਾਉਣ ਅਤੇ ਉਨ੍ਹਾਂ ਨੂੰ ਲਾਗੂ ਕਰਨ ਦੀ ਅਪੀਲ ਕੀਤੀ। ਉਹਨਾ ਕਿਹਾ ਕਿ ਵਿਕਾਸ ਦੇ ਮਾਮਲੇ ਵਿੱਚ ਕਿਸੇ ਨਾਲ ਵਿਤਕਰੇਬਾਜੀ ਨਹੀਂ ਹੋਵੇਗੀ ਅਤੇ ਸਾਂਝੇ ਕੰਮ ਪਾਰਟੀਬਾਜੀ ਤੋਂ ਉਪਰ ਉੱਠ ਕੇ ਨਿਸ਼ਕਾਮ ਭਾਵਨਾ ਨਾਲ ਨੇਪਰੇ ਚਾੜ੍ਹੇ ਜਾਣਗੇ। ਇਸ ਮੌਕੇ ਗੁਰਪਿੰਦਰ ਸਿੰਘ ਵਿਰਕ, ਸ਼ਰਨਜੀਤ ਸਿੰਘ ਸਰਪੰਚ, ਜਸਪਾਲ ਸਿੰਘ ਸਰਪੰਚ, ਨਨਦੀਪ ਸਿੰਘ ਫ਼ੌਜੀ, ਮੰਦਰ ਸਿੰਘ ਬਰਾੜ, ਕੇਵਲ ਸਿੰਘ ਬਰਾੜ, ਸੁਖਮੰਦਰ ਸਿੰਘ ਬਰਾੜ, ਗੁਰਭੇਜ ਸਿੰਘ ਢਿੱਲੋਂ, ਜਗਸੀਰ ਸਿੰਘ ਭੁੱਲਰ, ਸੁਖਜਿੰਦਰ ਸਿੰਘ ਕੋਠੇ ਰਾਜੇ ਜੰਗ, ਜਗਸੀਰ ਸਿੰਘ ਸਰਪੰਚ ਕੋਟਕਪੂਰਾ ਦਿਹਾਤੀ ਤੋਂ ਇਲਾਵਾ ਵੱਡੀ ਗਿਣਤੀ ਵਿਚ ਪਿੰਡ ਵਾਸੀ ਵੀ ਹਾਜ਼ਰ ਸਨ।





# ਬਾਬਾ ਫਰੀਦ ਲਾਅ ਕਾਲਜ ਨੇ ਲਾਇਆ ਲੀਗਲ ਅਵੇਅਰਨੈਸ ਕੈਂਪ

**ਫਰੀਦਕੋਟ, 18 ਮਾਰਚ (ਟਿੰਕੂ ਕੁਮਾਰ)** ਸਥਾਨਕ ਬਾਬਾ ਫਰੀਦ ਲਾਅ ਕਾਲਜ ਵਿੱਚ ਮਾਨਯੋਗ ਚੇਅਰਮੈਨ ਸਵ. ਇੰਦਰਜੀਤ ਸਿੰਘ ਖਾਲਸਾ ਜੀ ਦੀ ਅਗਾਂਹਵਧੂ ਸੋਚ ਨੂੰ ਅੱਗੇ ਵਧਾਉਂਦੇ ਹੋਏ ਸਿਮਰਜੀਤ ਸਿੰਘ ਸੇਖੋਂ ਦੀ ਰਹਿਨੁਮਾਈ ਅਤੇ ਪ੍ਰਿੰਸੀਪਲ ਡਾ. ਪੰਕਜ ਕੁਮਾਰ ਗਰਗ ਦੀ ਅਗਵਾਈ ਹੇਠ ਕਾਲਜ ਦੇ ਵਿਦਿਆਰਥੀਆਂ ਨੇ ਹਰਬੰਸ ਜੱਸੀ (ਅਸਿਸਟੈਂਟ ਪ੍ਰੋਫੈਸਰ) ਅਤੇ ਮਿਸ ਮਨਪ੍ਰੀਤ ਕੌਰ (ਅਸਿਸਟੈਂਟ ਪ੍ਰੋਫੈਸਰ) ਨਾਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਮੁੱਦਕੀ ਵਿਖੇ ਲੀਗਲ ਏਡ ਅਵੇਅਰਨੈਸ ਕੈਂਪ ਲਗਾਇਆ। ਇਹਨਾਂ ਵਿਦਿਆਰਥੀਆਂ ਵਿੱਚ ਜਸਪ੍ਰੀਤ ਕੌਰ, ਤਿਸ਼ਾ, ਅਰਸ਼ਪ੍ਰੀਤ ਸਿੰਘ, ਤਰਨਪ੍ਰੀਤ ਸਿੰਘ, ਅਮਰਿੰਦਰ ਸਿੰਘ, ਭੁਪਿੰਦਰ ਕੌਰ, ਮੁਸਕਾਨ ਸ਼ਰਮਾ, ਗੌਤਮ ਖ਼ੂੰਗਰ, ਰਾਜ, ਹੁਸਨਪ੍ਰੀਤ ਸਿੰਘ, ਸੰਦੀਪ ਕੌਰ, ਨਵਦੀਪ, ਰਮਨ ਮਲਹੋਤਰਾ, ਜਸ਼ਨਪ੍ਰੀਤ, ਰਸ਼ਪਾਲ ਸਿੰਘ ਅਤੇ ਬਲਜੀਤ ਸਿੰਘ ਵਿਦਿਆਰਥੀ ਮੌਜੂਦ ਸਨ। ਵਿਦਿਆਰਥੀਆਂ ਦੇ ਕਾਲਜ ਪਹੁੰਚਣ 'ਤੇ ਪ੍ਰਿੰਸੀਪਲ ਡਾ. ਪੰਕਜ ਕੁਮਾਰ ਗਰਗ ਨੇ ਵਿਦਿਆਰਥੀਆਂ ਦੀ ਹੌਸਲਾ ਅਫਜਾਈ ਕੀਤੀ। ਉਹਨਾਂ ਕਿਹਾ ਕਿ ਜਿਲਾ ਕਾਨੂੰਨੀ ਸੇਵਾਵਾਂ ਅਥਾਰਿਟੀ, ਫਰੀਦਕੋਟ ਦੇ ਸਹਿਯੋਗ ਨਾਲ ਕਾਲਜ ਵਿੱਚ ਮੁਫਤ ਕਾਨੂੰਨੀ ਸੇਵਾ ਕਲੀਨਿਕ ਸਥਾਪਿਤ ਕੀਤਾ ਗਿਆ ਹੈ, ਜਿਸ ਦੁਆਰਾ ਸਮੇਂ-ਸਮੇਂ 'ਤੇ ਜਾਗਰੂਕਤਾ ਕੈਂਪ ਲਾਏ ਜਾਂਦੇ ਹਨ। ਅੰਤ ਵਿੱਚ ਉਹਨਾਂ ਕਾਲਜ ਦੀ ਮੈਨੇਜਮੈਂਟ ਕਮੇਟੀ ਦਾ ਵੀ ਧੰਨਵਾਦ ਕੀਤਾ, ਜੋ ਸਿਮਰਜੀਤ ਸਿੰਘ ਸੇਖੋਂ (ਚੇਅਰਮੈਨ) ਦੀ ਅਗਵਾਈ ਵਿੱਚ ਕਾਲਜ ਦੇ ਵਿਦਿਆਰਥੀਆਂ ਨੂੰ ਹਰ ਤਰ੍ਹਾਂ ਦੀ ਸਹੂਲਤ ਮੁਹੱਈਆ ਕਰਵਾ ਰਹੀ ਹੈ।



# ਭੁਪਿੰਦਰ ਸਿੰਘ ਕੱਲਰਮਾਜਰੀ ਦਾ ਬਲਾਕ ਸੰਮਤੀ ਵਾਇਸ ਚੇਅਰਮੈਨ ਬਣਨ ਤੇ ਵਿਸ਼ੇਸ਼ ਸਨਮਾਨ

**ਨਾਭਾ, 18 ਮਾਰਚ (ਅਮਨ ਗਰਗ)** ਗੁਰਦੇਵ ਸਿੰਘ ਦੇਵ ਮਾਨ ਐਮ.ਐਲ.ਏ.ਨਾਭਾ ਦੀ ਅਗਵਾਈ ਚ ਭੁਪਿੰਦਰ ਸਿੰਘ ਕੱਲਰਮਾਜਰੀ ਦਾ ਬਲਾਕ ਸੰਮਤੀ ਵਾਇਸ ਚੇਅਰਮੈਨ ਬਣਨ ਤੇ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਸਮੇਂ ਵਾਇਸ ਚੇਅਰਮੈਨ ਕੱਲਰਮਾਜਰੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਵਲੋਂ ਮਿਲੀ ਜ਼ਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਵਾਂਗਾ। ਇਸ ਮੌਕੇ ਕਪਿਲ ਮਾਨ ਆਪ ਆਗੂ, ਤੀਰਥ ਸਿੰਘ ਸਹੌਲੀ ਯੂਥ ਵਿੰਗ ਆਗੂ, ਕਪਿਲ ਮਾਨ, ਪ੍ਰਗਟ ਸਿੰਘ ਮਾਂਗੇਵਾਲ ਬਲਾਕ ਪ੍ਰਧਾਨ, ਰਣਬੀਰ ਸਿੰਘ ਮਾਂਗੇਵਾਲ, ਪ੍ਰਧਾਨ ਮਨਪ੍ਰੀਤ ਸਿੰਘ ਧਾਰੋਂਕੀ, ਚੇਅਰਮੈਨ ਗੁਰਦੀਪ ਸਿੰਘ ਦੀਪਾ ਰਾਮਗੜ੍ਹ, ਮੇਵਾ ਸਿੰਘ ਸਰਪੰਚ, ਗੁਰਜੰਟ ਸਿੰਘ, ਬਲਜਿੰਦਰ ਮਾਨ,ਰਾਜ ਕੁਮਾਰ ਜੱਸੋਮਜਾਰਾ, ਗੁਰਜੀਤ ਸਿੰਘ ਖਹਿਰਾ, ਗੁਰਮ ਸਿੰਘ ਮਾਨੀ ਆਦਿ ਹਾਜ਼ਰ ਸਨ।

ਮੁਦਰਕ, ਪ੍ਰਕਾਸ਼ਕ ਅਤੇ ਸਵਾਮੀ ਰਵੀਨਾ ਰਾਣੀ ਨੇ ਪੁਸ਼ਪਕ ਪ੍ਰਿੰਟਰ, ਚੱਕ ਰੋਡ ਨੇੜੇ ਖਾਲਸਾ ਸਕੂਲ, ਸ੍ਰੀ ਮੁਕਤਸਰ ਸਾਹਿਬ ਤੋਂ ਛਪਵਾ ਕੇ ਮਾਲਵਾ ਬਾਣੀ ਦਫਤਰ, ਖੱਡੀਆਂ ਵਾਲੀ ਗਲੀ, ਹਾਊਸ ਨੰਬਰ 1740 , ਸ੍ਰੀ ਮੁਕਤਸਰ ਸਾਹਿਬ ਤੋਂ ਪ੍ਰਕਾਸ਼ਿਤ ਕੀਤਾ। ਸੰਪਾਦਕ ਰਵੀਨਾ ਰਾਣੀ

Rni.PUNPUN/2022/85964



# ਯੂ.ਪੀ.ਐਸ.ਸੀ ਵਿੱਚ ਕਾਮਯਾਬ ਵਿਦਿਆਰਥੀ ਪੰਜਾਬ ਵਿਧਾਨ ਸਭਾ ਵਿੱਚ ਸਨਮਾਨਿਤ

**ਕੋਟਕਪੂਰਾ, 18 ਮਾਰਚ (ਟਿੰਕੂ ਕੁਮਾਰ)** ਸਪੀਕਰ ਕੁਲਤਾਰ ਸਿੰਘ ਸੰਧਵਾਂ ਵੱਲੋਂ ਪੰਜਾਬ ਵਿਧਾਨ ਸਭਾ ਵਿਖੇ ਯੂ.ਪੀ.ਐਸ.ਸੀ. ਦੀ ਪ੍ਰੀਖਿਆ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਪੰਜਾਬ ਦਾ ਨਾਮ ਰੌਸ਼ਨ ਕਰਨ ਵਾਲੇ ਹੁਨਰਮੰਦ ਵਿਦਿਆਰਥੀਆਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨੇ ਵਿਦਿਆਰਥੀਆਂ ਦੀ ਮਿਹਨਤ, ਲਗਨ ਅਤੇ ਸੰਘਰਸ਼ ਦੀ ਭਰਪੂਰ ਸਰਾਹਨਾ ਕਰਦਿਆਂ ਕਿਹਾ ਕਿ ਇਹ ਯੁਵਕ ਅਤੇ ਯੁਵਤੀਆਂ ਦੇਸ਼ ਦਾ ਭਵਿੱਖ ਹਨ ਅਤੇ ਉਹਨਾਂ ਦੀ ਕਾਮਯਾਬੀ ਹੋਰ ਨੌਜਵਾਨਾਂ ਲਈ ਪ੍ਰੇਰਨਾ ਦਾ ਸਰੋਤ ਹੈ। ਸਮਾਗਮ ਦੌਰਾਨ ਅਮਨ ਅਲੂਨੇ, ਰਸਨੀਤ ਕੌਰ, ਮਨਪ੍ਰੀਤ ਕੌਰ, ਜਯੰਤ ਗਰਗ ਅਤੇ ਕ੍ਰਿਤਿਕਾ ਚੌਧਰੀ ਨੂੰ ਸਨਮਾਨਿਤ ਕੀਤਾ ਗਿਆ ਅਤੇ ਉਹਨਾਂ ਦੇ ਵਧੀਆ ਪ੍ਰਦਰਸ਼ਨ ਨੂੰ ਸਲਾਮ ਕੀਤਾ ਗਿਆ। ਵਿਦਿਆਰਥੀਆਂ ਅਤੇ ਮਾਪਿਆਂ ਨੂੰ ਮੁਬਾਰਕਬਾਦ ਦਿੰਦਿਆਂ ਸਪੀਕਰ ਸੰਧਵਾਂ ਨੇ ਕਿਹਾ ਕਿ ਯੂ.ਪੀ.ਐਸ.ਸੀ. ਵਰਗੀ ਮੁਕਾਬਲਾਤਮਕ ਪ੍ਰੀਖਿਆ ਵਿੱਚ ਸਫਲਤਾ ਹਾਸਲ ਕਰਨਾ ਬਹੁਤ ਵੱਡੀ ਉਪਲਬਧੀ ਹੈ, ਜਿਸ ਲਈ ਕਠਿਨ ਮਿਹਨਤ, ਅਨੁਸ਼ਾਸਨ ਅਤੇ ਦ੍ਰਿੜ ਨਿਸ਼ਚੇ ਦੀ ਲੋੜ ਹੁੰਦੀ ਹੈ। ਉਨ੍ਹਾਂ ਨੇ ਨਵੇਂ ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਪ੍ਰੇਰਨਾ ਦਿੱਤੀ ਕਿ ਉਹ ਲੋਕ ਸੇਵਾ ਦੇ ਖੇਤਰ ਵਿੱਚ ਆਪਣੀ ਜ਼ਿੰਮੇਵਾਰੀ ਨਿਭਾਉਂਦੇ ਹੋਏ ਹਮੇਸ਼ਾ ਸੱਚਾਈ, ਇਮਾਨਦਾਰੀ ਅਤੇ ਇਨਸਾਫ਼ ਨੂੰ ਪ੍ਰਾਥਮਿਕਤਾ ਦੇਣ। ਉਨ੍ਹਾਂ ਕਿਹਾ ਕਿ ਕਲਮ ਅਤੇ ਕੁਰਸੀ ਦੀ ਤਾਕਤ ਨੂੰ ਲੋਕ ਭਲਾਈ ਲਈ ਵਰਤਣਾ ਹੀ ਅਸਲ ਸੇਵਾ ਹੈ ਅਤੇ ਇਸ ਰਾਹੀਂ ਸਮਾਜ ਵਿੱਚ ਸਕਾਰਾਤਮਕ ਬਦਲਾਅ ਲਿਆਂਦਾ ਜਾ ਸਕਦਾ ਹੈ। ਸਪੀਕਰ ਸੰਧਵਾਂ ਨੇ ਦੇਸ਼ ਦੇ ਸਾਰੇ ਹੁਨਰਮੰਦ ਵਿਦਿਆਰਥੀਆਂ ਨੂੰ ਦਿਲੋਂ ਵਧਾਈ ਦਿੰਦਿਆਂ ਕਿਹਾ ਕਿ ਪੰਜਾਬ ਦੀਆਂ ਧੀਆਂ ਅਤੇ ਪੁੱਤਰਾਂ ਨੇ ਇੱਕ ਵਾਰ ਫਿਰ ਆਪਣੇ ਹੁਨਰ ਅਤੇ ਜਜ਼ਬੇ ਨਾਲ ਸਾਬਤ ਕਰ ਦਿੱਤਾ ਹੈ ਕਿ ਜੇ ਇਰਾਦੇ ਮਜ਼ਬੂਤ ਹੋਣ ਤਾਂ ਕੋਈ ਵੀ ਮੰਜ਼ਿਲ ਦੂਰ ਨਹੀਂ ਹੁੰਦੀ। ਪਟਿਆਲਾ ਦੀਆਂ ਹੀਰੇ ਵਰਗੀਆਂ ਧੀਆਂ ਸਿਮਰਨਦੀਪ ਕੌਰ ਅਤੇ ਰਸਨੀਤ ਕੌਰ, ਬਲਾਚੌਰ ਦੀ ਕ੍ਰਿਤਿਕਾ ਚੌਧਰੀ ਅਤੇ ਮਾਨਸਾ ਦੀਆਂ ਮਨਪ੍ਰੀਤ ਕੌਰ ਅਤੇ ਆਕ੍ਰਿਤੀ ਸਿੰਗਲਾ ਨੇ ਆਪਣੀ ਪ੍ਰਤਿਭਾ ਨਾਲ ਨਾ ਸਿਰਫ਼ ਆਪਣੇ ਪਰਿਵਾਰਾਂ ਦਾ ਸਿਰ ਮਾਣ ਨਾਲ ਉੱਚਾ ਕੀਤਾ ਹੈ, ਸਗੋਂ ਪੂਰੇ ਪੰਜਾਬ ਨੂੰ ਮਾਣ ਮਹਿਸੂਸ ਕਰਵਾਇਆ ਹੈ। ਅਖੀਰ ਵਿੱਚ ਸਪੀਕਰ ਸੰਧਵਾਂ ਨੇ ਕਿਹਾ ਕਿ ਸਰਕਾਰ ਹਮੇਸ਼ਾ ਨੌਜਵਾਨਾਂ ਨੂੰ ਅੱਗੇ ਵਧਣ ਲਈ ਪ੍ਰੋਤਸਾਹਿਤ ਕਰਦੀ ਰਹੇਗੀ ਅਤੇ ਇਸ ਤਰ੍ਹਾਂ ਦੀਆਂ ਉਪਲਬਧੀਆਂ ਨੂੰ ਸਨਮਾਨਿਤ ਕਰਨਾ ਸਮਾਜ ਵਿੱਚ ਸਿੱਖਿਆ ਅਤੇ ਮਿਹਨਤ ਦੀ ਮਹੱਤਤਾ ਨੂੰ ਹੋਰ ਮਜ਼ਬੂਤ ਕਰਦਾ ਹੈ।



# ਸਿਵਲ ਸਰਜਨ ਨੇ ਨਿਕਸ਼ੇ ਮਿੱਤਰਾ ਸਕੀਮ ਤਹਿਤ ਟੀਬੀ ਮਰੀਜ਼ਾਂ ਨੂੰ ਵੰਡੀਆਂ ਰਾਸ਼ਨ ਕਿੱਟਾਂ

**ਫਤਹਿਗੜ੍ਹ ਸਾਹਿਬ 18 ਮਾਰਚ (ਹਮਰੀਤ ਸਿੰਘ ਖੇੜੀ)** ਸਿਵਲ ਸਰਜਨ ਫਤਿਹਗੜ੍ਹ ਸਾਹਿਬ ਡਾ ਅਰਵਿੰਦ ਪਾਲ ਸਿੰਘ ਵੱਲੋਂ ਟੀਬੀ ਦਾ ਇਲਾਜ ਕਰਵਾ ਰਹੇ ਮਰੀਜ਼ਾਂ ਨੂੰ ਰਾਸ਼ਨ ਕਿੱਟਾਂ ਵੰਡੀਆਂ ਗਈਆਂ। ਇਸ ਮੌਕੇ ਤੇ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਨੇ ਦੱਸਿਆ ਕਿ ਸਰਕਾਰ ਵੱਲੋਂ ਨਿਕਸ਼ੇ ਮਿੱਤਰਾ ਪ੍ਰੋਗਰਾਮ ਸ਼ੁਰੂ ਕੀਤਾ ਹੋਇਆ ਹੈ , ਜਿਸ ਦਾ ਮਕਸਦ ਦੇਸ ਨੂੰ ਟੀਬੀ ਮੁਕਤ ਕਰਨਾ ਅਤੇ ਟੀਬੀ ਦੇ ਮਰੀਜ਼ਾਂ ਦੀ ਸਿਹਤ ਦਾ ਖਿਆਲ ਰੱਖਣਾ ਹੈ ੳਹਨਾਂ ਦੱਸਿਆ ਕਿ ਕੋਈ ਵੀ ਵਿਅਕਤੀ , ਪ੍ਰਤੀਨਿਧੀ , ਸਰਕਾਰੀ ਜਾਂ ਗੈਰ ਸਰਕਾਰੀ ਸੰਸਥਾ ਦੇ ਮੁਲਾਜ਼ਮ , ਕਿਸੇ ਕਾਰਪੋਰੇਸ਼ਨ ਜਾਂ ਕੰਪਨੀ ਵੱਲੋਂ ਜ਼ਿਲ੍ਹੇ ਦੇ ਕਿਸੇ ਵੀ ਟੀਬੀ ਮਰੀਜ਼ ਨੂੰ ਗੋਦ ਲਿਆ ਜਾ ਸਕਦਾ ਹੈ । ਜਿਸ ਤਹਿਤ ਉਹ ਉਸ ਮਰੀਜ਼ ਨੂੰ 6 ਮਹੀਨੇ ਤੱਕ ਖਾਣ ਪੀਣ ਦਾ ਸਾਮਾਨ ਜਿਵੇਂ ਦਾਲਾਂ, ਅਨਾਜ , ਦੁੱਧ ਆਦਿ ਮੁਫ਼ਤ ਮੁਹੱਈਆ ਕਰਵਾਉਣਗੇ ਅਤੇ ਉਨ੍ਹਾਂ ਵੱਲੋਂ ਮਰੀਜ਼ ਨੂੰ ਪੌਸ਼ਟਿਕ ਖ਼ੁਰਾਕ ਦੇਣ ਤੋਂ ਇਲਾਵਾ ਉਸ ਦੀ ਜਾਂ ਉਸ ਦੇ ਪਰਿਵਾਰ ਦੀ ਕਿੱਤਾਮੁਖੀ ਸਿਖਲਾਈ ਕਰਵਾਉਣ ਤੇ ਇਲਾਜ ਪ੍ਰਬੰਧਨ ਵਿੱਚ ਵੀ ਮਦਦ ਕੀਤੀ ਜਾ ਸਕਦੀ ਹੈ । ਉਨ੍ਹਾਂ ਦੱਸਿਆ ਕਿ ਟੀਬੀ ਦੇ ਮਰੀਜ ਦੀ ਸਹਾਇਤਾ ਕਰਨ ਲਈ ਉਸ ਨੂੰ ਇਕ ਸਾਲ ਲਈ ਅਪਨਾਉਣਾ ਪਵੇਗਾ ਅਤੇ 6 ਮਹੀਨੇ ਲਈ ਉਸ ਨੂੰ ਡਾਕਟਰ ਵੱਲੋਂ ਸੁਝਾਈਆਂ ਗਈਆਂ ਖੁਰਾਕੀ ਵਸਤਾਂ ਮੁਹੱਈਆ ਕਰਵਾਉਣੀਆਂ ਪੈਣਗੀਆਂ , ਸਰਕਾਰ ਵੱਲੋਂ ਅਜਿਹੇ ਦਾਨੀ ਵਿਅਕਤੀਆਂ ਨੂੰ ਜਾਂ ਸੰਸਥਾਵਾਂ ਨੂੰ ਨਿਕਸ਼ੇ ਮਿੱਤਰਾ ਦਾ ਨਾਮ ਦਿੱਤਾ ਗਿਆ ਹੈ। ਇਕ ਵਿਅਕਤੀ ਜਾਂ ਅਦਾਰਾ ਇਕ ਤੋਂ ਵੱਧ ਜਿੰਨੇ ਮਰਜ਼ੀ ਟੀਬੀ ਰੋਗੀਆਂ ਨੂੰ ਅਪਣਾ ਸਕਦਾ ਹੈ। ਉਹਨਾਂ ਕਿਹਾ ਕਿ ਕੋਈ ਵੀ ਵਿਅਕਤੀ ਜਾਂ ਅਦਾਰਾ ਨਿਕਸ਼ੇ ਮਿੱਤਰਾ ਤੇ ਲਾਗ ਇਨ ਕਰਕੇ ਰਜਿਸਟਰੇਸ਼ਨ ਫਾਰਮ ਤੇ ਆਪਣੇ ਆਪ ਨੂੰ ਪੰਜੀਕਰਨ ਕਰ ਸਕਦਾ ਹੈ ਤੇ ਇਸ ਪੋਰਟਲ ਤੇ ਆਪਣੀ ਸਹੂਲਤ ਮੁਤਾਬਕ ਟੀਬੀ ਦੇ ਮਰੀਜ਼ਾਂ ਦੀ ਚੋਣ ਵੀ ਕੀਤੀ ਜਾ ਸਕਦੀ ਹੈ । ਉਨ੍ਹਾਂ ਜਿਲਾ ਨਿਵਾਸੀਆਂ ਨੂੰ ਇਸ ਨੇਕ ਕੰਮ ਵਿਚ ਵਡਮੁੱਲਾ ਯੋਗਦਾਨ ਪਾਉਣ ਦੀ ਅਪੀਲ ਕੀਤੀ ਕਿ ਉਹ ਨਿਕਸ਼ੇ ਮਿੱਤਰਾ ਬਣ ਕੇ ਮਾਨਵਤਾ ਦੀ ਸੇਵਾ ਕਰਨ ਵਿਚ ਆਪਣਾ ਵਡਮੁੱਲਾ ਯੋਗਦਾਨ ਪਾਉਣ । ਇਸ ਮੌਕੇ ਤੇ ਸਹਾਇਕ ਸਿਵਲ ਸਰਜਨ ਡਾ ਕੰਵਲਦੀਪ ਸਿੰਘ, ਜਿਲਾ ਡੈਂਟਲ ਸਿਹਤ ਅਫਸਰ ਡਾ ਪਾਰੁਲ ਗੁਪਤਾ, ਜਿਲਾ ਟੀਬੀ ਅਫਸਰ ਡਾ ਅਮਨਦੀਪ ਕੌਰ, ਡੀਪੀਐਮ ਡਾ ਕਸੀਤੀਜ ਸੀਮਾ, ਜਿਲਾ ਸਮੂਹ ਸਿੱਖਿਆ ਤੇ ਸੂਚਨਾ ਅਫਸਰ ਬਲਜਿੰਦਰ ਸਿੰਘ, ਸੀਨੀਅਰ ਟਰੀਟਮੈਂਟ ਸੁਪਰਵਾਈਜ਼ਰ ਅਕਵਿੰਦਰ ਕੌਰ, ਡਾਟ ਸੁਪਰਵਾਈਜ਼ਰ ਦਲਜੀਤ ਕੌਰ ਅਤੇ ਟੀਬੀ ਦੇ ਮਰੀਜ਼ ਹਾਜ਼ਰ ਸਨ।

# ਪਾਥਫਾਇੰਡਰ ਗਲੋਬਲ ਸਕੂਲ 'ਚ ਵਿਦਿਆਰਥੀਆਂ ਦੀਆਂ ਸਲਾਨਾ ਪ੍ਰੀਖਿਆਵਾਂ ਦਾ ਨਤੀਜਾ ਰਿਹਾ ਸ਼ਾਨਦਾਰ



**ਰਾਮਪੁਰਾ ਫੂਲ, 18 ਮਾਰਚ (ਮਨਪ੍ਰੀਤ ਮਿੱਟੂ)** ਪਾਥਫਾਇੰਡਰ ਗਲੋਬਲ ਸਕੂਲ ਵਿੱਚ ਵਿਦਿਆਰਥੀਆਂ ਦੀਆਂ ਹੋਈਆਂ ਸਲਾਨਾ ਪ੍ਰੀਖਿਆਵਾਂ ਦੇ ਨਤੀਜੇ ਦਾ ਐਲਾਨ ਕੀਤਾ ਗਿਆ। ਇਹ ਦਿਨ ਸਕੂਲ ਦੇ ਵਿਦਿਆਰਥੀਆਂ, ਅਧਿਆਪਕਾਂ ਅਤੇ ਮਾਪਿਆਂ ਲਈ ਬਹੁਤ ਮਹੱਤਵਪੂਰਨ ਅਤੇ ਖੁਸ਼ੀ ਭਰਿਆ ਸੀ। ਇਸ ਮੌਕੇ 'ਤੇ ਸਕੂਲ ਦੇ ਪ੍ਰਿੰਸੀਪਲ, ਸਕੂਲ ਸਟਾਫ ਅਤੇ ਮਾਪਿਆਂ ਦੀ ਹਾਜ਼ਰੀ ਵਿੱਚ ਵਿਦਿਆਰਥੀਆਂ ਦੇ ਉੱਤਮ ਪ੍ਰਦਰਸ਼ਨ ਦੀ ਜਾਣਕਾਰੀ ਸਾਂਝੀ ਕੀਤੀ ਗਈ। ਸਾਲ ਭਰ ਦੀ ਮਿਹਨਤ ਦਾ ਨਤੀਜਾ ਵੇਖ ਕੇ ਸਾਰੇ ਵਿਦਿਆਰਥੀ ਅਤੇ ਅਧਿਆਪਕ ਬਹੁਤ ਖੁਸ਼ ਅਤੇ ਉਤਸ਼ਾਹਿਤ ਨਜ਼ਰ ਆਏ। ਸਕੂਲ ਪ੍ਰਬੰਧਕ ਕਮੇਟੀ ਅਤੇ ਪ੍ਰਿੰਸੀਪਲ ਸਾਹਿਬ ਨੇ ਦੱਸਿਆ ਕਿ ਵਿਦਿਆਰਥੀਆਂ ਦੇ ਨਤੀਜੇ ਕਾਫੀ ਵਧੀਆ ਰਹੇ ਹਨ। ਜ਼ਿਆਦਾਤਰ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਅਤੇ ਉੱਚ ਅੰਕ ਪ੍ਰਾਪਤ ਕੀਤੇ। ਸਕੂਲ ਦਾ ਕੁੱਲ ਨਤੀਜਾ ਬਹੁਤ ਹੀ ਉਤਸ਼ਾਹਜਨਕ ਰਿਹਾ। ਕਈ ਵਿਦਿਆਰਥੀਆਂ ਨੇ ਪਹਿਲੇ ਦਰਜੇ ਨਾਲ ਪਰੀਖਿਆ ਪਾਸ ਕਰਕੇ ਸਕੂਲ ਅਤੇ ਮਾਤਾ-ਪਿਤਾ ਦਾ ਨਾਂ ਰੋਸ਼ਨ ਕੀਤਾ। ਵਿਦਿਆਰਥੀਆਂ ਦੀ ਇਸ ਕਾਮਯਾਬੀ ਦੇ ਪਿੱਛੇ ਉਨ੍ਹਾਂ ਦੀ ਲਗਨ, ਮਿਹਨਤ ਅਤੇ ਅਧਿਆਪਕਾਂ ਦੀ ਸਹੀ ਰਹਿਨੁਮਾਈ ਦਾ ਮਹੱਤਵਪੂਰਨ ਯੋਗਦਾਨ ਹੈ। ਪ੍ਰਿੰਸੀਪਲ ਸਾਹਿਬ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਸਕੂਲ ਦਾ ਮਕਸਦ ਸਿਰਫ ਪੜ੍ਹਾਈ ਕਰਵਾਉਣਾ ਹੀ ਨਹੀਂ, ਸਗੋਂ ਵਿਦਿਆਰਥੀਆਂ ਦਾ ਸਰਬੰਗੀਣ ਵਿਕਾਸ ਕਰਨਾ ਵੀ ਹੈ। ਇਸ ਲਈ ਸਕੂਲ ਵਿੱਚ ਪੜ੍ਹਾਈ ਦੇ ਨਾਲ-ਨਾਲ ਖੇਡਾਂ, ਸੱਭਿਆਚਾਰਕ ਗਤੀਵਿਧੀਆਂ ਅਤੇ ਨੈਤਿਕ ਸਿੱਖਿਆ ਨੂੰ ਵੀ ਬਰਾਬਰ ਮਹੱਤਵ ਦਿੱਤਾ ਜਾਂਦਾ ਹੈ। ਉਨ੍ਹਾਂ ਨੇ ਸਾਰੇ ਅਧਿਆਪਕਾਂ ਦੀ ਮਿਹਨਤ ਦੀ ਪ੍ਰਸ਼ੰਸਾ ਕੀਤੀ ਅਤੇ ਕਿਹਾ ਕਿ ਅਧਿਆਪਕਾਂ ਦੀ ਲਗਨ ਅਤੇ ਸੇਵਾ ਭਾਵਨਾ ਕਾਰਨ ਹੀ ਇਹ ਸ਼ਾਨਦਾਰ ਨਤੀਜੇ ਸੰਭਵ ਹੋ ਸਕੇ ਹਨ। ਇਸ ਮੌਕੇ 'ਤੇ ਉੱਤਮ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਵੀ ਕੀਤਾ ਗਿਆ। ਪਹਿਲੇ, ਦੂਜੇ ਅਤੇ ਤੀਜੇ ਸਥਾਨ 'ਤੇ ਰਹਿਣ ਵਾਲੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਅਤੇ ਇਨਾਮ ਦੇ ਕੇ ਹੌਸਲਾ ਅਫਜ਼ਾਈ ਕੀਤੀ ਗਈ। ਹੋਰ ਵਿਦਿਆਰਥੀਆਂ ਨੂੰ ਵੀ ਪ੍ਰੇਰਿਤ ਕੀਤਾ ਗਿਆ ਕਿ ਉਹ ਅਗਲੇ ਸਾਲ ਹੋਰ ਵੱਧ ਮਿਹਨਤ ਕਰਕੇ ਚੰਗੇ ਨਤੀਜੇ ਪ੍ਰਾਪਤ ਕਰਨ। ਮਾਪਿਆਂ ਨੇ ਵੀ ਸਕੂਲ ਦੇ ਨਤੀਜਿਆਂ 'ਤੇ ਖੁਸ਼ੀ ਜ਼ਾਹਰ ਕੀਤੀ ਅਤੇ ਅਧਿਆਪਕਾਂ ਦੀ ਮਿਹਨਤ ਦੀ ਤਾਰੀਫ਼ ਕੀਤੀ। ਉਨ੍ਹਾਂ ਨੇ ਕਿਹਾ ਕਿ ਸਕੂਲ ਦਾ ਅਨੁਸ਼ਾਸਨ ਅਤੇ ਸਿੱਖਿਆ ਦਾ ਮਾਹੌਲ ਬੱਚਿਆਂ ਦੇ ਭਵਿੱਖ ਨੂੰ ਨਿਖਾਰਨ ਵਿੱਚ ਬਹੁਤ ਮਦਦਗਾਰ ਸਾਬਤ ਹੋ ਰਿਹਾ ਹੈ। ਮਾਪਿਆਂ ਨੇ ਸਕੂਲ ਪ੍ਰਬੰਧਕਾਂ ਦਾ ਧੰਨਵਾਦ ਵੀ ਕੀਤਾ। ਅੰਤ ਵਿੱਚ ਪ੍ਰਿੰਸੀਪਲ ਸਾਹਿਬ ਨੇ ਸਾਰੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਇਹ ਸਫਲਤਾ ਸਿਰਫ ਸ਼ੁਰੂਆਤ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ ਕਿ ਉਹ ਹਮੇਸ਼ਾ ਮਿਹਨਤ, ਅਨੁਸ਼ਾਸਨ ਅਤੇ ਇਮਾਨਦਾਰੀ ਨਾਲ ਆਪਣਾ ਲਕਸ਼ ਪ੍ਰਾਪਤ ਕਰਨ ਦੀ ਕੋਸ਼ਿਸ਼ ਕਰਨ। ਇਸ ਤਰ੍ਹਾਂ ਸਕੂਲ ਦੇ ਸਾਲਾਨਾ ਨਤੀਜੇ ਦੀ ਘੋਸ਼ਣਾ ਦਾ ਸਮਾਗਮ ਬਹੁਤ ਹੀ ਖੁਸ਼ੀ ਅਤੇ ਉਤਸ਼ਾਹ ਦੇ ਮਾਹੌਲ ਵਿੱਚ ਸੰਪੰਨ ਹੋਇਆ। ਵਿਦਿਆਰਥੀਆਂ ਦੀ ਇਸ ਕਾਮਯਾਬੀ ਨੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ ਅਤੇ ਆਸ ਹੈ ਕਿ ਭਵਿੱਖ ਵਿੱਚ ਵੀ ਸਕੂਲ ਦੇ ਵਿਦਿਆਰਥੀ ਇਸੇ ਤਰ੍ਹਾਂ ਉੱਚੀਆਂ ਉਪਲਬਧੀਆਂ ਹਾਸਲ ਕਰਦੇ ਰਹਿਣਗੇ।

## ਜਨਮਦਿਨ ਮੁਬਾਰਕ

ਅੰਮ੍ਰਿਤ ਗਿੱਲ
ਮਾਛੀਵਾੜਾ ਸਾਹਿਬ



ਵੱਲੋਂ ਪੱਤਰਕਾਰ
ਮਾਸਟਰ ਸਤੀਸ਼ ਕੁਮਾਰ



ਮਾਲੇਰਕੋਟਲਾ ਪੁਲਿਸ ਵੱਲੋਂ ਸਰਕਾਰੀ ਪ੍ਰਾਇਮਰੀ ਸਕੂਲ ਅਹਿਮਦਗੜ੍ਹ ਛੰਨਾ ਵਿਖੇ ਇੱਕ ਜਾਗਰੂਕਤਾ ਸੈਮੀਨਾਰ ਆਯੋਜਿਤ ਕੀਤਾ ਗਿਆ। ਇਸ ਦੌਰਾਨ ਵਿਦਿਆਰਥੀਆਂ ਨੂੰ ਸਾਂਝ ਸੇਵਾਵਾਂ ਦੀ ਭੂਮਿਕਾ ਅਤੇ ਟਰੈਫਿਕ ਨਿਯਮਾਂ ਦੀ ਪਾਲਣਾ ਕਰਨ ਦੀ ਮਹੱਤਤਾ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਪੁਲਿਸ ਅਧਿਕਾਰੀਆਂ ਨੇ ਬੱਚਿਆਂ ਨੂੰ ਦੱਸਿਆ ਕਿ ਟਰੈਫਿਕ ਨਿਯਮਾਂ ਦੀ ਪਾਲਣਾ ਨਾ ਸਿਰਫ਼ ਉਨ੍ਹਾਂ ਦੀ ਆਪਣੀ ਸੁਰੱਖਿਆ ਲਈ ਜ਼ਰੂਰੀ ਹੈ, ਸਗੋਂ ਸਮਾਜ ਦੇ ਹਰ ਇਕ ਵਿਅਕਤੀ ਦੀ ਜਾਨ ਦੀ ਰੱਖਿਆ ਲਈ ਵੀ ਮਹੱਤਵਪੂਰਨ ਹੈ। ਇਸ ਮੌਕੇ ਉਨ੍ਹਾਂ ਨੂੰ ਸੜਕ ਸੁਰੱਖਿਆ ਨਾਲ ਜੁੜੇ ਮੁੱਖ ਨਿਯਮਾਂ ਬਾਰੇ ਵੀ ਸਚੇਤ ਕੀਤਾ ਗਿਆ।

**ਫੋਟੋ ਅਤੇ ਵੇਰਵਾ ਸ਼ਰਮਾ ਪੱਤਰਕਾਰ ਮਾਲੇਰਕੋਟਲਾ।**

# ਅਸੈਂਬਲੀ ਟਰੇਡਰ ਕਮਿਸ਼ਨ ਨੇ ਕੀਤੀ ਸ਼ਹਿਰ ਦੇ ਵਪਾਰੀਆਂ ਨਾਲ ਮੀਟਿੰਗ






**ਗਿੱਦੜਬਾਹਾ, 18 ਮਾਰਚ (ਕੁਲਭੂਸ਼ਨ ਗਰਗ)** ਅਸੈਂਬਲੀ ਟਰੇਡਰ ਕਮਿਸ਼ਨ ਗਿੱਦੜਬਾਹਾ ਦੇ ਚੇਅਰਮੈਨ ਅਸ਼ੋਕ ਬੁੱਟਰ ਵੱਲੋਂ ਪੰਜਾਬ ਸਟੇਟ ਟਰੇਡਰ ਕਮਿਸ਼ਨ ਦੇ ਬੈਨਰ ਹੇਠ ਗਿੱਦੜਬਾਹਾ ਵਿਖੇ ਵਪਾਰੀਆਂ ਅਤੇ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਇਕ ਮਹੱਤਵਪੂਰਨ ਮੀਟਿੰਗ ਆਯੋਜਿਤ ਕੀਤੀ ਗਈ। ਮੀਟਿੰਗ ਦੌਰਾਨ ਐੱਸ.ਡੀ.ਐੱਮ. ਜਸਪਾਲ ਸਿੰਘ ਬਰਾੜ, ਆਪ ਆਗੂ ਅਭੈ ਢਿੱਲੋਂ ਅਤੇ ਜ਼ਿਲ੍ਹਾ ਟਰੇਡਰ ਕਮਿਸ਼ਨ ਦੇ ਚੇਅਰਮੈਨ ਵਨੀਤ ਜਿੰਦਲ ਮੌਂਟੀ ਨੇ ਉਚੇਚੇ ਤੌਰ ਤੇ ਸ਼ਿਰਕਤ ਕੀਤੀ। ਮੀਟਿੰਗ ਦੌਰਾਨ ਵਪਾਰੀਆਂ ਵੱਲੋਂ ਪੇਸ਼ ਆ ਰਹੀਆਂ ਮੁਸ਼ਕਲਾਂ ਅਤੇ ਮਸਲਿਆਂ ਨੂੰ ਸੁਣਿਆ ਗਿਆ ਅਤੇ ਉਨ੍ਹਾਂ ਦੇ ਤੁਰੰਤ ਹੱਲ ਲਈ ਮੌਕੇ ਤੇ ਮੌਜੂਦ ਸੰਬੰਧਿਤ ਅਧਿਕਾਰੀਆਂ ਨੂੰ ਨਿਰਦੇਸ਼ ਜਾਰੀ ਕੀਤੇ ਗਏ। ਇਸ ਮੌਕੇ ਆਪਣੇ ਸੰਬੋਧਨ ਦੌਰਾਨ ਚੇਅਰਮੈਨ ਅਸ਼ੋਕ ਬੁੱਟਰ ਅਤੇ ਜ਼ਿਲ੍ਹਾ ਟਰੇਡਰ ਕਮਿਸ਼ਨ ਦੇ ਚੇਅਰਮੈਨ ਵਨੀਤ ਜਿੰਦਲ ਮੌਂਟੀ ਨੇ ਕਿਹਾ ਕਿ ਪੰਜਾਬ ਸਟੇਟ ਟਰੇਡਰ ਕਮਿਸ਼ਨ ਦਾ ਮੁੱਖ ਉਦੇਸ਼ ਵਪਾਰੀਆਂ ਦੀਆਂ ਸਮੱਸਿਆਵਾਂ ਦਾ ਸਮੇਂ ਸਿਰ ਨਿਪਟਾਰਾ ਕਰਨਾ ਅਤੇ ਵਪਾਰਕ ਮਾਹੌਲ ਨੂੰ ਹੋਰ ਸੁਗਮ, ਪਾਰਦਰਸ਼ੀ ਅਤੇ ਪ੍ਰਗਤੀਸ਼ੀਲ ਬਣਾਉਣਾ ਹੈ। ਉਨ੍ਹਾਂ ਨੇ ਦੱਸਿਆ ਕਿ ਇਸ ਤਰ੍ਹਾਂ ਦੀਆਂ ਮੀਟਿੰਗਾਂ ਰਾਹੀਂ ਵਪਾਰੀਆਂ ਅਤੇ ਪ੍ਰਸ਼ਾਸਨ ਦਰਮਿਆਨ ਸੰਵਾਦ ਨੂੰ ਮਜ਼ਬੂਤੀ ਮਿਲਦੀ ਹੈ, ਜਿਸ ਨਾਲ ਵਪਾਰਕ ਗਤੀਵਿਧੀਆਂ ਵਿੱਚ ਨਵਾਂ ਉਤਸ਼ਾਹ ਪੈਦਾ ਹੁੰਦਾ ਹੈ। ਇਸ ਮੀਟਿੰਗ ਦੌਰਾਨ ਸ਼ਹਿਰ ਵਾਸੀਆਂ ਨੇ ਬਿਜਲੀ ਦੀਆਂ ਤਾਰਾਂ, ਮੀਟਰਾਂ ਦੇ ਖੁੱਲ੍ਹੇ ਬਕਸੇ ਅਤੇ ਬਿਜਲੀ ਸਪਲਾਈ ਨੂੰ ਸੁਚਾਰੂ ਕਰਨ ਅਤੇ ਇਸ ਤੋਂ ਇਲਾਵਾ ਨਗਰ ਕੌਂਸਲ ਵੱਲੋਂ ਬਿਲਡਿੰਗ ਬਨਾਉਣ ਤੋਂ ਪਹਿਲਾਂ ਐਨ ਓ ਸੀ ਜਾਰੀ ਕਰਨ ਵਿੱਚ ਦੇਰੀ, ਥਾਂ ਥਾਂ ਲੱਗੇ ਗੰਦਗੀ ਦੇ ਢੇਰਾਂ ਅਤੇ ਨਗਰ ਕੌਂਸਲ ਦੀਆਂ ਦੁਕਾਨਾਂ ਦੇ ਕਿਰਾਏਦਾਰਾਂ ਨੂੰ ਮਾਲਕੀ ਹੱਕ ਦੇਣ ਆਦਿ ਦੇ ਮੁੱਦਿਆਂ ਤੇ ਚਰਚਾ ਕੀਤੀ ਗਈ। ਉਕਤ ਮੁੱਦਿਆਂ ਸਬੰਧੀ ਸਬੰਧਤ ਅਧਿਕਾਰੀਆਂ ਨੇ ਜਲਦ ਹੱਲ ਕਰਨ ਦਾ ਭਰੋਸਾ ਦਿੱਤਾ। ਇਸ ਮੌਕੇ ਪਾਵਰਕਾਮ ਦੇ ਐਕਸੀਅਨ ਅਮਨਦੀਪ ਸਿੰਘ ਮਾਨ, ਕਾਰਜਸਾਧਕ ਅਫਸਰ ਸੁਨੀਲ ਦੱਤ ਵਰਮਾ, ਮਾਰਕੀਟ ਕਮੇਟੀ ਦੇ ਸਕੱਤਰ ਅਨਿਲ ਖੁੰਗਰ, ਈ.ਟੀ.ਓ. ਗੁਰਿੰਦਰ ਸਿੰਘ, ਜੀ.ਐੱਸ.ਟੀ. ਵਿਭਾਗ ਦੇ ਰਵਿੰਦਰ ਸਿੰਘ ਤੋਂ ਇਲਾਵਾ ਸ਼ਾਮ ਸੁੰਦਰ ਛਿੰਦੀ, ਓਮ ਪ੍ਰਕਾਸ਼ ਕਾਕਾ, ਰਾਜੇਸ਼ ਬਾਂਸਲ, ਵਿੱਕੀ ਗਰਗ, ਅਨਮੋਲ ਜੁਨੇਜਾ ਬਬਲੂ, ਮੁਕੇਸ਼ ਕੁਮਾਰ ਸੰਮੀ ਬੁੱਟਰ, ਮਨੀਸ਼ ਵਰਮਾ, ਸ਼ਿਵਮ ਬੁੱਟਰ, ਰਾਕੇਸ਼ ਪਪਨੇਜਾ, ਗੌਰਵ ਅਗਰਵਾਲ, ਸੰਦੀਪ ਚਾਵਲਾ, ਡਾ. ਅਨਿਲ ਗਰਗ, ਸਤਪਾਲ ਸਿੰਗਲਾ, ਮਹਿੰਦਰਪਾਲ ਸਿੰਗਲਾ, ਮੁਕੇਸ਼ ਗੋਇਲ, ਦਾਰਾ ਗਰਗ, ਕੁਲਭੂਸ਼ਨ ਸ਼ਰਮਾ ਅਤੇ ਮਾਧੋ ਦਾਸ ਸਿੰਘ ਆਦਿ ਵੀ ਮੌਜੂਦ ਸਨ।

# ਚੇਤ ਮਹੀਨੇ ਮਾਤਾ ਦਾਤੀ ਦਾ ਮੇਲਾ, ਸੰਗਤਾਂ ਨੇ ਭਰੀ ਹਾਜ਼ਰੀ




**ਤਪਾ ਮੰਡੀ, 18 ਮਾਰਚ (ਬੰਟੀ ਦੀਕਸ਼ਿਤ, ਮੇਸੀ ਤਪਾ):** ਸਥਾਨਕ ਮਾਤਾ ਦਾਤੀ ਮੰਦਿਰ ਵਿਖੇ ਚੇਤ ਮਹੀਨੇ ਦਾ ਸਲਾਨਾ ਮੇਲਾ ਮਾਤਾ ਦਾਤੀ ਮੰਦਿਰ ਅਤੇ ਬਾਬਾ ਸੁਖਾਨੰਦ ਬਾਬਾ ਮੱਠ ਵਿਖੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਸ਼ਮੂਲੀਅਤ ਕਰਕੇ ਪਰਿਵਾਰਾਂ ਦੀ ਸੁੱਖ ਸ਼ਾਂਤੀ ਅਤੇ ਚੜ੍ਹਦੀ ਕਲਾ ਲਈ ਅਰਦਾਸ ਬੇਨਤੀ ਕੀਤੀਆਂ ਮਾਤਾ ਦਾਤੀ ਮੰਦਿਰ ਵਿਖੇ ਨਵ ਵਿਆਹੇ ਜੋੜਿਆ ਵੱਲੋਂ ਢੋਲ ਢਮੱਕੇ ਦੀ ਤਾਲ ਤੇ ਗੁੜ ਦੀ ਭੇਲੀ ਵੰਡੀ।ਇਸ ਮੌਕੇ ਦੂਰ ਦੁਰਾਡੇ ਤੋਂ ਹਜ਼ਾਰਾਂ ਦੀ ਗਿਣਤੀ ਵਿੱਚ ਆਈਆਂ ਸੰਗਤਾਂ ਸਾਬਕਾ ਪ੍ਰਧਾਨ ਅਸ਼ਵਨੀ ਕੁਮਾਰ ਆਸ਼ੂ ਭੂਤ, ਅਸ਼ੋਕ ਕੁਮਾਰ ਮਿੱਤਲ, ਮਦਲ ਲਾਲ, ਨਰੇਸ਼ ਭੂਤ, ਅਸ਼ੋਕ ਕੁਮਾਰ ਭੂਤ, ਕ੍ਰਿਸ਼ਨ ਚੰਦ, ਟੀਟੂ ਸਾਬਕਾ ਕੌਂਸਲਰ, ਗੁਰਦੀਪ ਚੱਠਾ, ਹੈਰੀ ਚੱਠਾ, ਕੁਲਦੀਪ ਕੁਮਾਰ ਨੇ ਮਾਤਾ ਦਾਤੀ ਦੇ ਅਸਥਾਨ ਵਿਖੇ ਮਿੱਟੀ ਕੱਢ ਕੇ ਅਤੇ ਪਵਿੱਤਰ ਸਰੋਵਰ ਵਿੱਚ ਇਸ਼ਨਾਨ ਕਰਕੇ ਮਾਤਾ ਜੀ ਦੇ ਦਰਬਾਰ ਤੇ ਨਤ ਮਸਤਕ ਹੋ ਕੇ ਅਰਦਾਸ ਬੇਨਤੀਆਂ ਕੀਤੀਆਂ। ਮੰਦਿਰ ਦੇ ਪ੍ਰਬੰਧਕਾਂ ਵੱਲੋਂ ਸ਼ਰਧਾਲੂਆਂ ਲਈ ਵਧੀਆ ਪ੍ਰਬੰਧ ਕੀਤੇ ਹੋਏ ਸਨ।ਇਸ ਮੌਕੇ ਸ਼ਹਿਰ ਦੇ ਵੱਖ-ਵੱਖ ਕਲੱਬਾਂ ਵੱਲੋਂ ਸੰਗਤਾਂ ਲਈ ਲੰਗਰਾਂ ਦਾ ਪ੍ਰਬੰਧ ਕੀਤਾ ਗਿਆ। ਇਸ ਤੋਂ ਇਲਾਵਾ ਸੰਗਤਾਂ ਨੇ ਬਾਬਾ ਮੱਠ ਵਿਖੇ ਨਤਮਸਤਕ ਹੋ ਕੇ ਅਰਦਾਸ ਬੇਨਤੀਆਂ ਕੀਤੀਆਂ ਅਤੇ ਮੰਦਿਰ ਵਿਖੇ ਆਉਣ ਵਾਲੀਆਂ ਸੰਗਤਾਂ ਨੂੰ ਖੀਰ ਦਾ ਲੰਗਰ ਵਰਤਾਇਆ ਗਿਆ ਬਾਅਦ ਵਿੱਚ ਸੰਗਤਾਂ ਨੇ ਮੇਲੇ ਦਾ ਆਨੰਦ ਲਿਆ। ਇਸ ਮੌਕੇ ਜੀਵਨ ਔਜਲਾ, ਪੰਮੀ ਪਰਜਾਪਤ, ਟੀਟੂ ਦੀਕਸ਼ਿਤ, ਹਰਜੋਤ ਬਾਵਾ, ਸਾਹਿਲ ਸ਼ਰਮਾ, ਡਿੰਪੀ ਸ਼ਰਮਾ, ਬਾਬਾ ਮੋਹਨ ਦਾਸ, ਗੁਰਪ੍ਰੀਤ ਸਿੱਧੂ, ਜਗਦੇਵ ਸਿੰਘ ਗੋਦੀ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

# ਝਾੜ ਸਾਹਿਬ ਕਾਲਜ ਦਾ ਐਮ.ਏ.- ਸਮੈਸਟਰ ਪਹਿਲਾ ਅਤੇ ਤੀਜਾ ਦਾ ਨਤੀਜਾ ਸ਼ਾਨਦਾਰ ਰਿਹਾ



**ਮਾਛੀਵਾੜਾ ਸਾਹਿਬ 18 ਮਾਰਚ (ਮਾਸਟਰ ਸਤੀਸ਼ ਕੁਮਾਰ)** ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਵੱਲੋਂ ਐਲਾਨੇ ਗਏ ਐਮ.ਏ. ਸਮੈਸਟਰ ਪਹਿਲਾ ਦੇ ਨਤੀਜੇ ਵਿੱਚ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮੈਨ, ਝਾੜ ਸਾਹਿਬ (ਲੁਧਿ.) ਜੋ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦੀ ਸਰਪ੍ਰਸਤੀ ਅਤੇ ਪ੍ਰਿੰਸੀਪਲ ਡਾ. ਰਜਿੰਦਰ ਕੌਰ ਦੀ ਯੋਗ ਅਗਵਾਈ ਹੇਠ ਚੱਲ ਰਿਹਾ ਹੈ, ਦੀਆਂ ਵਿਦਿਆਰਥਣਾਂ ਨੇ ਵਧੀਆ ਅੰਕ ਪ੍ਰਾਪਤ ਕਰਕੇ ਆਪਣੀ ਸੰਸਥਾ ਦਾ ਮਾਣ ਵਧਾਇਆ ਹੈ। ਐਮ.ਏ.-ਸਮੈਸਟਰ ਪਹਿਲਾ ਦਾ ਸਮੁੱਚਾ ਨਤੀਜਾ ਸੌ ਫੀਸਦੀ ਰਿਹਾ ਹੈ। ਐਮ.ਏ. ਸਮੈਸਟਰ ਪਹਿਲਾ ਦੀ ਵਿਦਿਆਰਥਣ ਸੰਗੀਤਾ ਰਾਣੀ ਸਪੁੱਤਰੀ ਰਮੇਸ਼ ਚੰਦ ਨੇ 70.7% ਫੀਸਦੀ ਅੰਕ ਪ੍ਰਾਪਤ ਕਰਕੇ ਕਾਲਜ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ। ਜਸ਼ਨਪ੍ਰੀਤ ਕੌਰ ਸਪੁੱਤਰੀ ਬਲਜਿੰਦਰ ਸਿੰਘ ਨੇ 67.25 ਫੀਸਦੀ ਅੰਕ ਪ੍ਰਾਪਤ ਕਰਕੇ ਦੂਜਾ ਅਤੇ ਹਰਪ੍ਰੀਤ ਕੌਰ ਸਪੁੱਤਰੀ ਸਰਦਾਰਾ ਸਿੰਘ ਨੇ 65 ਫੀਸਦੀ ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ। ਐਮ.ਏ. ਸਮੈਸਟਰ ਤੀਜਾ ਦੀ ਵਿਦਿਆਰਥਣ ਅਰਸ਼ਦੀਪ ਕੌਰ ਸਪੁੱਤਰੀ .ਬਲਦੇਵ ਸਿੰਘ ਨੇ 75.22 ਫੀਸਦੀ ਅੰਕ ਪ੍ਰਾਪਤ ਕਰਕੇ ਕਾਲਜ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ ਜਦ ਕਿ ਜੈਸਮੀਨ ਕੌਰ ਸਪੁੱਤਰੀ ਗੁਰਨਾਮ ਸਿੰਘ 71 ਫੀਸਦੀ ਅਤੇ ਰਮਨਦੀਪ ਕੌਰ ਸਪੁੱਤਰੀ ਗੁਰਮੁਖ ਸਿੰਘ ਨੇ 69.75 ਫੀਸਦੀ ਅੰਕ ਹਾਸਲ ਕਰਕੇ ਕ੍ਰਮਵਾਰ ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕੀਤਾ। ਕਾਲਜ ਪ੍ਰਿੰਸੀਪਲ ਡਾ. ਰਜਿੰਦਰ ਕੌਰ ਨੇ ਸਮੂਹ ਸਟਾਫ ਵਿਦਿਆਰਥਣਾਂ ਅਤੇ ਮਾਪਿਆਂ ਨੂੰ ਵਧਾਈ ਦਿੱਤੀ ਅਤੇ ਸ਼ੁਭ ਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਇਹ ਸੰਸਥਾ ਵਿਦਿਆਰਥਣਾਂ ਦੇ ਸਰਵਪੱਖੀ ਵਿਕਾਸ ਦੀ ਪੂਰਤੀ ਲਈ ਸਦਾ ਹੀ ਯਤਨਸ਼ੀਲ ਰਹਿੰਦੀ ਹੈ। ਕਾਲਜ ਦਾ ਮੁੱਖ ਉਦੇਸ਼ ਵਿਦਿਆਰਥਣਾਂ ਨੂੰ ਅਕਾਦਮਿਕ ਪੱਧਰ 'ਤੇ ਅਜਿਹੀ ਮਿਆਰੀ ਸਿੱਖਿਆ ਦੇਣਾ ਹੈ ਜਿਸ ਨਾਲ ਮੁਕਾਬਲੇ ਦੇ ਅਜੋਕੇ ਦੌਰ ਵਿੱਚ ਉਹ ਆਪਣੀ ਵਿਲੱਖਣ ਹੋਂਦ ਸਥਾਪਿਤ ਕਰ ਸਕਣ। ਉਨ੍ਹਾਂ ਆਸ ਜਤਾਈ ਕਿ ਕਾਲਜ ਵਿਦਿਆਰਥਣਾਂ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਲਗਨ ਅਤੇ ਮਿਹਨਤ ਸਦਕਾ ਹਰ ਮੰਜ਼ਿਲ ਸਰ ਕਰਦੀਆਂ ਹੋਈਆਂ ਆਪਣੇ ਮਿੱਥੇ ਟੀਚੇ ਤੱਕ ਪਹੁੰਚਣਗੀਆਂ। ਕਾਲਜ ਦੀਆਂ ਵਿਦਿਆਰਥਣਾਂ ਆਪਣੀ ਪੜ੍ਹਾਈ ਦੇ ਨਾਲ-ਨਾਲ ਅਰਨ-ਬਾਏ-ਲਰਨ ਪਾਲਿਸੀ ਤਹਿਤ ਕਮਾਉਣਾ ਵੀ ਸਿੱਖ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਕਾਲਜ ਵਿਖੇ ਬੀ.ਕਾਮ , ਬੀ.ਏ, ਬੀ.ਸੀ.ਏ., ਬੀ.ਐਸ.ਸੀ.( ਫੈਸ਼ਨ ਡਿਜ਼ਾਇਨਿੰਗ) ਪੀ.ਜੀ. ਡੀ. ਐਫ .ਡੀ, ਪੀ.ਜੀ.ਡੀ.ਸੀ.ਏ, ਐਮ.ਐਸ.ਸੀ.(ਆਈ ਟੀ) ., 10+1 ਅਤੇ +2 ਦੇ ਕੋਰਸ ਸਫਲਤਾਪੂਰਵਕ ਚੱਲ ਰਹੇ ਹਨ।

# ਆਪ ਸਰਕਾਰ ਦਾ ਐਸ.ਸੀ ਵਰਗ ਔਰਤਾਂ ਨੂੰ 1500 ਤੇ ਬੀਸੀ ਵਰਗ ਔਰਤਾਂ ਨੂੰ 1000 ਦੇਣ ਦਾ ਫੈਸਲਾ ਸ਼ਲਾਘਾਯੋਗ - ਵਿਰਕ

**ਗੁਰੂ ਹਰਸਹਾਏ, 18 ਮਾਰਚ (ਗੁਰਮੇਲ ਵਾਰਵਲ)** ਆਮ ਆਦਮੀ ਪਾਰਟੀ ਵਲੋਂ 2022 ਦੀਆਂ ਵਿਧਾਨ ਸਭਾ ਚੋਣਾਂ ਚ ਪੰਜਾਬ ਦੀਆਂ ਮਹਿਲਾਵਾਂ ਨਾਲ ਇੱਕ ਵਾਅਦਾ ਕੀਤਾ ਗਿਆ ਸੀ ਕਿ ਜੇਕਰ ਪੰਜਾਬ ਚ ਆਪ ਦੀ ਸਰਕਾਰ ਬਣਦੀ ਹੈ ਤਾਂ ਪੰਜਾਬ ਸਰਕਾਰ ਹਰ ਮਹੀਨੇ ਪੰਜਾਬ ਦੀਆਂ ਮਹਿਲਾਵਾਂ ਨੂੰ ਹਜਾਰ ਰੁਪਏ ਪ੍ਰਤੀ ਮਹੀਨਾ ਦੇਵੇਗੀ। ਪਿਛਲੇ ਦਿਨੀ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਦੇ ਖਜ਼ਾਨਾ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਪੰਜਾਬ ਸਰਕਾਰ ਦਾ ਬਜਟ ਪੇਸ਼ ਕੀਤਾ ਗਿਆ ਸੀ ਜਿਸ ਵਿੱਚ ਮਹਿਲਾਵਾਂ ਦੀ ਇਸ ਮੰਗ ਨੂੰ ਪੂਰਾ ਕਰ ਦਿੱਤਾ ਗਿਆ ਹੈ ਜੋ ਕਿ ਮਾਨ ਸਰਕਾਰ ਦਾ ਬਹੁਤ ਹੀ ਸ਼ਲਾਘਾਯੋਗ ਫੈਸਲਾ ਹੈ। ਇਹਨਾਂ ਗੱਲਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਤੇ ਕਿਸਾਨ ਵਿੰਗ ਪ੍ਰਧਾਨ ਦਵਿੰਦਰ ਵਿਰਕ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਕੀਤਾ। ਉਹਨਾਂ ਕਿਹਾ ਕਿ ਸਰਕਾਰ ਵੱਲੋਂ ਇਸ ਯੋਜਨਾ ਦਾ ਨਾਮ ਵੀ ਮਾਵਾਂ ਧੀਆਂ ਸਤਿਕਾਰਯੋਗ ਯੋਜਨਾ ਰੱਖਿਆ ਗਿਆ ਹੈ ਤਾਂ ਜੋ ਮਹਿਲਾਵਾਂ ਨੂੰ ਮਾਣ ਸਤਿਕਾਰ ਦਿੱਤਾ ਜਾਵੇ। ਉਨ੍ਹਾਂ ਦੱਸਿਆ ਕਿ ਇਸ ਯੋਜਨਾ ਦੇ ਤਹਿਤ ਹੁਣ ਪੰਜਾਬ ਦੀਆ ਬੀਸੀ ਵਰਗ ਮਹਿਲਾਵਾਂ ਨੂੰ ਹਰ ਮਹੀਨੇ 1000 ਅਤੇ ਐਸੀ ਵਰਗ ਦੀਆ ਮਹਿਲਾਵਾਂ ਨੂੰ 1500 ਰੁਪਏ ਦੀ ਆਰਥਿਕ ਸਹਾਇਤਾ ਸਿੱਧੇ ਤੌਰ ਤੇ ਉਹਨਾਂ ਦੇ ਬੈਂਕ ਖਾਤਿਆ ਰਾਹੀਂ ਭੇਜੀ ਜਾਵੇਗੀ। ਤੇ ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਤਹਿਤ ਮਿਲਣ ਵਾਲੀ ਰਾਸ਼ੀ ਨਾਲ ਮਹਿਲਾਵਾਂ ਆਪਣੇ ਪਰਿਵਾਰ ਦੀਆਂ ਜਰੂਰਤਾਂ ਕਿਸੇ ਹੱਦ ਤੱਕ ਪੂਰੀਆਂ ਕਰ ਸਕਣਗੀਆ। ਦਵਿੰਦਰ ਵਿਰਕ ਨੇ ਕਿਹਾ ਕਿ ਆਪ ਕੌਮੀ ਕਨਵੀਨਰ ਸ੍ਰੀ ਅਰਵਿੰਦ ਕੇਜਰੀਵਾਲ ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ ਦੇ ਸੂਬਾ ਪ੍ਰਧਾਨ ਅਮਨ ਅਰੋੜਾ ਦੀ ਅਗਵਾਈ ਹੇਠ ਪੰਜਾਬ ਸਰਕਾਰ ਮਹਿਲਾਵਾ ਦੀ ਭਲਾਈ ਲਈ ਵਚਨਬੱਧ ਹੈ। ਉਹਨਾਂ ਕਿਹਾ ਕਿ ਸਰਕਾਰ ਵੱਲੋਂ ਔਰਤਾਂ ਲਈ ਮੁਫਤ ਬੱਸ ਸਫਰ ਦੀ ਸਹੂਲਤ ਵੀ ਜਾਰੀ ਰੱਖੀ ਹੋਈ ਹੈ ਜਿਸ ਦਾ ਮਹਿਲਾਵਾਂ ਨੂੰ ਬਹੁਤ ਜ਼ਿਆਦਾ ਫਾਇਦਾ ਮਿਲ ਰਿਹਾ ਹੈ ਉਹਨਾਂ ਕਿਹਾ ਕਿ ਇਸ ਤੋਂ ਇਲਾਵਾ ਪੰਜਾਬ ਸਰਕਾਰ ਵੱਲੋਂ 10 ਲੱਖ ਰੁਪਏ ਦਾ ਸਿਹਤ ਬੀਮਾ ਯੋਜਨਾ ਕਾਰਡ ਵੀ ਬਣਾਇਆ ਜਾ ਰਿਹਾ ਜਿਸ ਦਾ ਪੰਜਾਬ ਦੇ ਲੋਕਾਂ ਨੂੰ ਭਾਰੀ ਫਾਇਦਾ ਹੋਵੇਗਾ ਅਤੇ ਪੰਜਾਬ ਸਰਕਾਰ ਸੂਬੇ ਦੇ ਹਰੇਕ ਵਰਗ ਦੀਆਂ ਉਮੀਦਾਂ ਤੇ ਖਰਾ ਉਤਰਨ ਵਿਚ ਸਫਲ ਹੋਈ ਹੈ।



# ਬਾਬਾ ਕਰਨੈਲ ਦਾਸ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਅੱਖਾਂ ਦਾ ਮੁਫਤ ਲੈਂਜ਼ ਕੈਂਪ 20 ਮਾਰਚ ਨੂੰ



**ਭਗਤਾ ਭਾਈ, 18 ਮਾਰਚ (ਰਾਜਿੰਦਰ ਸਿੰਘ ਮਰਾਹੜ)** ਪਿੰਡ ਜਲਾਲ ਵਿਖੇ ਬ੍ਰਹਮਲੀਨ ਸੰਤ ਬਾਬਾ ਕਰਨੈਲ ਦਾਸ ਜੀ ਦੇ ਅਸ਼ੀਰਵਾਦ ਨਾਲ, ਮੌਜੂਦਾ ਗੱਦੀ ਨਸ਼ੀਨ ਸੁਆਮੀ ਬ੍ਰਹਮਮੁਨੀ ਜੀ ਦੀ ਅਗਵਾਈ ਹੇਠ ਅਤੇ ਸੰਸਥਾ ਦੇ ਮੁੱਖ ਪ੍ਰਬੰਧਕ ਬਾਬਾ ਗੰਗਾ ਰਾਮ ਜੀ ਦੇ ਯਤਨਾਂ ਸਦਕਾ ਵਿਵੇਕ ਸੰਪਰਦਾ ਦੇ ਬਾਨੀ ਸੰਤ ਬਾਬਾ ਕਰਨੈਲ ਦਾਸ ਜੀ ਦੇ ਜਨਮ ਦਿਹਾੜੇ ਦੀ ਖੁਸ਼ੀ ਵਿੱਚ 264ਵਾਂ ਅੱਖਾਂ ਦਾ ਮੁਫਤ ਲੈਂਜ਼ ਕੈਂਪ ਵਿਵੇਕ ਚੈਰੀਟੇਬਲ ਅੱਖਾਂ ਦਾ ਹਸਪਤਾਲ ਜਲਾਲ (ਬਠਿੰਡਾ) ਵਿਖੇ 20 ਮਾਰਚ ਦਿਨ ਸ਼ੁੱਕਰਵਾਰ ਨੂੰ ਲਗਾਇਆ ਜਾ ਰਿਹਾ ਹੈ। ਇਹ ਜਾਣਕਾਰੀ ਦਿੰਦਿਆਂ ਸੁਆਮੀ ਬ੍ਰਹਮ ਮੁਨੀ ਜੀ ਨੇ ਦੱਸਿਆ ਕਿ ਉੱਚ ਕੋਟੀ ਦੇ ਡਾਕਟਰ ਰਵੀਕਾਂਤ ਬਮੋਤਰਾ ਤੇ ਡਾਕਟਰ ਮਿਨਾਕਸ਼ੀ ਸਿੱਧੂ ਮਰੀਜਾਂ ਦਾ ਚੈੱਕਅਪ ਕਰਨਗੇ। ਚੈੱਕਅਪ ਉਪਰੰਤ ਅਪਰੇਸ਼ਨ ਯੋਗ ਮਰੀਜਾਂ ਦੇ ਮੁਫਤ ਲੈਂਜ਼ ਪਾਏ ਜਾਣਗੇ ਅਤੇ ਦਵਾਈਆਂ ਮੁਫਤ ਦਿੱਤੀਆਂ ਜਾਣਗੀਆਂ। ਉਨ੍ਹਾਂ ਬੇਨਤੀ ਕੀਤੀ ਕਿ ਮਰੀਜ ਆਪਣੇ ਨਾਲ ਅਧਾਰ ਕਾਰਡ, ਵੋਟ ਕਾਰਡ ਅਤੇ ਪੈਨ ਕਾਰਡ ਦੀ ਫੋਟੋ ਕਾਪੀ ਅਤੇ ਇੱਕ ਵਾਰਸ ਨੂੰ ਜ਼ਰੂਰ ਲੈ ਕੇ ਆਉਣ ਅਤੇ ਇਸ਼ਨਾਨ ਕਰਕੇ ਆਉਣ। ਉਨ੍ਹਾਂ ਕਿਹਾ ਕਿ ਦਿਲ ਅਤੇ ਸ਼ੂਗਰ ਦੇ ਮਰੀਜਾਂ ਦੇ ਆਪਰੇਸ਼ਨ ਨਹੀ ਕੀਤੇ ਜਾਣਗੇ। ਇਸ ਮੌਕੇ ਗੁਰੂ ਕਾ ਲੰਗਰ ਅਟੁੱਟ ਵਰਤਾਇਆ ਜਾਵੇਗਾ। ਇਸ ਮੌਕੇ ਸਮੁੱਚਾ ਸਟਾਫ ਹਾਜਰ ਸੀ।

# ਸੁਖਜਿੰਦਰ ਸਿੰਘ ਬਬਲਾ (ਅਮਰੀਕਾ) ਨੇ ਸਰਕਾਰੀ ਪ੍ਰਾਇਮਰੀ ਸਕੂਲ ਮਲੂਕਾ ਨੂੰ 20 ਹਜਾਰ ਰੁਪਏ ਦੀ ਰਾਸ਼ੀ ਦਾਨ ਵਜੋਂ ਦਿੱਤੀ



**ਭਗਤਾ ਭਾਈ, 18 ਮਾਰਚ (ਰਾਜਿੰਦਰ ਸਿੰਘ ਮਰਾਹੜ)**- ਇੱਥੋਂ ਨੇੜਲੇ ਪਿੰਡ ਮਲੂਕਾ ਵਿਖੇ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਮਲੂਕਾ (ਬਠਿੰਡਾ) ਨੂੰ ਸਮਾਜ ਸੇਵੀ ਸੁਖਜਿੰਦਰ ਸਿੰਘ ਢਿੱਲੋਂ ਬਬਲਾ (ਅਮਰੀਕਾ) ਸਾਬਕਾ ਸਰਪੰਚ ਮਲੂਕਾ ਵੱਲੋਂ 20000/- ਰੁਪਏ ਦੀ ਰਾਸ਼ੀ ਦਾਨ ਵਜੋਂ ਭੇਂਟ ਕੀਤੀ ਗਈ। ਸਕੂਲ ਦੇ ਮੁੱਖ ਅਧਿਆਪਕ ਬੇਅੰਤ ਸਿੰਘ ਮਲੂਕਾ (ਸਟੇਟ ਐਵਾਰਡੀ) ਨੇ ਦੱਸਿਆ ਹੈ ਕਿ ਬਬਲਾ ਜੀ ਪਿਛਲੇ ਕਾਫੀ ਸਮੇਂ ਪਿੰਡ ਦੇ ਵਿਦਿਅਕ ਅਦਾਰਿਆਂ, ਸਮਾਜਿਕ ਕੰਮਾਂ ਅਤੇ ਖੇਡ ਗਤੀਵਿਧੀਆਂ ਨਾਲ ਜੁੜੇ ਹੋਏ ਹਨ। ਉਹ ਹਰ ਸਾਲ ਸਕੂਲ ਅਤੇ ਹੋਰ ਸੰਸਥਾਵਾਂ ਦੀ ਹਰ ਸੰਭਵ ਮੱਦਦ ਕਰ ਰਹੇ ਹਨ। ਉਹਨਾਂ ਦੇ ਅਣਥੱਕ ਯਤਨਾਂ ਸਦਕਾ ਸਕੂਲੀ ਅਤੇ ਸਮਾਜਿਕ ਸੰਸਥਾਵਾਂ ਤਰੱਕੀ ਕਰ ਰਹੀਆਂ ਹਨ। ਅਮਰੀਕ ਸਿੰਘ ਕਲਿਆਣ ਈ ਟੀ ਟੀ ਅਧਿਆਪਕ ਨੇ ਮੁੱਖ ਮਹਿਮਾਨ ਨੂੰ 'ਜੀ ਆਇਆਂ ਨੂੰ' ਆਖਿਆ। ਸਮਾਗਮ ਦੇ ਅਖੀਰ ਵਿੱਚ ਸਕੂਲ ਸਟਾਫ਼ ਦੀ ਤਰਫੋਂ ਸੁਖਜਿੰਦਰ ਸਿੰਘ ਬਬਲਾ ਅਤੇ ਹਰਪ੍ਰੀਤ ਸਿੰਘ ਢਿੱਲੋਂ ਪ੍ਰਸਿੱਧ ਲੋਕ ਗਾਇਕ ਨੂੰ ਯਾਦਗਾਰੀ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਮਾਜ ਸੇਵੀ, ਹਰਪ੍ਰੀਤ ਸਿੰਘ ਗੋਲਡੀ, ਅਧਿਆਪਕਾਂ ਵਿੱਚੋਂ ਹਰਜਿੰਦਰ ਸਿੰਘ, ਕੁਲਦੀਪ ਸ਼ਰਮਾ, ਸੁਖਜੀਤ ਕੌਰ, ਸੁਖਜਿੰਦਰ ਸਿੰਘ, ਸੁਖਜੀਤ ਕੌਰ, ਜਸਵਿੰਦਰ ਕੌਰ, ਰਾਜਵਿੰਦਰ ਕੌਰ, ਮਨਦੀਪ ਕੌਰ, ਮਨਦੀਪ ਕੌਰ ਬੱਬੂ ਅਤੇ ਪਿੰਡ ਦੇ ਪਤਵੰਤੇ ਹਾਜ਼ਰ ਸਨ।

# ਬੀਬੀ ਸ਼ਰਨ ਕੌਰ ਖ਼ਾਲਸਾ ਕਾਲਜ ਸ੍ਰੀ ਚਮਕੌਰ ਸਾਹਿਬ ਵਿਖੇ ਸੱਤ ਰੋਜ਼ਾ ਐਨ.ਐਸ.ਐਸ. ਕੈਂਪ ਦੀ ਹੋਈ ਸ਼ੁਰੂਆਤ




**ਸ੍ਰੀ ਚਮਕੌਰ ਸਾਹਿਬ 18 ਮਾਰਚ (ਅਮਰਜੀਤ ਸਿੰਘ ਕਲਸੀ)** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਬੰਧ ਅਧੀਨ ਸਥਾਪਿਤ ਬੀਬੀ ਸ਼ਰਨ ਕੌਰ ਖ਼ਾਲਸਾ ਕਾਲਜ, ਸ੍ਰੀ ਚਮਕੌਰ ਸਾਹਿਬ ਵਿਖੇ ਕਾਲਜ ਪ੍ਰਿੰਸੀਪਲ ਡਾ. ਬਲਜੀਤ ਸਿੰਘ ਜੀ ਦੀ ਅਗਵਾਈ ਵਿੱਚ ਸੱਤ ਰੋਜ਼ਾ ਐਨ.ਐਸ.ਐਸ. ਦੀ ਸ਼ੁਰੂਆਤ ਕਾਲਜ ਸ਼ਬਦ ਨਾਲ ਹੋਈ। ਇਸ ਮੌਕੇ ਓ.ਐਸ.ਏ. ਪ੍ਰਧਾਨ ਅਰਸ਼ਪ੍ਰੀਤ ਸਿੰਘ ਧਨੋਆ ਨੇ ਸ਼ਿਰਕਤ ਕੀਤੀ। ਡਾ. ਅੰਮ੍ਰਿਤਾ ਸੇਖੋਂ ਵੱਲੋਂ ਰਸਮੀ ਤੌਰ ਤੇ ਸਵਾਗਤ ਕੀਤਾ ਗਿਆ। ਅਰਸ਼ਪ੍ਰੀਤ ਸਿੰਘ ਧਨੋਆ ਨੇ ਵਲੰਟੀਅਰਾਂ ਨੂੰ ਕੈਂਪ ਪ੍ਰਤੀ ਉਤਸ਼ਾਹਿਤ ਕਰਦਿਆਂ ਆਪਣੇ ਤਜ਼ਰਬੇ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਅਜਿਹੇ ਕੈਂਪ ਵਿਦਿਆਰਥੀਆਂ ਦੀ ਅਗਵਾਈ ਅਤੇ ਦਿਸ਼ਾ ਨਿਰਦੇਸ਼ਨਾ ਵਿੱਚ ਮਹੱਤਵਪੂਰਨ ਯੋਗਦਾਨ ਪਾਉਂਦੇ ਹਨ। ਧਾਰਮਿਕ ਅਧਿਆਪਕ ਸ. ਗੁਰਜਿੰਦਰ ਸਿੰਘ ਨੇ 'ਗੁਰਮਤਿ ਅਨੁਕੂਲ ਐਨ.ਐਸ.ਐਸ. ਦਾ ਮਨੋਰਥ' ਵਿਸ਼ੇ 'ਤੇ ਆਪਣੇ ਵਿਚਾਰ ਵਲੰਟੀਅਰਾਂ ਨਾਲ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਅਜਿਹੇ ਕੈਂਪ ਇਮਾਨਦਾਰੀ, ਭਾਈਚਾਰਕ ਸਾਂਝ ਅਤੇ ਆਪਸੀ ਮਿਲਵਰਤਨ ਦੀ ਭਾਵਨਾ ਪੈਦਾ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਇਸ ਮੌਕੇ ਮੰਚ ਸੰਚਾਲਨ ਦੀ ਭੂਮਿਕਾ ਪ੍ਰੋ. ਸੁਖਵਿੰਦਰ ਕੌਰ ਪੰਜਾਬੀ ਵਿਭਾਗ ਨੇ ਬਾਖੂਬੀ ਨਿਭਾਈ। ਪ੍ਰਬੰਧਕਾਂ ਵੱਲੋਂ ਅਰਸ਼ਪ੍ਰੀਤ ਸਿੰਘ ਧਨੋਆ ਦਾ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਗਿਆ। ਅੰਤ ਵਿੱਚ ਐਨ.ਐਸ.ਐਸ ਪ੍ਰੋਗਰਾਮ ਅਫ਼ਸਰ ਪ੍ਰੋ. ਮਧੂ ਡਡਵਾਲ ਨੇ ਰਸਮੀ ਤੌਰ ਤੇ ਸਭ ਦਾ ਧੰਨਵਾਦ ਕੀਤਾ। ਇਸ ਮੌਕੇ ਪ੍ਰੋ.ਬਿਕਰਮ ਰਾਣੀ, ਪ੍ਰੋ.ਜਸਪ੍ਰੀਤ ਕੌਰ, ਪ੍ਰੋ.ਅੰਮ੍ਰਿਤਪ੍ਰੀਤ ਕੌਰ ਤੇ ਐਨ.ਐਸ.ਐਸ. ਵਲੰਟੀਅਰ ਹਾਜ਼ਰ ਸਨ।

# ਪੰਜਾਬ ਪ੍ਰਧਾਨ ਡਾ. ਸੋਨੂੰ ਸ਼ਰਮਾ ਨੇ ਮਾਤਾ ਦੀ ਭੇਟ 'ਨੌਕਰ ਮਾਏ ਤੇਰਾ' ਕੀਤੀ ਰਿਲੀਜ਼, ਸੋਨੂੰ ਮੰਗੋਤਰਾ ਹਨ ਭੇਟ ਦੇ ਗਾਇਕ ਤੇ ਕੰਪੋਜ਼ਰ

**ਦੀਨਾਨਗਰ/ਗੁਰਦਾਸਪੁਰ, 18 ਮਾਰਚ (ਸਰਬਜੀਤ ਸਾਗਰ)** ਸ੍ਰੀ ਬ੍ਰਾਮਣ ਸਭਾ ਯੂਥ ਵਿੰਗ ਦੇ ਪੰਜਾਬ ਪ੍ਰਧਾਨ ਅਤੇ ਲੋਕ ਸੇਵਾ ਸਮਿਤੀ ਦੀਨਾਨਗਰ ਦੇ ਪ੍ਰਧਾਨ ਡਾ. ਸੋਨੂੰ ਸ਼ਰਮਾ ਵੱਲੋਂ ਗਾਇਕ ਸੋਨੂੰ ਮੰਗੋਤਰਾ ਦੀ ਨਵੀਂ ਭੇਟ 'ਨੌਕਰ ਮਾਏ ਤੇਰਾ' ਰਿਲੀਜ਼ ਕੀਤੀ ਗਈ। ਇਸ ਦੌਰਾਨ ਡਾ. ਸੋਨੂੰ ਸ਼ਰਮਾ ਨੇ ਭੇਟ ਦਾ ਪੋਸਟਰ ਰਸਮੀ ਤੌਰ 'ਤੇ ਜਾਰੀ ਕੀਤਾ ਅਤੇ ਇਸਦੀ ਸਫ਼ਲਤਾ ਲਈ ਗਾਇਕ ਸੋਨੂੰ ਮੰਗੋਤਰਾ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਅੱਜ ਦੀ ਨੌਜਵਾਨ ਪੀੜ੍ਹੀ ਨੂੰ ਭਗਤੀ ਵਾਲੇ ਪਾਸੇ ਲਗਾਉਣ ਦਾ ਇਹ ਚੰਗਾ ਉਪਰਾਲਾ ਹੈ ਅਤੇ ਇਸਦੇ ਲਈ ਭੇਟ ਨੂੰ ਤਿਆਰ ਕਰਨ ਵਾਲੀ ਪੂਰੀ ਟੀਮ ਵਧਾਈ ਦੀ ਹੱਕਦਾਰ ਹੈ।

ਗਾਇਕ ਸੋਨੂੰ ਮੰਗੋਤਰਾ ਨੇ ਦੱਸਿਆ ਕਿ ਇਹ ਭੇਟ ਉਨ੍ਹਾਂ ਨੇ ਖ਼ੁਦ ਕੰਪੋਜ਼ ਕੀਤੀ ਹੈ ਅਤੇ ਇਸਦੇ ਲੇਖਕ ਕਿਸ਼ੋਰ ਕੁਮਾਰ ਹਨ। ਮਿਊਜ਼ਿਕ ਜੌਨੀ ਗਰਨਾਲ ਦਾ ਹੈ ਅਤੇ ਇਸਦਾ ਖ਼ੂਬਸੂਰਤ ਵੀਡੀਓ ਰੌਕੀ ਸ਼ਹਿਰੀਆ ਨੇ ਤਿਆਰ ਕੀਤਾ ਹੈ। ਉਨ੍ਹਾਂ ਮਾਤਾ ਦੇ ਭਗਤਾਂ ਨੂੰ ਅਪੀਲ ਕੀਤੀ ਕਿ ਇਸਨੂੰ ਜ਼ਰੂਰ ਸੁਣਿਆ ਜਾਵੇ ਅਤੇ ਲਾਈਕ ਤੇ ਸ਼ੇਅਰ ਕਰਕੇ ਪਿਆਰ ਦਿੱਤਾ ਜਾਵੇ। ਇਸ ਮੌਕੇ ਵੇਦ ਪ੍ਰਕਾਸ਼, ਰਾਜ ਕੁਮਾਰ ਅਵਾਂਖਾ, ਸੋਨੂੰ ਕਰਿਆਨਾ ਸਟੋਰ ਅਤੇ ਹੋਰ ਪਤਵੰਤੇ ਵੀ ਹਾਜ਼ਰ ਸਨ।




# ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪਟਿਆਲਾ ਵੱਲੋਂ ਪਿੰਡ ਸੂਲਰ ਵਿੱਚ ਜਾਗਰੂਕਤਾ ਸੈਮੀਨਾਰ



**ਭਵਾਨੀਗੜ੍ਹ 18 ਮਾਰਚ, (ਰਾਜ ਖੁਰਮੀ):** ਮਾਨਯੋਗ ਜ਼ਿਲ੍ਹਾ ਤੇ ਸੈਸ਼ਨਜ਼ ਜੱਜ ਸ੍ਰੀ ਅਵਤਾਰ ਸਿੰਘ (ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪਟਿਆਲਾ) ਅਤੇ ਮਾਨਯੋਗ ਚੀਫ ਜੁਡੀਸ਼ੀਅਲ ਮੈਜਿਸਟਰੇਟ-ਕਮ-ਸਕੱਤਰ ਦੀ ਸਰਪ੍ਰਸਤੀ ਹੇਠ ਪਿੰਡ ਸੂਲਰ ਵਿੱਚ ਜਾਗਰੂਕਤਾ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਇਸ ਸੈਮੀਨਾਰ ਵਿੱਚ ਪੀ.ਐਲ.ਵੀ. ਮੈਂਬਰਾਂ ਅਤੇ ਸਥਾਨਕ ਅਧਿਕਾਰੀਆਂ ਦੇ ਸਹਿਯੋਗ ਨਾਲ ਲੋਕਾਂ ਨੂੰ ਮੁਫ਼ਤ ਕਾਨੂੰਨੀ ਸਹਾਇਤਾ ਅਤੇ ਵੱਖ-ਵੱਖ ਸਰਕਾਰੀ ਯੋਜਨਾਵਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਸੈਮੀਨਾਰ ਨੂੰ ਸੰਬੋਧਨ ਕਰਦਿਆਂ ਪੀ.ਐਲ.ਵੀ. ਗੁਰਕੀਰਤ ਸਿੰਘ ਨੇ ਕਿਹਾ ਕਿ ਅਥਾਰਟੀ ਦਾ ਮੁੱਖ ਮਕਸਦ ਨਿਆਂ ਦੀ ਸਹੂਲਤ ਨੂੰ ਘਰ-ਘਰ ਤੱਕ ਪਹੁੰਚਾਉਣਾ ਹੈ। ਉਨ੍ਹਾਂ ਵੱਲੋਂ ਸੁਪਰੀਮ ਕੋਰਟ ਦੇ ਫੈਸਲੇ ਔਰੇਲੀਆਨੋ ਫਰਨਾਂਡਿਸ ਬਨਾਮ ਗੋਆ ਰਾਜ ਦੇ ਨਿਰਦੇਸ਼ਾਂ ਦੀ ਜਾਣਕਾਰੀ ਦੇਣ ਨਾਲ ਨਾਲ ਨਾਲਸਾ ਦੀਆਂ ਵੱਖ-ਵੱਖ ਯੋਜਨਾਵਾਂ ਜਿਵੇਂ ਕਿ ਬੱਚਿਆਂ ਲਈ ਬਾਲ ਅਨੁਕੂਲ ਕਾਨੂੰਨੀ ਸੇਵਾਵਾਂ ਯੋਜਨਾ 2024, ਆਫ਼ਤ ਪੀੜਤਾਂ ਲਈ ਕਾਨੂੰਨੀ ਸੇਵਾਵਾਂ ਯੋਜਨਾ 2010 ਅਤੇ ਮਨੁੱਖੀ ਤਸਕਰੀ ਤੇ ਜਿਨਸੀ ਸ਼ੋਸ਼ਣ ਵਿਰੋਧੀ ਯੋਜਨਾ 2015 ਬਾਰੇ ਵੀ ਵਿਸਥਾਰ ਨਾਲ ਜਾਣੂ ਕਰਵਾਇਆ ਗਿਆ।

ਇਸ ਮੌਕੇ ਪੀ.ਐਲ.ਵੀ. ਪਰਮਜੀਤ ਸਿੰਘ ਵੱਲੋਂ ਸਥਾਈ ਲੋਕ ਅਦਾਲਤਾਂ ਅਤੇ ਜਨਤਕ ਉਪਯੋਗੀ ਸੇਵਾਵਾਂ ਬਾਰੇ ਜਾਣਕਾਰੀ ਦਿੱਤੀ ਗਈ, ਜਦਕਿ ਰਾਜੇਸ਼ ਮਿੱਤਲ ਨੇ ਬਾਲ ਮਜ਼ਦੂਰੀ ਦੇ ਖਾਤਮੇ ਲਈ ਚੱਲ ਰਹੀ ਪੈਨ-ਇੰਡੀਆ ਮੁਹਿੰਮ ਅਤੇ ਅਪੰਗਤਾ ਅਧਿਕਾਰਾਂ ਬਾਰੇ ਵੀ ਚਰਚਾ ਕੀਤੀ। ਸੈਮੀਨਾਰ ਦੌਰਾਨ ਸਾਈਬਰ ਅਪਰਾਧ, ਡਿਜੀਟਲ ਧੋਖਾਧੜੀ, ਪੰਜਾਬ ਪੀੜਤ ਮੁਆਵਜ਼ਾ ਯੋਜਨਾ 2017, ਕਿਸ਼ੋਰ ਨਿਆਂ ਐਕਟ, ਪੋਕਸੋ ਐਕਟ ਅਤੇ ਬਾਲ ਵਿਆਹ ਰੋਕਥਾਮ ਕਾਨੂੰਨ ਸਮੇਤ ਹੋਰ ਕਈ ਮਹੱਤਵਪੂਰਨ ਕਾਨੂੰਨੀ ਵਿਸ਼ਿਆਂ 'ਤੇ ਵੀ ਰੌਸ਼ਨੀ ਪਾਈ ਗਈ। ਇਸ ਤੋਂ ਇਲਾਵਾ ਨਾਲਸਾ ਅਤੇ ਪੀ.ਐਸ.ਐਲ.ਐਸ.ਏ. ਦੀਆਂ ਸਕੀਮਾਂ ਜਿਵੇਂ ਸਮਵਾਦ, ਜਾਗ੍ਰਿਤੀ, ਆਸ਼ਾ, ਸਾਥੀ ਅਤੇ ਡਾਨ ਬਾਰੇ ਵੀ ਲੋਕਾਂ ਨੂੰ ਜਾਗਰੂਕ ਕੀਤਾ ਗਿਆ।

ਅੰਤ ਵਿੱਚ ਹਾਜ਼ਰ ਲੋਕਾਂ ਨੂੰ ਅਪੀਲ ਕੀਤੀ ਗਈ ਕਿ ਉਹ ਮੁਫ਼ਤ ਕਾਨੂੰਨੀ ਸਹਾਇਤਾ ਦਾ ਲਾਭ ਲੈਣ ਅਤੇ ਆਪਣੇ ਅਧਿਕਾਰਾਂ ਪ੍ਰਤੀ ਸਚੇਤ ਰਹਿਣ। ਇਸ ਮੌਕੇ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ ਨੇ ਹਾਜ਼ਰੀ ਭਰੀ।

# ਮਾਨ ਸਰਕਾਰ ਦੇ ਸ਼ਾਨਦਾਰ 4 ਸਾਲ: ਸਿੱਖਿਆ ਖੇਤਰ ਵਿੱਚ ਵੱਡੀ ਕ੍ਰਾਂਤੀ, ਪੰਜਾਬ ਦੇ ਸਰਕਾਰੀ ਸਕੂਲ ਦੇਸ਼ ਭਰ ਵਿੱਚ ਬਣੇ ਨੰਬਰ-1 : ਮਿੰਕੂ ਜਵੰਧਾ

**ਭਵਾਨੀਗੜ੍ਹ, 18 ਮਾਰਚ (ਰਾਜ ਖੁਰਮੀ)** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਚਾਰ ਸਾਲ ਪੂਰੇ ਹੋਣ ਮੌਕੇ ਸਿੱਖਿਆ ਖੇਤਰ ਵਿੱਚ ਕੀਤੀਆਂ ਗਈਆਂ ਬੇਮਿਸਾਲ ਪ੍ਰਾਪਤੀਆਂ ਦਾ ਵੇਰਵਾ ਸਾਂਝਾ ਕਰਦਿਆਂ ਪੰਜਾਬ ਇਨਫੋਟੈਕ ਦੇ ਚੇਅਰਮੈਨ ਡਾ. ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਨੇ ਕਿਹਾ ਕਿ ਪਿਛਲੇ ਚਾਰ ਸਾਲਾਂ ਦੌਰਾਨ ਸੂਬੇ ਨੇ ਸਿੱਖਿਆ ਦੇ ਮਿਆਰ ਵਿੱਚ ਇਤਿਹਾਸਕ ਉੱਛਾਲ ਦਰਜ ਕੀਤਾ ਹੈ। ਉਨ੍ਹਾਂ ਦੱਸਿਆ ਕਿ ਕੇਂਦਰੀ ਸਰਵੇਖਣਾਂ ਅਨੁਸਾਰ ਪੰਜਾਬ ਦੇ ਸਰਕਾਰੀ ਸਕੂਲ ਦੇਸ਼ ਭਰ ਵਿੱਚੋਂ ਨੰਬਰ-1 ਸਥਾਨ 'ਤੇ ਆ ਗਏ ਹਨ ਉਨ੍ਹਾਂ ਕਿਹਾ ਕਿ ਮਾਨ ਸਰਕਾਰ ਵੱਲੋਂ ਸਿੱਖਿਆ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਬਣਾਉਣ ਲਈ ਵੱਡੇ ਪੱਧਰ 'ਤੇ ਨਿਵੇਸ਼ ਕੀਤਾ ਗਿਆ ਹੈ। ਸੂਬੇ ਦੇ ਸਰਕਾਰੀ ਸਕੂਲਾਂ ਵਿੱਚ 6200 ਨਵੇਂ ਕਲਾਸਰੂਮ ਤਿਆਰ ਕੀਤੇ ਗਏ ਹਨ, ਜਦਕਿ 4700 ਪੁਰਾਣੇ ਕਮਰਿਆਂ ਦਾ ਨਵੀਨੀਕਰਨ ਕਰਕੇ ਉਨ੍ਹਾਂ ਨੂੰ ਆਧੁਨਿਕ ਰੂਪ ਦਿੱਤਾ ਗਿਆ ਹੈ। ਇਸ ਦੇ ਨਾਲ ਹੀ ਤਕਨਾਲੋਜੀ ਨੂੰ ਪ੍ਰਮੁੱਖਤਾ ਦਿੰਦਿਆਂ 7578 ਸਮਾਰਟ ਕਲਾਸਰੂਮ ਸਥਾਪਿਤ ਕੀਤੇ ਗਏ ਹਨ, ਜਿੱਥੇ ਵਿਦਿਆਰਥੀ ਡਿਜੀਟਲ ਢੰਗ ਨਾਲ ਗੁਣਵੱਤਾ ਵਾਲੀ ਸਿੱਖਿਆ ਪ੍ਰਾਪਤ ਕਰ ਰਹੇ ਹਨ ਡਾ. ਜਵੰਧਾ ਨੇ ਦੱਸਿਆ ਕਿ ਸਿੱਖਿਆ ਦੇ ਪੱਧਰ ਨੂੰ ਹੋਰ ਉੱਚਾ ਚੁੱਕਣ ਲਈ ਅਧਿਆਪਕਾਂ ਦੀ ਕਾਬਲੀਅਤ ਵਿੱਚ ਵੀ ਵੱਡਾ ਸੁਧਾਰ ਕੀਤਾ ਗਿਆ ਹੈ। ਇਸ ਲਈ ਪੰਜਾਬ ਦੇ ਪ੍ਰਿੰਸੀਪਲਾਂ ਅਤੇ ਅਧਿਆਪਕਾਂ ਨੂੰ ਸਿੰਗਾਪੁਰ ਅਤੇ ਫਿਨਲੈਂਡ ਵਰਗੇ ਦੇਸ਼ਾਂ ਵਿੱਚ ਵਿਸ਼ੇਸ਼ ਟਰੇਨਿੰਗ ਲਈ ਭੇਜਿਆ ਗਿਆ, ਜਿਸ ਨਾਲ ਉਹ ਵਿਸ਼ਵ ਪੱਧਰੀ ਤਰੀਕਿਆਂ ਨਾਲ ਵਿਦਿਆਰਥੀਆਂ ਨੂੰ ਸਿੱਖਿਆ ਦੇ ਰਹੇ ਹਨ ਉਨ੍ਹਾਂ ਹੋਰ ਦੱਸਿਆ ਕਿ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਵਿੱਚ ਮੈਗਾ ਮਾਪੇ-ਅਧਿਆਪਕ ਮਿਲਣੀਆਂ ਕਰਵਾਉਣ ਦਾ ਫੈਸਲਾ ਵੀ ਕਾਫ਼ੀ ਸਫਲ ਰਿਹਾ ਹੈ। ਹੁਣ ਤੱਕ 23 ਲੱਖ ਤੋਂ ਵੱਧ ਮਾਪੇ ਸਕੂਲਾਂ ਵਿੱਚ ਅਧਿਆਪਕਾਂ ਨਾਲ ਸਿੱਧੀ ਮੁਲਾਕਾਤ ਕਰ ਚੁੱਕੇ ਹਨ, ਜਿਸ ਨਾਲ ਸਰਕਾਰੀ ਸਕੂਲਾਂ ਪ੍ਰਤੀ ਲੋਕਾਂ ਦਾ ਭਰੋਸਾ ਵਧਿਆ ਹੈ। ਇਸ ਦਾ ਨਤੀਜਾ ਇਹ ਨਿਕਲਿਆ ਹੈ ਕਿ ਮਾਪੇ ਹੁਣ ਆਪਣੇ ਬੱਚਿਆਂ ਦਾ ਦਾਖਲਾ ਵੱਡੀ ਗਿਣਤੀ ਵਿੱਚ ਸਰਕਾਰੀ ਸਕੂਲਾਂ ਵਿੱਚ ਕਰਵਾ ਰਹੇ ਹਨ। ਅੰਤ ਵਿੱਚ ਡਾ. ਮਿੰਕੂ ਜਵੰਧਾ ਨੇ ਕਿਹਾ ਕਿ "ਸ਼ਾਨਦਾਰ ਚਾਰ ਸਾਲ, ਭਗਵੰਤ ਮਾਨ ਦੇ ਨਾਲ" ਸਿਰਫ਼ ਨਾਅਰਾ ਨਹੀਂ, ਸਗੋਂ ਪੰਜਾਬ ਵਿੱਚ ਆ ਰਹੀ ਅਸਲ ਤਬਦੀਲੀ ਦੀ ਝਲਕ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦਾ ਟੀਚਾ 'ਰੰਗਲਾ ਪੰਜਾਬ' ਦੀ ਸਿਰਜਣਾ ਕਰਨਾ ਹੈ, ਜਿਸ ਦੀ ਮਜ਼ਬੂਤ ਨੀਂਹ ਸਿੱਖਿਆ ਪ੍ਰਣਾਲੀ ਰਾਹੀਂ ਰੱਖੀ ਜਾ ਚੁੱਕੀ ਹੈ।



# ਚੇਅਰਮੈਨ ਜਤਿੰਦਰ ਸਿੰਘ ਭੱਲਾ ਨੇ ਪਿੰਡ ਰਾਮੂਵਾਲਾ ਵਿਖੇ ਖਿਡਾਰੀਆਂ ਨੂੰ ਖੇਡ ਕਿੱਟਾਂ ਵੰਡੀਆਂ



**ਭਗਤਾ ਭਾਈ, 18 ਮਾਰਚ (ਰਾਜਿੰਦਰ ਸਿੰਘ ਮਰਾਹੜ)**- ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨ ਅਤੇ ਪਿੰਡਾਂ ਵਿੱਚ ਖੇਡ ਸੰਸਕ੍ਰਿਤੀ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਜਤਿੰਦਰ ਭੱਲਾ ਵੱਲੋਂ ਹਲਕਾ ਰਾਮਪੁਰਾ ਫੂਲ ਦੇ ਪਿੰਡ ਰਾਮੂਵਾਲਾ ਵਿੱਚ ਖਿਡਾਰੀਆਂ ਅਤੇ ਨੌਜਵਾਨਾਂ ਨੂੰ ਖੇਡ ਕਿੱਟਾਂ ਵੰਡੀਆਂ ਗਈਆਂ। ਇਸ ਮੌਕੇ ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਖੇਡਾਂ ਦਾ ਪੱਧਰ ਉੱਚਾ ਚੁੱਕਣ ਲਈ ਪੂਰੀ ਤਰ੍ਹਾਂ ਯਤਨਸ਼ੀਲ ਹੈ ਅਤੇ ਖਿਡਾਰੀਆਂ ਨੂੰ ਕਿਸੇ ਵੀ ਤਰ੍ਹਾਂ ਦੀ ਘਾਟ ਨਹੀਂ ਆਉਣ ਦਿੱਤੀ ਜਾਵੇਗੀ। ਇਸ ਸਮਾਗਮ ਦੌਰਾਨ ਪਿੰਡ ਦੇ ਕਈ ਨੌਜਵਾਨ ਖਿਡਾਰੀਆਂ ਅਤੇ ਖੇਡ ਪ੍ਰੇਮੀਆਂ ਨੇ ਭਾਗ ਲਿਆ। ਜਤਿੰਦਰ ਭੱਲਾ ਨੇ ਖਿਡਾਰੀਆਂ ਨੂੰ ਕ੍ਰਿਕਟ ਨਾਲ ਸੰਬੰਧਿਤ ਸਮਾਨ ਅਤੇ ਖੇਡ ਕਿੱਟਾਂ ਦਿੱਤੀਆਂ। ਉਨ੍ਹਾਂ ਨੇ ਕਿਹਾ ਕਿ ਪਿੰਡਾਂ ਦੇ ਨੌਜਵਾਨਾਂ ਵਿੱਚ ਬਹੁਤ ਵੱਡੀ ਪ੍ਰਤਿਭਾ ਮੌਜੂਦ ਹੈ ਅਤੇ ਜੇਕਰ ਉਨ੍ਹਾਂ ਨੂੰ ਸਹੀ ਮਾਰਗਦਰਸ਼ਨ ਅਤੇ ਸਹੂਲਤਾਂ ਮਿਲਣ ਤਾਂ ਉਹ ਰਾਜ ਅਤੇ ਦੇਸ਼ ਪੱਧਰ 'ਤੇ ਵੱਡੀਆਂ ਉਪਲਬਧੀਆਂ ਹਾਸਲ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਪੰਜਾਬ ਵਿੱਚ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਕਈ ਯੋਜਨਾਵਾਂ ਚਲਾਈਆਂ ਜਾ ਰਹੀਆਂ ਹਨ। ਸਰਕਾਰ ਦਾ ਮੁੱਖ ਉਦੇਸ਼ ਇਹ ਹੈ ਕਿ ਪਿੰਡਾਂ ਦੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖ ਕੇ ਉਨ੍ਹਾਂ ਨੂੰ ਖੇਡਾਂ ਅਤੇ ਸਿਹਤਮੰਦ ਗਤੀਵਿਧੀਆਂ ਵੱਲ ਪ੍ਰੇਰਿਤ ਕੀਤਾ ਜਾਵੇ। ਉਨ੍ਹਾਂ ਦੱਸਿਆ ਕਿ ਪੰਜਾਬ ਦੇ ਮੁੱਖ ਮੰਤਰੀ ਦੀ ਅਗਵਾਈ ਹੇਠ ਖਿਡਾਰੀਆਂ ਲਈ ਵਧੀਆ ਮੌਕੇ ਪੈਦਾ ਕੀਤੇ ਜਾ ਰਹੇ ਹਨ ਅਤੇ ਖੇਡ ਢਾਂਚੇ ਨੂੰ ਮਜ਼ਬੂਤ ਕਰਨ ਲਈ ਵੀ ਕਦਮ ਚੁੱਕੇ ਜਾ ਰਹੇ ਹਨ। ਜਤਿੰਦਰ ਭੱਲਾ ਨੇ ਕਿਹਾ ਕਿ ਪਿੰਡ ਪੱਧਰ 'ਤੇ ਖੇਡ ਮੈਦਾਨਾਂ ਅਤੇ ਹੋਰ ਸਹੂਲਤਾਂ ਨੂੰ ਬਿਹਤਰ ਬਣਾਉਣ ਲਈ ਵੀ ਸਰਕਾਰ ਵੱਲੋਂ ਯੋਜਨਾਵਾਂ ਤਿਆਰ ਕੀਤੀਆਂ ਗਈਆਂ ਹਨ। ਉਨ੍ਹਾਂ ਨੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਖੇਡਾਂ ਵਿੱਚ ਵੱਧ ਤੋਂ ਵੱਧ ਭਾਗ ਲੈਣ ਅਤੇ ਆਪਣੇ ਪਿੰਡ, ਜ਼ਿਲ੍ਹੇ ਅਤੇ ਰਾਜ ਦਾ ਨਾਮ ਰੌਸ਼ਨ ਕਰਨ। ਉਨ੍ਹਾਂ ਨੇ ਇਹ ਵੀ ਕਿਹਾ ਕਿ ਖਿਡਾਰੀਆਂ ਨੂੰ ਖੇਡ ਕਿੱਟਾਂ ਅਤੇ ਹੋਰ ਲੋੜੀਂਦੇ ਸਮਾਨ ਦੀ ਘਾਟ ਨਹੀਂ ਆਉਣ ਦਿੱਤੀ ਜਾਵੇਗੀ। ਇਸ ਮੌਕੇ ਪਿੰਡ ਦੇ ਨੌਜਵਾਨਾਂ ਅਤੇ ਖਿਡਾਰੀਆਂ ਨੇ ਜਤਿੰਦਰ ਭੱਲਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੀਆਂ ਪਹਿਲਕਦਮੀਆਂ ਨਾਲ ਪਿੰਡਾਂ ਵਿੱਚ ਖੇਡਾਂ ਨੂੰ ਵੱਡਾ ਉਤਸ਼ਾਹ ਮਿਲਦਾ ਹੈ। ਉਨ੍ਹਾਂ ਨੇ ਕਿਹਾ ਕਿ ਖੇਡ ਕਿੱਟਾਂ ਮਿਲਣ ਨਾਲ ਖਿਡਾਰੀਆਂ ਵਿੱਚ ਹੋਰ ਜ਼ਿਆਦਾ ਜੋਸ਼ ਅਤੇ ਉਤਸਾਹ ਪੈਦਾ ਹੁੰਦਾ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਹਰਜੀਤ ਸਿੰਘ ਮੈਂਬਰ, ਇਕ ਸਿੰਘ ਫੌਜੀ, ਗੁਰਜੀਤ ਸਿੰਘ ਕਲੱਬ ਪ੍ਰਧਾਨ, ਧੰਨਾ ਸਿੰਘ, ਦੀਪ ਸਿੰਘ ਮਨਧੀਰ ਸਿੰਘ, ਗੁਰਪ੍ਰੀਤ ਸਿੰਘ, ਗੁਰਜੀਤ ਸਿੰਘ, ਰਵਿੰਦਰ ਸਿੰਘ, ਲਖਵਿੰਦਰ ਸਿੰਘ, ਜਸਪ੍ਰੀਤ ਸਿੰਘ ਅਤੇ ਆਕਾਸ਼ਦੀਪ ਸਿੰਘ ਹਾਜ਼ਰ ਸਨ।

## ਸ਼ਹਿਰ 'ਚ ਅਰੂਟ ਜੀ ਮਹਾਰਾਜ ਦੇ ਨਾਮ ਤੇ ਚੌਂਕ ਬਣਾਉਣ ਦੇ ਪ੍ਰਸਤਾਵ ਨੂੰ ਪਾਸ ਕਰਨ ਤੇ ਧੰਨਵਾਦ-ਰਾਜਕੁਮਾਰ ਭਟੇਜਾ ਮੇਲੂ, ਪ੍ਰਧਾਨ

**ਸ੍ਰੀ ਮੁਕਤਸਰ ਸਾਹਿਬ, 18 ਮਾਰਚ (ਰਵੀਨਾ ਅਰੋੜਾ)** ਅਰੋੜਵੰਸ਼ ਸਭਾ ਵੱਲੋਂ ਛੇਤੀ ਹੀ ਸ਼ਹਿਰ 'ਚ ਸ੍ਰੀ ਅਰੂਟ ਜੀ ਮਹਾਰਾਜ ਦੇ ਨਾਮ ਤੇ ਇੱਕ ਚੌਂਕ ਬਣਾਇਆ ਜਾਵੇਗਾ। ਇਸ ਸਬੰਧੀ ਨਗਰ ਕੌਂਸਲ ਦੀ ਮੀਟਿੰਗ 'ਚ ਕੌਂਸਲਰਾਂ ਵੱਲੋਂ ਇੱਕ ਪ੍ਰਸਤਾਵ ਵੀ ਪਾਸ ਕਰ ਦਿੱਤਾ ਗਿਆ ਹੈ। ਜਿਸ ਨੂੰ ਲੈ ਕੇ ਅਰੋੜਵੰਸ਼ ਸਭਾ ਦੇ ਪ੍ਰਧਾਨ ਰਾਜਕੁਮਾਰ ਭਟੇਜਾ ਮੇਲੂ ਨੇ ਸਾਰੇ ਕੌਂਸਲਰਾਂ ਦਾ ਧੰਨਵਾਦ ਕੀਤਾ ਹੈ। ਉਨਾਂ ਕਿਹਾ ਕਿ ਇਹ ਬਹੁਤ ਚੰਗਾ ਕਦਮ ਹੈ ਕਿ ਸ਼ਹਿਰ 'ਚ ਸ੍ਰੀ ਅਰੂਟ ਜੀ ਮਹਾਰਾਜ ਦੇ ਨਾਮ ਤੇ ਕੋਈ ਚੌਂਕ ਹੋਵੇਗਾ। ਮੇਲੂ ਨੇ ਕਿਹਾ ਕਿ ਨੇੜਲੇ ਸ਼ਹਿਰਾਂ 'ਚ ਪਹਿਲਾਂ ਤੋਂ ਹੀ ਸ੍ਰੀ ਅਰੂਟ ਜੀ ਮਹਾਰਾਜ ਦੇ ਨਾਮ ਤੇ ਚੌਂਕ ਬਣੇ ਹੋਏ ਨੇ, ਜਿਸ ਲਈ ਮੁਕਤਸਰ ਤੋਂ ਵੀ ਲੰਬੇ ਸਮੇਂ ਤੋਂ ਸ੍ਰੀ ਅਰੂਟ ਜੀ ਮਹਾਰਾਜ ਦੇ ਨਾਮ ਤੇ ਚੌਂਕ ਬਣਾਉਣ ਦੀ ਮੰਗ ਚੱਲ ਰਹੀ ਸੀ। ਨਗਰ ਕੌਂਸਲ ਦੀ ਮੀਟਿੰਗ ਵਿਚ ਪ੍ਰਸਤਾਵ ਪਾਸ ਹੋਣ ਨਾਲ ਹੁਣ ਸ੍ਰੀ ਮੁਕਤਸਰ ਸਾਹਿਬ ਵਿਚ ਵੀ ਚੌਂਕ ਬਣਨ ਦੀ ਆਸ ਜੱਗੀ ਹੈ। ਉਨਾਂ ਨੇ ਸਹਿਯੋਗ ਦੇਣ ਲਈ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ, ਨਗਰ ਕੌਂਸਲ ਪ੍ਰਧਾਨ ਕ੍ਰਿਸ਼ਨ ਕੁਮਾਰ ਸ਼ੰਮੀ ਤੇਰੀਆ, ਸਾਬਕਾ ਵਾਈਸ ਪ੍ਰਧਾਨ ਤੇ ਮੌਜੂਦਾ ਕੌਂਸਲਰ ਸਤਪਾਲ ਪਠੇਲਾ, ਕੌਂਸਲਰ ਕਵਿਤਾ ਸੁਖੀਜਾ, ਤਰਸੇਮ ਕੁਮਾਰ ਲਾਡੀ ਬੱਤਰਾ, ਸੰਜੀਵ ਕੁਮਾਰ ਧੂੜੀਆ, ਵਿਜੈ ਰੁਪਾਣਾ ਸਮੇਤ ਸਾਰੇ ਕੌਂਸਲਰਾਂ ਦਾ ਵੀ ਧੰਨਵਾਦ ਕੀਤਾ ਹੈ। ਉੱਧਰ, ਅਰੋੜਵੰਸ਼ ਸਭਾ ਦੇ ਪੰਜਾਬ ਦੇ ਸੈਕਟਰੀ ਸੰਦੀਪ ਗਿਰਧਰ, ਸੀਨੀਅਰ ਆਗੂ ਅਸ਼ਵਨੀ ਗਿਰਧਰ ਨੇ ਵੀ ਇਸ ਪ੍ਰਸਤਾਵ ਨੂੰ ਪਾਸ ਕਰਨ ਤੇ ਖੁਸ਼ੀ ਦਾ ਇਜ਼ਹਾਰ ਕਰਦਿਆਂ ਨਗਰ ਕੌਂਸਲਰਾਂ ਦੀ ਸ਼ਲਾਘਾ ਕੀਤੀ ਹੈ। ਉਨਾਂ ਕਿਹਾ ਕਿ ਪਾਰਟੀਬਾਜ਼ੀ ਤੋਂ ਉੱਪਰ ਉਠ ਕੇ ਅਜਿਹਾ ਕੰਮ ਹੋਣਾ ਸ਼ਹਿਰ ਦੇ ਵਿਕਾਸ ਲਈ ਚੰਗਾ ਕਦਮ ਹੁੰਦਾ ਹੈ। ਇਸ ਮੌਕੇ ਸਮਾਜਸੇਵੀ ਅਸ਼ੋਕ ਚੁੱਘ, ਬਿੱਟੂ ਲੱਖੇਵਾਲੀ ਵੀ ਮੌਜੂਦ ਸਨ।



# ਸਰਕਾਰੀ ਹਾਈ ਸਕੂਲ ਬੜਵਾ ਵਿਖੇ ਪੋਸਟਰ ਬਣਾਉਣਾ, ਲੇਖ ਲਿਖਣ ਮੁਕਾਬਲੇ ਅਤੇ ਰੈਲੀ ਕੱਢੀ ਗਈ









**ਸ੍ਰੀ ਅਨੰਦਪੁਰ ਸਾਹਿਬ 18 ਮਾਰਚ (ਸੈਣੀ ਨਿੱਕੂਵਾਲ/ ਰਾਣਾ ਹਰੀਵਾਲ)** ਪੰਜਾਬ ਰਾਜ ਕੌਂਸਲ ਫਾਰ ਸਾਇੰਸ ਐਂਡ ਟੈਕਨੋਲੋਜੀ ਚੰਡੀਗੜ੍ਹ ਦੇ ਵਾਤਾਵਰਨ ਸਿੱਖਿਆ ਪ੍ਰੋਗਰਾਮਾਂ ਦੀ ਚੱਲ ਰਹੀ ਮਿਸ਼ਨ ਲਾਈਫ ਲੜੀ ਤਹਿਤ ਸਕੂਲ ਦੇ ਇੰਚਾਰਜ ਅਤੇ ਈਕੋ ਕਲੱਬ ਇੰਚਾਰਜ ਸ਼੍ਰੀਮਤੀ ਅਮਨਦੀਪ ਕੌਰ ਜੀ ਦੀ ਅਗਵਾਈ ਵਿਚ ਅੱਜ ਸਰਕਾਰੀ ਹਾਈ ਸਕੂਲ ਬੜਵਾ ਵਿਖੇ ਇੱਕ ਰੋਜ਼ਾ ਵਾਤਾਵਰਨ ਜਾਗਰੂਕਤਾ ਸੰਬੰਧੀ ਪੋਸਟਰ ਬਣਾਉਣ ਅਤੇ ਲੇਖ ਲਿਖਣ ਦੇ ਮੁਕਾਬਲਿਆਂ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਸਕੂਲ ਦੇ ਵਿਦਿਆਰਥੀਆਂ ਵੱਲੋਂ ਈਕੋ ਫਰੈਂਡਲੀ ਕੱਪੜੇ ਦੇ ਪੇਂਟਿੰਗ ਅਤੇ ਸਲੋਗਨ ਬੈਗ ਬਣਾ ਕੇ ਸਮਾਜ ਨੂੰ ਪਲਾਸਟਿਕ ਮੁਕਤ ਹੋਣ ਦਾ ਸੁਨੇਹਾ ਦਿੱਤਾ ਗਿਆ। ਇਸ ਸਕੂਲ ਪੱਧਰੀ ਮੁਕਾਬਲੇ ਵਿਚ ਸਕੂਲ ਮੁਖੀ ਸ਼੍ਰੀ ਸੁਮੰਤ ਕੁਮਾਰ ਜੀ ਵਲੋਂ ਸਕੂਲ ਦੇ ਵਿਦਿਆਰਥੀਆਂ ਨੂੰ ਮਾਈਕਰੋਪਲਾਸਟਿਕ ਤੋਂ ਹੋਣ ਵਾਲੀਆਂ ਸਮੱਸਿਆਵਾਂ ਸਬੰਧੀ ਜਾਣਕਾਰੀ ਦਿੱਤੀ ਗਈ ਅਤੇ ਵਿਦਿਆਰਥੀਆਂ ਨੂੰ ਪਲਾਸਟਿਕ ਮੁਕਤ ਹੋਣ ਲਈ ਪ੍ਰੇਰਿਤ ਕੀਤਾ • ਇਸ ਦੇ ਨਾਲ ਵਿਸ਼ਵ ਪੱਧਰੀ ਸੰਸਥਾ ਯੂਨਾਈਟਡ ਨੇਸ਼ਨ ਇਨਵਾਇਰਮੈਂਟ ਪ੍ਰੋਗਰਾਮ (ਯੂ:ਐਨ:ਈ:ਪੀ) ਦੇ ਮਿੱਥੇ ਟੀਚਿਆਂ ਨੂੰ ਭਾਰਤ ਸਰਕਾਰ ਦੇ ਵਾਤਾਵਰਨ ਅਤੇ ਜਲਵਾਯੂ ਪਰਿਵਰਤਨ ਵਿਭਾਗ ਵੱਲੋਂ ਮਿਸ਼ਨ ਲਾਈਫ ਰਾਹੀਂ ਪੂਰਾ ਕਰਨ ਦੀ ਲੜੀ ਤਹਿਤ ਸਕੂਲ ਵਿੱਚ ਵਾਤਾਵਰਨ ਦੇ ਘਟਕਾਂ ਹਵਾ, ਪਾਣੀ, ਧਰਤੀ, ਊਰਜਾ, ਫੁਟਕਲ ਪ੍ਰਬੰਧਨ, ਅਤੇ ਭੋਜਨ ਪਹਿਲੂਆਂ ਰਾਹੀਂ ਜ਼ੀਰੋ ਵੇਸਟ ਪ੍ਰਣਾਲੀ ਅਪਣਾਉਣ ਲਈ ਵਿਦਿਆਰਥੀਆਂ ਨੂੰ ਸੁਨੇਹਾ ਦਿੱਤਾ ਗਿਆ। ਮੁਕਾਬਲੇ ਤੋਂ ਬਾਅਦ ਸਮੂਹ ਵਿਦਿਆਰਥੀਆਂ ਵਲੋਂ ਸਕੂਲ ਮੁਖੀ ਅਤੇ ਸਟਾਫ ਦੀ ਅਗਵਾਈ ਵਿੱਚ ਜਾਗਰੂਕਤਾ ਰੈਲੀ ਵੀ ਕੱਢੀ ਗਈ ਅਤੇ ਵਿਦਿਆਰਥੀਆਂ ਦੁਵਾਰਾ ਪਲਾਸਟਿਕ ਮੁਕਤ ਪਦਾਰਥਾਂ ਦੇ ਉਪਯੋਗ ਅਤੇ ਵਾਤਾਵਰਣ ਨੂੰ ਸਾਫ਼ ਸੁਥਰਾ ਰੱਖਣ ਸੰਬੰਧੀ ਪ੍ਰਣ ਵੀ ਲਿਆ ਗਿਆ । ਇਸ ਦੌਰਾਨ ਸਕੂਲ ਮੁੱਖੀ ਅਤੇ ਈਕੋ ਕਲੱਬ ਇੰਚਾਰਜ ਵਲੋਂ ਵਿਦਿਆਥੀਆਂ ਦੀ ਭਾਗੀਦਾਰੀ ਲਈ ਉਨ੍ਹਾਂ ਨੂੰ ਇਨਾਮ ਦਿੱਤੇ ਗਏ ਤਾਂ ਜੋ ਭਵਿੱਖ ਵਿੱਚ ਉਨ੍ਹਾਂ ਨੂੰ ਅਜਿਹੀਆਂ ਗਤੀਵਿਧੀਆਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ ਜਾ ਸਕੇ। ਇਸ ਮੌਕੇ ਅਮਨਦੀਪ ਕੌਰ, ਬਲਵਿੰਦਰ ਸਿੰਘ, ਹਰਜਿੰਦਰ ਸਿੰਘ, ਜਸਵਿੰਦਰ ਕੌਰ, ਕਰਤਾਰ ਸਿੰਘ, ਰਜਿੰਦਰ ਕੌਰ, ਰਵੀਨਾ, ਸੰਜੀਵ ਕੁਮਾਰ, ਲਖਬੀਰ ਸਿੰਘ, ਮੀਨਾਕਸ਼ੀ ਸ਼ਰਮਾ, ਸਰਬਜੀਤ ਸਿੰਘ, ਗਗਨਦੀਪ ਸਿੰਘ, ਕੁਲਵਿੰਦਰ ਕੌਰ ਅਤੇ ਸਮੂਹ ਮਾਪੇ ਹਾਜਰ ਸੀ।

## ਪੰਜਾਬ ਐਂਡ ਸਿੰਧ ਬੈਂਕ ਮੰਡੀ ਪੰਜੇ ਕੇ ਉਤਾੜ ਵਲੋਂ ਮ੍ਰਿਤਕ ਦੇ ਪਰਿਵਾਰ ਨੂੰ ਬੀਮਾ ਕਲੇਮ 2 ਲੱਖ ਰੁਪਏ ਦਾ ਚੈੱਕ ਸੌਂਪਿਆ



**ਗੁਰੂ ਹਰਸਹਾਏ, 18 ਮਾਰਚ (ਗੁਰਮੇਲ ਵਾਰਵਲ)** ਭਾਰਤ ਸਰਕਾਰ ਵਲੋਂ ਚਲਾਈ ਜਾ ਰਹੀ ਪ੍ਰਧਾਨ ਮੰਤਰੀ ਜੀਵਨ ਜਯੋਤੀ ਬੀਮਾ ਯੋਜਨਾ (PMJJBY) ਜਿਸਦੀ ਕਿਸ਼ਤ 436 ਰੁਪਏ ਪ੍ਰਤੀ ਸਾਲ ਹੈ ਇਸ ਯੋਜਨਾ ਤਹਿਤ ਅਵਿਨਾਸ਼ ਚੰਦਰ ਨੇ ਆਪਣਾ ਸਿਹਤ ਬੀਮਾ ਕਰਵਾਇਆ ਸੀ। ਜਿਸਦੇ ਚਲਦਿਆ ਅਵਿਨਾਸ਼ ਚੰਦਰ ਦੀ ਸਿਹਤ ਖਰਾਬ ਹੋਣ ਕਾਰਨ ਉਸਦੀ ਦੀ ਮੌਤ ਹੋ ਗਈ। ਅਵਿਨਾਸ਼ ਚੰਦਰ ਨੌਮਨੀ ਉਹਨਾਂ ਦੀ ਪਤਨੀ ਸ੍ਰੀਮਤੀ ਜਸਵਿੰਦਰ ਕੌਰ ਸਨ ਜਿਨ੍ਹਾਂ ਨੂੰ ਬਰਾਂਚ ਦੇ ਪ੍ਰਬੰਧਕ ਵੀਰੇਂਦਰ ਸਿੰਘ ਵਲੋਂ ਦੋ ਲੱਖ ਰੁਪਏ ਦਾ ਚੈੱਕ ਸੌਂਪਿਆ ਗਿਆ। ਇਸ ਮੌਕੇ ਵੀਰੇਂਦਰ ਸਿੰਘ ਨੇ ਪਰਿਵਾਰ ਨਾਲ ਦੁਖ ਸਾਂਝਾ ਕੀਤਾ ਅਤੇ ਗਲਬਾਤ ਕਰਦਿਆਂ ਦੱਸਿਆ ਕਿ (PMJJBY) ਇਕ ਭਾਰਤ ਸਰਕਾਰ ਵੱਲੋਂ ਚਲਾਈ ਜਾ ਰਹੀ ਜੀਵਨ ਬੀਮਾ ਯੋਜਨਾ ਸਕੀਮ ਹੈ। ਜਿਸਦਾ ਮੁੱਖ ਉਦੇਸ਼ ਖਾਤਾ ਧਾਰਕ ਦੀ ਮੌਤ ਹੋ ਜਾਣ ਤੇ ਪਰਿਵਾਰ ਨੂੰ ਆਰਥਿਕ ਸਹਾਇਤਾ ਪ੍ਰਦਾਨ ਕਰਨਾ ਹੈ ਉਹਨਾਂ ਕਿਹਾ ਕਿ ਘੱਟ ਪੈਸਿਆਂ ਵਿੱਚ ਇਹ ਯੋਜਨਾ ਵੱਡੀ ਬੀਮਾ ਸੁਰਖਿਆ ਦਿੰਦੀ ਹੈ ਜਿਸਦਾ ਹਰ ਖਾਤਾ ਧਾਰਕ ਨੂੰ ਲਾਭ ਲੈਣ ਲਈ ਇਸ ਸਕੀਮ ਤਹਿਤ ਆਪਣਾ ਬੀਮਾ ਕਰਵਾਉਣਾ ਚਾਹੀਦਾ ਹੈ। ਇਸ ਮੌਕੇ ਮ੍ਰਿਤਕ ਪਰਿਵਾਰ ਨੇ ਪੰਜਾਬ ਐਂਡ ਸਿੰਧ ਬੈਂਕ ਅਤੇ ਬਰਾਂਚ ਪੰਜੇ ਕੇ ਉਤਾੜ ਦੇ ਬੈਂਕ ਪ੍ਰਬੰਧਕ ਵੀਰੇਂਦਰ ਸਿੰਘ ਸਮੇਤ ਕਰਮਚਾਰੀਆ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ।

# ਪੱਪੂ ਰਾਮ ਸ.ਫਾਈ ਯੂਨੀਅਨ ਪੰਜਾਬ ਦੇ ਸਲਾਹਕਾਰ ਨਿਯੁਕਤ



**ਸ੍ਰੀ ਮੁਕਤਸਰ ਸਾਹਿਬ, 18 ਮਾਰਚ (ਲੱਕੀ ਚੜ੍ਹੇਵਾਨ)** ਸਫਾਈ ਸੇਵਕ ਯੂਨੀਅਨ ਪੰਜਾਬ ਦੀ ਇੱਕ ਸੂਬਾ ਪੱਧਰੀ ਮੀਟਿੰਗ ਨਗਰ ਨਿਗਮ ਮੋਗਾ ਵਿਖੇ ਪੰਜਾਬ ਪ੍ਰਧਾਨ ਅਸ਼ੋਕ ਸਾਰਵਾਨ ਅਤੇ ਸਫ਼ਾਈ ਸੇਵਕ ਯੂਨੀਅਨ ਮੋਗਾ ਦੇ ਪ੍ਰਧਾਨ ਸੋਮਨਾਥ ਚੋਮਬੜ ਦੀ ਅਗਵਾਈ ਹੇਠ ਹੋਈ। ਜਿਸ ਵਿੱਚ ਸਫ਼ਾਈ ਸੇਵਕਾਂ ਨੂੰ ਆ ਰਹੀਆਂ ਮੁਸ਼ਕਿਲਾਂ ਤੇ ਵਿਚਾਰ ਵਟਾਂਦਰਾ ਹੋਇਆ। ਤਕਰੀਬਨ ਪੰਜਾਬ ਭਰ ਦੇ ਸਫ਼ਾਈ ਸੇਵਕ ਅਤੇ ਯੂਨੀਅਨ ਦੇ ਪ੍ਰਧਾਨ ਅਹੁਦੇਦਾਰ ਉੱਥੇ ਆਏ ਹੋਏ ਸਨ। ਪੰਜਾਬ ਪ੍ਰਧਾਨ ਅਸ਼ੋਕ ਸਾਰਵਾਨ, ਸਕੱਤਰ ਰਮੇਸ਼ ਗੇਚੰਡ, ਕੁਲਦੀਪ ਸ਼ਰਮਾ ਨੇ ਕੁਝ ਪੰਜਾਬ ਪੱਧਰ ਦੀਆਂ ਨਿਯੁਕਤੀਆਂ ਵੀ ਕੀਤੀਆਂ। ਜਿਸ ਵਿੱਚ ਪੱਪੂ ਰਾਮ ਸਾਬਕਾ ਪ੍ਰਧਾਨ ਸਫ਼ਾਈ ਯੂਨੀਅਨ ਨਗਰ ਕੌਂਸਲ ਮੁਕਤਸਰ ਨੂੰ ਸਫ਼ਾਈ ਯੂਨੀਅਨ ਪੰਜਾਬ ਦਾ ਸਲਾਹਕਾਰ ਨਿਯੁਕਤ ਕੀਤਾ ਗਿਆ। ਪੱਪੂ ਰਾਮ ਦੀ ਇਸ ਨਿਯੁਕਤੀ ਤੇ ਵੱਖ ਵੱਖ ਜਥੇਬੰਦੀਆਂ ਨੇ ਉਹਨਾਂ ਨੂੰ ਵਧਾਈ ਦਿੱਤੀ ਤੇ ਨਰੇਸ਼ ਬੋਹਤ ਪ੍ਰਧਾਨ ਭਾਵਾਧਸ ਮੋਗਾ ਨੇ ਸਿਰੋਪਾ ਪਾ ਕੇ ਪੱਪੂ ਰਾਮ ਨੂੰ ਸਨਮਾਨਿਤ ਵੀ ਕੀਤਾ।

ਚੌਧਰੀ ਨੰਦ ਲਾਲ, ਸਫਾਈ ਯੂਨੀਅਨ ਪ੍ਰਧਾਨ ਰਾਜ ਕੁਮਾਰ ਬੋਹਤ, ਜਿਲਾ ਪ੍ਰਧਾਨ ਵਿਜੇ ਕੁਮਾਰ ਕਲੋਸੀਆ, ਅਸ਼ੋਕ ਸੋਨੂੰ ਪ੍ਰਧਾਨ ਵਾਲਮੀਕਿ ਸਭਾ ਮੁਕਤਸਰ, ਚੌਧਰੀ ਅਮੀ ਲਾਲ, ਅਸ਼ੋਕ ਮਹਿੰਦਰਾ ਸੰਸਥਾਪਕ ਭੀਮ ਕ੍ਰਾਂਤੀ, ਐਡਵੋਕੇਟ ਸਾਗਰ ਧਵਨ, ਸੁਨੀਲ ਬੋਹਤ ਤੇ ਹੋਰ ਸ਼ਹਿਰ ਦੇ ਮੋਹਤਬਰਾਂ ਨੇ ਵੀ ਪੱਪੂ ਰਾਮ ਨੂੰ ਵਧਾਈ ਦਿੱਤੀ।

# ਖਾਲਸਾ ਕਾਲਜ ਵਿੱਚ ਪੀਪੀਟੀ ਪ੍ਰੇਜ਼ੈਂਟੇਸ਼ਨ ਮੁਕਾਬਲੇ ਕਰਵਾਏ, ਕਾਲਜ ਦੇ ਕੰਪਿਊਟਰ ਸਾਇੰਸ ਵਿਭਾਗ ਅਤੇ ਆਈ.ਕੇ.ਐਸ ਸੈੱਲ ਵੱਲੋਂ ਸਾਂਝੇ ਤੌਰ ਤੇ ਕਰਵਾਇਆ ਗਿਆ ਪ੍ਰੋਗਰਾਮ



**ਸ੍ਰੀ ਅਨੰਦਪੁਰ ਸਾਹਿਬ, 18 ਮਾਰਚ (ਸੈਣੀ ਨਿੱਕੂਵਾਲ/ ਰਾਣਾ ਹਰੀਵਾਲ)** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਹੇਠ ਚੱਲ ਰਹੇ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਦੇ ਪੋਸਟ ਗ੍ਰੈਜੂਏਟ ਕੰਪਿਊਟਰ ਸਾਇੰਸ ਵਿਭਾਗ ਵੱਲੋਂ ਕਾਲਜ ਦੇ ਆਈ.ਕੇ.ਐਸ ਸੈੱਲ ਦੇ ਸਹਿਯੋਗ ਨਾਲ ਪੀਪੀਟੀ ਪ੍ਰੇਜ਼ੈਂਟੇਸ਼ਨ ਮੁਕਾਬਲਿਆਂ ਦਾ ਆਯੋਜਨ ਕੀਤਾ ਗਿਆ। ਇਸ ਮੁਕਾਬਲੇ ਵਿੱਚ ਬੀ.ਐੱਸ.ਸੀ (ਆਨਰਜ਼) ਏ.ਆਈ ਅਤੇ ਡਾਟਾ ਸਾਇੰਸ ਅਤੇ ਬੀ.ਸੀ.ਏ ਦੇ ਦੂਜੇ ਸਮੈਸਟਰ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲੈਂਦਿਆਂ ਆਈ.ਕੇ.ਐਸ ਨਾਲ ਸੰਬੰਧਿਤ ਵਿਸ਼ਿਆਂ ਦੀ ਆਧੁਨਿਕ ਯੁੱਗ ਵਿੱਚ ਮਹੱਤਤਾ ਤੇ ਰੌਸ਼ਨੀ ਪਾਈ। ਸਮਾਗਮ ਦੌਰਾਨ ਵਿਦਿਆਰਥੀਆਂ ਨੇ ਤਕਨੀਕੀ ਦੀ ਵਰਤੋਂ ਰਾਹੀਂ ਆਪਣੀ ਸੋਚ, ਰਚਨਾਤਮਕਤਾ ਅਤੇ ਵੱਖ ਵੱਖ ਵਿਸ਼ਿਆਂ ਸਬੰਧੀ ਪੀ.ਪੀ.ਟੀ ਬਣਾ ਕੇ ਪੇਸ਼ਕਾਰੀ ਕੀਤੀ ਗਈ। ਜੇਤੂ ਵਿਦਿਆਰਥੀਆਂ ਨੂੰ ਇਨਾਮ ਵੰਡਣ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਬੁਲਾਰੇ ਭਾਈ ਅਮਰਜੀਤ ਸਿੰਘ ਚਾਵਲਾ ਨੇ ਕਿਹਾ ਕਿ ਕਾਲਜ ਵੱਲੋਂ ਮਿਆਰੀ ਸਿੱਖਿਆ ਦੇ ਨਾਲ-ਨਾਲ ਪ੍ਰੈਕਟਿਕਲ ਗਿਆਨ ਨੂੰ ਉਤਸ਼ਾਹਿਤ ਕਰਨ ਲਈ ਅਜਿਹੇ ਉਪਰਾਲੇ ਵਿਦਿਆਰਥੀਆਂ ਨੂੰ ਸਮੇਂ ਦੇ ਹਾਣੀ ਬਣਾਉਣ ਵਿੱਚ ਮਦਦਗਾਰ ਸਾਬਤ ਹੁੰਦੇ ਹਨ। ਉਨ੍ਹਾਂ ਕਾਲਜ ਦੇ ਉਪਰਾਲਿਆਂ ਦੀ ਭਰਪੂਰ ਪ੍ਰਸ਼ੰਸਾ ਕੀਤੀ। ਕਾਲਜ ਦੇ ਪ੍ਰਿੰਸੀਪਲ ਡਾ. ਜਸਵੀਰ ਸਿੰਘ ਨੇ ਵਿਭਾਗ ਦੀ ਪਹਿਲ ਦੀ ਸਰਾਹਨਾ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਮੁਕਾਬਲੇ ਵਿਦਿਆਰਥੀਆਂ ਦੀ ਤਕਨੀਕੀ ਯੋਗਤਾ ਨੂੰ ਨਿਖਾਰਦੇ ਹਨ। ਪ੍ਰੋਗਰਾਮ ਦੀ ਸਫਲ ਅਗਵਾਈ ਕੰਪਿਊਟਰ ਸਾਇੰਸ ਵਿਭਾਗ ਦੇ ਮੁਖੀ ਡਾ. ਸੁਰਿੰਦਰ ਕੁਮਾਰ ਅਤੇ ਆਈ.ਕੇ.ਐਸ ਸੈੱਲ ਦੇ ਇੰਚਾਰਜ ਡਾ. ਗੁਰਪ੍ਰੀਤ ਵੱਲੋਂ ਕੀਤੀ ਗਈ। ਮੁਕਾਬਲਿਆਂ ਵਿੱਚ ਪ੍ਰੋ. ਤਜਿੰਦਰ ਕੌਰ, ਪ੍ਰੋ. ਪਰਮਜੀਤ ਕੌਰ ਅਤੇ ਡਾ. ਕਮਲਦੀਪ ਕੌਰ ਨੇ ਜੱਜਾਂ ਦੀ ਭੂਮਿਕਾ ਨਿਭਾਈ।

ਇਹਨਾਂ ਮੁਕਾਬਲਿਆਂ ਵਿੱਚ ਉਮੰਗ ਸ਼ਰਮਾ ਨੇ ਪਹਿਲਾ ਸਥਾਨ ਹਾਸਲ ਕੀਤਾ, ਜਦਕਿ ਆਯੁਸ਼ੀ ਅਤੇ ਜਸਮੀਨ ਕੌਰ ਨੇ ਸਾਂਝੇ ਤੌਰ 'ਤੇ ਦੂਜਾ ਸਥਾਨ ਪ੍ਰਾਪਤ ਕੀਤਾ। ਮਨਰੀਤ ਕੌਰ ਅਤੇ ਅਰਪਿਤ ਕੁਮਾਰ ਤੀਜੇ ਸਥਾਨ 'ਤੇ ਰਹੇ, ਜਦਕਿ ਲਕਸ਼ਮਣ ਨੂੰ ਹੌਸਲਾ ਅਫ਼ਜ਼ਾਈ ਲਈ ਵਿਸ਼ੇਸ਼ ਇਨਾਮ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਵਾਈਸ ਪ੍ਰਿੰਸੀਪਲ ਡਾ. ਮਨਜੀਤ ਸਿੰਘ, ਮੈਨੇਜਰ ਸੁਖਵੀਰ ਸਿੰਘ ਕਲਮਾਂ, ਡਾ. ਅਮਨਪ੍ਰੀਤ ਕੌਰ, ਪ੍ਰੋ. ਰਮਨਦੀਪ ਕੌਰ, ਪ੍ਰੋ. ਸੁਖਲੀਨ ਕੌਰ ਬਵੇਜਾ, ਡਾ. ਹਰਪ੍ਰੀਤ ਕੌਰ, ਪ੍ਰੋ. ਅਮਨਦੀਪ ਕੌਰ ਅਤੇ ਪ੍ਰੋ. ਜਸ਼ਨ ਸਮੇਤ ਕਾਲਜ ਦਾ ਵੱਡੀ ਗਿਣਤੀ ਸਟਾਫ ਮੌਜੂਦ ਸੀ।

## ਸਰਕਾਰੀ ਪ੍ਰਾਇਮਰੀ ਸਕੂਲ ਦੇ ਤਿੰਨ ਵਿਦਿਆਰਥੀਆਂ ਦੀ ਨਵੋਦਿਆ ਵਿਦਿਆਲਿਆ ਲਈ ਹੋਈ ਚੋਣ



**ਗਿੱਦੜਬਾਹਾ, 18 ਮਾਰਚ (ਕੁਲਭੂਸ਼ਨ ਗਰਗ)** ਸਰਕਾਰੀ ਪ੍ਰਾਇਮਰੀ ਸਕੂਲ ਹੁਸਨਰ ਦੇ ਤਿੰਨ ਵਿਦਿਆਰਥੀਆਂ ਦੀ ਦੀ ਚੋਣ ਨਵੋਦਿਆ ਵਿਦਿਆਲਿਆ ਲਈ ਹੋਈ ਹੈ। ਸਕੂਲ ਦੇ ਮੁੱਖ ਅਧਿਆਪਕ ਗੁਰਮੀਤ ਸਿੰਘ ਨੇ ਦੱਸਿਆ ਕਿ ਸਕੂਲ ਦੇ ਤਿੰਨ ਹੋਣਹਾਰ ਵਿਦਿਆਰਥੀਆਂ ਨਵਜੋਤ ਸਿੰਘ, ਮਨਿੰਦਰਪਾਲ ਸਿੰਘ ਅਤੇ ਸੰਨੀ ਕੁਮਾਰ ਦੀ ਚੋਣ ਸਕੂਲ ਲਈ ਵੱਡੀ ਉਪਲਬਧੀ ਹੈ। ਉਨ੍ਹਾਂ ਕਿਹਾ ਕਿ ਮਿਹਨਤ ਅਤੇ ਲਗਨ ਨਾਲ ਪੜ੍ਹਾਈ ਕਰਨ ਨਾਲ ਜ਼ਿੰਦਗੀ ਵਿੱਚ ਹਰ ਮੁਕਾਮ ਹਾਸਲ ਕੀਤਾ ਜਾ ਸਕਦਾ ਹੈ। ਉਨ੍ਹਾਂ ਨਵਜੋਤ ਸਿੰਘ, ਮਨਿੰਦਰਪਾਲ ਸਿੰਘ ਅਤੇ ਸੰਨੀ ਕੁਮਾਰ ਅਤੇ ਉਨ੍ਹਾਂ ਦੇ ਮਾਤਾ ਪਿਤਾ ਨੂੰ ਵਧਾਈ ਦਿੰਦਿਆਂ ਵਿਦਿਆਰਥੀਆਂ ਦੇ ਸੁਨਹਿਰੇ ਭਵਿੱਖ ਦੀ ਕਾਮਨਾ ਕੀਤੀ।

# ਆਕਸਫੋਰਡ ਸਕੂਲ ਭਗਤਾ ਭਾਈ ਦੇ ਵਿਦਿਆਰਥੀਆਂ ਨੇ ਨੁੱਕੜ ਨਾਟਕ 'ਬਜ਼ੁਰਗਾਂ ਦਾ ਸਤਿਕਾਰ ਤੇ ਕੁਦਰਤ ਦੀ ਪੁਕਾਰ' ਖੇਡਿਆ



**ਭਗਤਾ ਭਾਈ, 18 ਮਾਰਚ (ਰਾਜਿੰਦਰ ਸਿੰਘ ਮਰਾਹੜ)** -ਦਿ ਆਕਸਫੋਰਡ ਸਕੂਲ ਆਫ਼ ਐਜੂਕੇਸ਼ਨ ਭਗਤਾ ਭਾਈ ਸਿੱਖਿਆ ਅਤੇ ਅਨੁਸ਼ਾਸਨ ਦਾ ਇੱਕ ਉੱਤਮ ਕੇਂਦਰ ਹੈ। ਇੱਥੇ ਵਿਦਿਆਰਥੀਆਂ ਨੂੰ ਉੱਚ ਗੁਣਵੱਤਾ ਵਾਲੀ ਸਿੱਖਿਆ ਪ੍ਰਦਾਨ ਕੀਤੀ ਜਾਂਦੀ ਹੈ। ਇੱਕ ਅਜਿਹੀ ਮਾਣਮੱਤੀ ਵਿੱਦਿਅਕ ਸੰਸਥਾ ਹੈ ਜੋ ਹਰ ਖੇਤਰ ਵਿੱਚ ਦਿਨ ਪ੍ਰਤੀ ਦਿਨ ਮੱਲਾਂ ਮਾਰ ਰਹੀ ਹੈ। ਇਹ ਸੰਸਥਾ ਸਿਰਫ ਵਿੱਦਿਅਕ ਖੇਤਰ ਵਿੱਚ ਹੀ ਅੱਗੇ ਨਹੀਂ ਸਗੋਂ ਸਮਾਜ ਨੂੰ ਸਮੇਂ-ਸਮੇਂ ਤੇ ਵੱਖ-ਵੱਖ ਗਤੀਵਿਧੀਆਂ ਰਾਹੀਂ ਸੇਧ ਦੇਣ ਵਿੱਚ ਵੀ ਮੋਹਰੀ ਹੈ। ਇਹ ਸੰਸਥਾ ਸਮੇਂ-ਸਮੇਂ ਤੇ ਅਜਿਹੇ ਮੌਕੇ ਪੈਦਾ ਕਰਦੀ ਹੈ ਜੋ ਸਾਡੇ ਸਮਾਜ ਦੀ ਅਗਵਾਈ ਕਰਨ ਵਿੱਚ ਬੇਹੱਦ ਲਾਹੇਵੰਦ ਸਾਬਤ ਹੁੰਦੇ ਹਨ। ਇਸ ਸੰਸਥਾ ਦੇ ਯੂਥ ਕਲੱਬ ਦੇ ਵਿਦਿਆਰਥੀਆਂ ਵੱਲੋਂ ਸਮਾਜ ਵਿੱਚ ਫੈਲੀਆਂ ਕੁਰੀਤੀਆਂ ਨੂੰ ਉਜਾਗਰ ਕਰਦਾ ਇੱਕ ਨੁੱਕੜ ਨਾਟਕ ਪੇਸ਼ ਕੀਤਾ ਗਿਆ। ਇਹ ਨਾਟਕ ਭਦੌੜ, ਦਿਆਲਪੁਰਾ ਭਾਈਕਾ ਅਤੇ ਸੁਰਜੀਤਪੁਰਾ ਵਿਖੇ ਪੇਸ਼ ਕੀਤਾ ਗਿਆ। ਇਸ ਨੁੱਕੜ ਨਾਟਕ ਰਾਹੀਂ ਵਿਦਿਆਰਥੀਆਂ ਨੇ ਸਮਾਜ ਨੂੰ ਬੁਜ਼ਰਗਾਂ ਦਾ ਸਤਿਕਾਰ ਕਰਨ, ਉਹਨਾਂ ਦੀ ਦੇਖਭਾਲ ਕਰਨ, ਉਨ੍ਹਾਂ ਦੀਆਂ ਲੋੜਾਂ ਦਾ ਧਿਆਨ ਰੱਖਣ ਤਾਂ ਜੋ ਸਾਡੇ ਬਜ਼ੁਰਗ ਧੀਆਂ-ਪੁੱਤਰਾਂ ਦੇ ਹੁੰਦੇ ਹੋਏ ਵੀ ਬਿਰਧ ਆਸ਼ਰਮ ਦਾ ਹਿੱਸਾ ਨਾ ਬਣਕੇ ਸਾਡੇ ਸਮਾਜ ਅਤੇ ਘਰਾਂ ਦੀ ਸ਼ਾਨ ਬਣਨ। ਇਸ ਦੇ ਨਾਲ-ਨਾਲ ਧੀਆਂ ਲਈ ਵੀ ਸਤਿਕਾਰ ਦੀ ਮੰਗ ਕਰਦਿਆ, ਇਸ ਨਾਟਕ ਰਾਹੀਂ ਸੁਨੇਹਾ ਦਿੱਤਾ ਗਿਆ ਕਿ ਧੀਆਂ ਸਾਡੀ ਧਿਰ ਹੁੰਦੀਆਂ ਹਨ। ਇਸ ਨਾਟਕ ਰਾਹੀਂ ਬੱਚਿਆਂ ਨੇ ਵਾਤਾਵਰਣ ਪ੍ਰਤੀ ਚਿੰਤਾ ਜਤਾਉਂਦਿਆਂ ਪਾਣੀ ਬਚਾਉਣ, ਦਰਖ਼ਤ ਨਾ ਕੱਟਣ, ਰੇਆ-ਸਪਰੇਆਂ ਦੀ ਵਰਤੋਂ ਨਾ ਕਰਨ ਦਾ ਸੁਨੇਹਾ ਵੀ ਦਿੱਤਾ।ਇਸ ਨਾਟਕ ਨੂੰ ਸਾਰੇ ਥਾਵਾਂ ਤੇ ਭਰਵਾਂ ਹੁੰਗਾਰਾ ਮਿਲਿਆ। ਇਸ ਸੰਬੰਧੀ ਦਰਸ਼ਕਾਂ ਵੱਲੋਂ ਵੀ ਆਪਣੇ ਅਨਮੋਲ ਵਿਚਾਰ ਪੇਸ਼ ਕੀਤੇ ਗਏ।ਇਸ ਸਮੇਂ ਸਕੂਲ ਦੇ ਪ੍ਰਿੰਸੀਪਲ ਰੂਪ ਲਾਲ ਬਾਂਸਲ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਅੱਜ ਸੱਚਮੁੱਚ ਹੀ ਸਮਾਜ ਨੂੰ ਅਜਿਹੀਆਂ ਸਿੱਖਿਆਵਾਂ ਦੀ ਜ਼ਰੂਰਤ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਇਹ ਸਿੱਖਿਆਵਾਂ ਉਮਰ ਭਰ ਲਈ ਪੱਲੇ ਬੰਨਣ ਦਾ ਸੁਨੇਹਾ ਦਿੱਤਾ।

ਇਸ ਸਮੇਂ ਸਕੂਲ ਪ੍ਰਬੰਧਕ ਕਮੇਟੀ ਦੇ ਸਰਪ੍ਰਸਤ ਹਰਦੇਵ ਸਿੰਘ ਬਰਾੜ (ਸਾਬਕਾ ਚੇਅਰਮੈਨ), ਹਰਗੁਰਪ੍ਰੀਤ ਸਿੰਘ ਗਗਨ ਬਰਾੜ (ਚੇਅਰਮੈਨ), ਗੁਰਮੀਤ ਸਿੰਘ ਗਿੱਲ (ਪ੍ਰਧਾਨ), ਪਰਮਪਾਲ ਸਿੰਘ 'ਸ਼ੈਰੀ ਢਿੱਲੋਂ' (ਵਾਈਸ ਚੇਅਰਮੈਨ), ਗੁਰਮੀਤ ਸਿੰਘ ਗਿੱਲ ਸਰਪੰਚ (ਵਿੱਤ-ਸਕੱਤਰ) ਨੇ ਵੀ ਇਸ ਨਾਟਕ ਦੀ ਸ਼ਲਾਘਾ ਕੀਤੀ।

## ਪੈਪਸੀਕੋ ਵਰਕਰ ਯੂਨੀਅਨ ਵੱਲੋਂ 23 ਮਾਰਚ ਨੂੰ ਸਾਮਰਾਜ ਵਿਰੋਧੀ ਦਿਵਸ ਮਨਾਉਣ ਦਾ ਐਲਾਨ

**ਭਵਾਨੀਗੜ੍ਹ/ਚੰਨੋ, 18 ਮਾਰਚ (ਰਾਜ ਖੁਰਮੀ):** ਪੈਪਸੀਕੋ ਵਰਕਰ ਯੂਨੀਅਨ ਏਟਕ (ਰਜਿ. ਨੰ. 23) ਚੰਨੋ ਵੱਲੋਂ ਸੰਯੁਕਤ ਮੋਰਚਾ ਅਤੇ ਟਰੇਡ ਯੂਨੀਅਨਾਂ ਦੇ ਸੱਦੇ ਨੂੰ ਸਮਰਥਨ ਦਿੰਦਿਆਂ 23 ਮਾਰਚ ਨੂੰ ਸ਼ਹੀਦੀ ਦਿਹਾੜੇ ਮੌਕੇ ਸਾਮਰਾਜ ਵਿਰੋਧੀ ਦਿਵਸ ਵਜੋਂ ਮਨਾਉਣ ਦਾ ਐਲਾਨ ਕੀਤਾ ਗਿਆ ਹੈ। ਯੂਨੀਅਨ ਨੇ ਇਸ ਦਿਹਾੜੇ ਵਿੱਚ ਵੱਧ ਚੜ੍ਹ ਕੇ ਸ਼ਮੂਲੀਅਤ ਕਰਨ ਦਾ ਫੈਸਲਾ ਵੀ ਕੀਤਾ ਹੈ।ਯੂਨੀਅਨ ਆਗੂਆਂ ਨੇ ਕਿਹਾ ਕਿ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਵਰਗੇ ਕੌਮੀ ਸ਼ਹੀਦਾਂ ਨੇ ਦੇਸ਼ ਨੂੰ ਸਾਮਰਾਜੀ ਲੁੱਟ ਅਤੇ ਜ਼ੁਲਮ ਤੋਂ ਆਜ਼ਾਦ ਕਰਵਾਉਣ ਲਈ ਆਪਣੀਆਂ ਜਾਨਾਂ ਦੀ ਕੁਰਬਾਨੀ ਦਿੱਤੀ ਸੀ। ਉਨ੍ਹਾਂ ਦੱਸਿਆ ਕਿ 1947 ਦੀ ਸੱਤਾ ਤਬਦੀਲੀ ਤੋਂ ਬਾਅਦ ਵੀ ਦੇਸ਼ ਸਾਮਰਾਜੀ ਤਾਕਤਾਂ ਦੇ ਪ੍ਰਭਾਵ ਹੇਠ ਲਗਾਤਾਰ ਆਰਥਿਕ ਅਤੇ ਸਮਾਜਿਕ ਲੁੱਟ ਦਾ ਸ਼ਿਕਾਰ ਬਣਦਾ ਆ ਰਿਹਾ ਹੈ। ਆਗੂਆਂ ਨੇ ਦੋਸ਼ ਲਾਇਆ ਕਿ ਮੌਜੂਦਾ ਕੇਂਦਰ ਸਰਕਾਰ, ਜਿਸ ਦੀ ਅਗਵਾਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਕਰ ਰਹੇ ਹਨ, ਵੱਲੋਂ ਨਵੇਂ ਕਾਨੂੰਨਾਂ ਅਤੇ ਸੋਧਾਂ ਰਾਹੀਂ ਇਸ ਲੁੱਟ ਨੂੰ ਹੋਰ ਤੇਜ਼ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਮਜ਼ਦੂਰ ਵਿਰੋਧੀ 29 ਕਾਨੂੰਨਾਂ ਨੂੰ ਖਤਮ ਕਰਕੇ ਚਾਰ ਲੇਬਰ ਕੋਡ ਬਣਾਉਣਾ ਵੀ ਇਸੇ ਨੀਤੀ ਦਾ ਹਿੱਸਾ ਹੈ।

ਪੰਜਾਬ ਸਰਕਾਰ 'ਤੇ ਵੀ ਨਿਸ਼ਾਨਾ ਸਾਧਦਿਆਂ ਆਗੂਆਂ ਨੇ ਕਿਹਾ ਕਿ ਪ੍ਰਗਤੀਸ਼ੀਲ ਸੰਮੇਲਨ ਕਰਵਾ ਕੇ ਵਿਦੇਸ਼ੀ ਕੰਪਨੀਆਂ ਨੂੰ ਜ਼ਮੀਨ, ਕੁਦਰਤੀ ਸਰੋਤ ਅਤੇ ਸਸਤੀ ਮਜ਼ਦੂਰੀ ਮੁਹੱਈਆ ਕਰਵਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਜੋ ਸਾਮਰਾਜੀ ਦਿਸ਼ਾ-ਨਿਰਦੇਸ਼ਾਂ ਦੇ ਅਨੁਕੂਲ ਹੈ। ਯੂਨੀਅਨ ਨੇ ਐਲਾਨ ਕੀਤਾ ਕਿ 23 ਮਾਰਚ ਨੂੰ ਸੰਗਰੂਰ ਅਤੇ ਬਰਨਾਲਾ ਵਿੱਚ ਹੋਣ ਵਾਲੀਆਂ ਗਤੀਵਿਧੀਆਂ ਵਿੱਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ ਅਤੇ ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ, ਔਰਤਾਂ ਅਤੇ ਸਮੂਹ ਕਿਰਤੀ ਵਰਗ ਦੀਆਂ ਮੰਗਾਂ ਨੂੰ ਉਭਾਰਿਆ ਜਾਵੇਗਾ। ਇਸ ਮੌਕੇ "ਲੋਕ ਏਕਤਾ ਜ਼ਿੰਦਾਬਾਦ"ਅਤੇ "ਸਾਮਰਾਜਵਾਦ ਮੁਰਦਾਬਾਦ"ਦੇ ਨਾਅਰੇ ਵੀ ਲਗਾਏ ਗਏ।

# ਸ਼੍ਰੋਮਣੀ ਅਕਾਲੀ ਦਲ ਦੇ ਜੁਝਾਰੂ ਆਗੂ ਰਜਿੰਦਰ ਸਿੰਘ ਘੱਗਾ ਨੂੰ ਮਿਲੀ ਅਹਿਮ ਜਿੰਮੇਵਾਰੀ

### ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਘੱਗਾ ਨੂੰ ਸ਼੍ਰੋਮਣੀ ਅਕਾਲੀ ਦਲ ਦਾ ਸੀਨੀਅਰ ਮੀਤ ਪ੍ਰਧਾਨ ਐਸਸੀ ਵਿੰਗ ਨਿਯੁਕਤ ਕੀਤਾ





**ਮਲੋਟ, 18 ਮਾਰਚ (ਹਰਦੀਪ ਸਿੰਘ ਖਾਲਸਾ)**-ਸ਼੍ਰੋਮਣੀ ਅਕਾਲੀ ਦਲ ਦੇ ਸੁਪਰੀਮੋ ਸਰਦਾਰ ਸੁਖਬੀਰ ਸਿੰਘ ਬਾਦਲ ਵੱਲੋਂ ਸ਼੍ਰੋਮਣੀ ਅਕਾਲੀ ਦਲ ਵਿੱਚ ਅਹਿਮ ਨਿਯੁਕਤੀਆਂ ਕਰਦੇ ਹੋਏ ਨੌਜਵਾਨ ਆਗੂ ਰਜਿੰਦਰ ਸਿੰਘ ਘਗਾ ਸਾਬਕਾ ਕੌਂਸਲਰ ਮਲੋਟ ਨੂੰ ਸ਼੍ਰੋਮਣੀ ਅਕਾਲੀ ਦਲ ਐਸਸੀ ਵਿੰਗ ਦਾ ਸੀਨੀਅਰ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ ਰਜਿੰਦਰ ਸਿੰਘ ਘੱਗਾ ਵੱਲੋਂ ਜਿੱਥੇ ਉਨਾਂ ਨੂੰ ਮਿਲੀ ਨਵੀਂ ਜਿੰਮੇਵਾਰੀ ਦੇ ਲਈ ਸ੍ਰੀ ਦਰਬਾਰ ਸਾਹਿਬ ਮੁਕਤਸਰ ਸਾਹਿਬ ਵਿਖੇ ਅਕਾਲ ਪੁਰਖ ਦਾ ਸ਼ੁਕਰਾਨਾ ਕੀਤਾ ਉੱਥੇ ਪਾਰਟੀ ਦੀ ਚੜ੍ਹਦੀ ਕਲਾ ਲਈ ਵੀ ਅਰਦਾਸ ਕੀਤੀ ਉਹਨਾਂ ਕਿਹਾ ਕਿ ਉਹਨਾਂ ਨੂੰ ਪਾਰਟੀ ਦੇ ਸੁਪਰੀਮੋ ਸਰਦਾਰ ਸੁਖਬੀਰ ਸਿੰਘ ਬਾਦਲ ਜੀ ਦੁਆਰਾ ਇਹ ਜਿੰਮੇਵਾਰੀ ਦਿੱਤੀ ਗਈ ਹੈ ਜਿਸ ਦੇ ਲਈ ਉਹ ਸਰਦਾਰ ਸੁਖਬੀਰ ਸਿੰਘ ਜੀ ਬਾਦਲ ਅਤੇ ਸਰਦਾਰ ਗੁਲਜਾਰ ਸਿੰਘ ਰਣੀਕੇ ਸਮੇਤ ਸਮੁੱਚੀ ਲੀਡਰਸ਼ਿਪ ਦਾ ਧੰਨਵਾਦ ਕਰਦੇ ਹਨ ਉਹਨਾਂ ਕਿਹਾ ਕਿ ਜਿਸ ਮਿਹਨਤ ਅਤੇ ਲਗਨ ਦੇ ਨਾਲ ਪਾਰਟੀ ਦੀ ਸੇਵਾ ਕਰਦੇ ਹੋਏ ਉਹ ਇਥੋਂ ਤੱਕ ਪਹੁੰਚੇ ਹਨ ਅੱਗੇ ਵੀ ਆਪਣੇ ਸਮਰਥਕਾਂ ਤੇ ਸ਼ੁਭ ਚਿੰਤਕਾਂ ਦੇ ਨਾਲ ਸ਼੍ਰੋਮਣੀ ਅਕਾਲੀ ਦਲ ਦੀ ਚੜ੍ਹਦੀ ਕਲਾ ਲਈ ਅਤੇ 2027 ਵਿੱਚ ਹੋਣ ਵਾਲੀਆਂ ਪੰਜਾਬ ਵਿਧਾਨ ਸਭਾ ਦੀਆਂ ਚੋਣਾਂ ਵਿੱਚ ਦਿਨ ਰਾਤ ਇੱਕ ਕਰਕੇ ਸ਼੍ਰੋਮਣੀ ਅਕਾਲੀ ਦਲ ਅਤੇ ਪੰਥ ਦੀ ਸੇਵਾ ਕਰਕੇ ਸਰਕਾਰ ਬਣਾਉਣਗੇ। ਇਸ ਨਿਯੁਕਤੀ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਦੇ ਵਰਕਰਾਂ ਆਗੂਆਂ ਮਲੋਟ ਅਤੇ ਬੱਲੂਆਣਾ ਹਲਕੇ ਦੇ ਲੋਕਾਂ ਵਿੱਚ ਖੁਸ਼ੀ ਪਾਈ ਜਾ ਰਹੀ ਹੈ ਅਤੇ ਉਨਾਂ ਨੂੰ ਵਿਧਾਨ ਸਭਾ ਚੋਣਾਂ ਤੇ ਜਿੰਮੇਵਾਰੀ ਮਿਲਣ ਤੇ ਵਧਾਈਆਂ ਦੇਣ ਵਾਲਿਆਂ ਦਾ ਸਿਲਸਿਲਾ ਲਗਾਤਾਰ ਜਾਰੀ ਹੈ।




## ਗਾਇਕ ਕਰਤਾਰ ਰਮਲਾ ਯਾਦਗਾਰੀ ਸਮਾਗਮ ਮਲੋਟ ਵਿਖੇ ਕਰਵਾਇਆ ਗਿਆ

**ਮਲੋਟ 18 ਮਾਰਚ (ਮਾਲਵਾ ਬਾਣੀ)**- ਸਵ ਲੋਕ ਗਾਇਕ ਕਰਤਾਰ ਰਮਲਾ ਦੀ ਬਰਸੀ ਨੂੰ ਸਮਰਪਿਤ ਸਮਾਗਮ ਡਾਕਟਰ ਮੋਹਨ ਕਟਾਰੀਆ ਮਲੋਟ ਦੀ ਰਹਿਨੁਮਾਈ ਹੇਠ ਮਲੋਟ ਵਿਖੇ ਕਰਵਾਇਆ ਗਿਆ, ਜਿਸ ਵਿੱਚ ਮਿਉਜਿਕ ਖੇਤਰ ਵਿੱਚ ਨਾਮਣਾ ਖੱਟਣ ਵਾਲੀਆ ਸਖਸ਼ੀਅਤਾ ਦਾ ਸਨਮਾਨ ਕੀਤਾ ਗਿਆ, ਗੁਰਦੁਆਰਾ ਸਾਹਿਬ ਵਿਖੇ ਅਰਦਾਸ ਕਰਵਾਈ ਗਈ, ਕੀਰਤਨ ਵਾਸਤੇ ਤਬਲਾ ਅਤੇ ਹੋਰ ਸਮਾਨ ਗੁਰੂ ਘਰ ਭੇਟ ਕੀਤਾ ਗਿਆ ਇਸ ਮੌਕੇ ਇਲਾਕੇ ਦੀਆ ਸਖਸ਼ੀਅਤਾ ਸ਼ਾਮਲ ਹੋਈਆ ਜਿਨਾ ਵਿਚੋ ਪ੍ਰਮੁੱਖ ਹਨ ਛਿੰਦਾ ਧਾਲੀਵਾਲ ਕੁਰਾਈ ਵਾਲਾ, ਡਾ ਸੁਨੀਲ ਬਾਂਸਲ ਸਿਵਲ ਸਰਜਨ ਸ੍ਰੀ ਮੁਕਤਸਰ ਸਾਹਿਬ, ਰਵਿੰਦਰ ਕਟਾਰੀਆ, ਇਸ਼ਾਨ ਕਟਾਰੀਆ, ਸੁਨੀਲ ਕੁਮਾਰ ਕੱਕੜ ਫਾਜਿਲਕਾ, ਵਿਰਾਟ ਕੱਕੜ, ਰਾਜ ਕੁਮਾਰ ਪਾਹਵਾ, ਗਗਨ ਅਪਟੀਕਲ, ਰਾਜਵੀਰ ਜਵੈਲਰ, ਪਾਹੁਲ, ਬੌਬੀ ਰੇਵੜੀ (ਗੁਰੂ ਗੋਬਿੰਦ ਸਿੰਘ ਮੈਡੀਕਲ ਸਟੋਰ, ਜਗਦੇਵ ਭੂੰਦੜ ਚੰਡੀਗੜ੍ਹ, ਨਿੰਦਰ ਸਿੰਘ ਲੈਕਚਰਾਰ, ਪਾਲੀ ਕਾਰ ਮਕੈਨਿਕ, ਜਸਕਰਨ ਸਿੰਘ ਧਾਲੀਵਾਲ, ਡਾ ਸੁਨੀਲ ਬਾਂਸਲ ਸੀ ਐਮ ਓ, ਜਸਵਿੰਦਰ ਸਿੰਘ ਬਾਠ, ਵਿੰਦਰ ਸੰਧੂ, ਡਾ ਸੁਮਨ ਗਰਗ, ਡਾ ਰਾਧੇ ਸ਼ਾਮ ਖੁਰਾਣਾ, ਹਰਿੰਦਰਪਾਲ ਸਿੰਘ ਕਾਲਾ ਮੱਕੜ, ਐਡਵੋਕੇਟ ਵਿਕਾਸ ਸੇਤੀਆ, ਪੱਤਰਕਾਰ ਹਰੀਸ਼ ਗਰੋਵਰ, ਪੱਤਰਕਾਰ ਰੋਹਿਤ ਕਾਲੜਾ, ਡਾ ਅਰਜੁਨ ਦਾਸ ਬਾਘਲਾ, ਦਵਿੰਦਰ ਮੱਕੜ, ਗੁਰੂ ਕਿਰਪਾ ਫੋਟੋ ਕਲਰ ਲੈਬ, ਅਮਰਜੀਤ ਸਿੰਘ ਪ੍ਰਧਾਨ, ਅਮ੍ਰਿਤ ਪਾਲ ਸਿੰਘ ਲਾਡੀ ਮਿਸਤਰੀ, ਸਤਪਾਲ ਕਟਾਰੀਅ, ਦੀਪਕ, ਰਾਜੇਸ਼ ਵਰਮਾ, ਪਾਲ ਅਵਤਾਰ ਟਾਇਰਾ ਵਾਲੇ, ਰਾਕੇਸ਼ ਗੋਇਲ, ਸੁਭਾਸ਼ ਗੁੰਬਰ, ਰਾਹੁਲ ਟੇਲਰ, ਜਗਦੀਸ਼ ਜਰਨਲ ਸਟੋਰ, ਮਾਸਟਰ ਸੰਜੀਵ ਗਰਗ, ਜੀਤ ਸਿੰਘ ਮੱਕੜ, ਹੈਪੀ ਸਰਾਂ, ਅਰਜਨ ਦਾਸ, ਰਿੰਕੂ ਕੰਪਿਊਟਰ ਵਾਲੇ, ਮੁਖਤਿਆਰ ਸਿੰਘ ਵੰਗੜ, ਸਵਰਨ ਸਿੰਘ ਵੰਗੜ ਫਰੀਦਕੋਟ, ਗੁਲਾਬ ਸਿੰਘ ਭੁਟੀਵਾਲਾ, ਰੇਸ਼ਮ ਸਿੰਘ ਭੁੱਟੀਵਾਲਾ, ਗੀਤਕਾਰ ਭਿੰਦਰ ਸਿਖਾਵਾਲਾ, ਇਸ ਮੌਕੇ ਡਾ ਮੋਹਨ ਕਟਾਰੀਆ ਮਲੋਟ ਨੇ ਸਾਰਿਆ ਨੂੰ ਜੀਉ ਆਇਆ ਆਖਿਆ।

**ਛਿੰਦਾ ਧਾਲੀਵਾਲ ਕੁਰਾਈ ਵਾਲਾ**
**ਫੋਨ 75082-54006**

# ਮੁੱਖ ਅਧਿਆਪਕ ਸਰਬਜੀਤ ਸਿੰਘ ਬੰਗਾ ਨੇ ਦੋ ਇੰਟਰੈਕਟਿਵ ਫਲੈਟ ਪੈਨਲ ਅਤੇ ਚਾਰ ਕੰਪਿਊਟਰਾਂ ਲਈ ਕੀਤਾ ਧੰਨਵਾਦ



**ਸ੍ਰੀ ਅਨੰਦਪੁਰ ਸਾਹਿਬ 18 ਮਾਰਚ (ਸੈਣੀ ਨਿੱਕੂਵਾਲ/ ਰਾਣਾ ਹਰੀਵਾਲ)** ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ, ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੀ ਯੋਗ ਅਗਵਾਈ ਵਿੱਚ ਸਕੂਲ ਨੂੰ ਦੋ ਇੰਟਰੈਕਟਿਵ ਫਲੈਟ ਪੈਨਲ ਅਤੇ ਚਾਰ ਕੰਪਿਊਟਰਾਂ ਦਾ ਤੋਹਫਾ ਭੇਂਟ ਕੀਤਾ ਗਿਆ। ਜ਼ਿਲ੍ਹਾ ਸਿੱਖਿਆ ਅਫ਼ਸਰ ਸ੍ਰੀ ਪ੍ਰੇਮ ਕੁਮਾਰ ਮਿੱਤਲ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸਕੂਲ ਵਿੱਚ ਉਦਘਾਟਨੀ ਸਮਾਰੋਹ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਇਲਾਕੇ ਦੇ ਨੁਮਾਇੰਦੇ , ਪੰਚਾਇਤ ਮੈਂਬਰ ਸਕੂਲ ਮੈਨੇਜਮੈਂਟ ਕਮੇਟੀ ਮੈਂਬਰ, ਵਿਦਿਆਰਥੀਆਂ ਦੇ ਮਾਪੇ ਅਤੇ ਪਤਵੰਤੇ ਸੱਜਣ ਹਾਜ਼ਰ ਹੋਏ। ਸ. ਦਇਆ ਸਿੰਘ ਸੰਧੂ ਜੀ ਸਿੱਖਿਆ ਕੁਆਰਡੀਨੇਟਰ ਵਿਧਾਨ ਸਭਾ ਹਲਕਾ ਸ੍ਰੀ ਅਨੰਦਪੁਰ ਸਾਹਿਬ ਨੇ ਇਸ ਮੌਕੇ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਸਰਕਾਰੀ ਸਕੂਲਾਂ ਵਿੱਚ ਸਮਾਰਟ ਕਲਾਸਾਂ ਦੀ ਸਹੂਲਤ ਬਾਰੇ ਚਾਨਣਾ ਪਾਇਆ। ਬਲਾਕ ਨੋਡਲ ਅਫਸਰ ਅਤੇ ਪ੍ਰਿੰਸੀਪਲ ਸ੍ਰੀ ਨੀਰਜ ਕੁਮਾਰ ਵਰਮਾ ਨੇ ਸਰਕਾਰੀ ਸਕੂਲਾਂ ਵਿੱਚ ਵੱਧ ਤੋਂ ਵੱਧ ਦਾਖਲੇ ਕਰਵਾ ਕੇ ਇਹਨਾਂ ਅਤਿ ਆਧੁਨਿਕ ਸਹੂਲਤਾਂ ਦਾ ਲਾਭ ਲੈਣ ਦਾ ਸੰਦੇਸ਼ ਦਿੱਤਾ। ਇਸ ਮੌਕੇ ਸਰਪੰਚ ਗੁਰਮੇਲ ਸਿੰਘ, ਸਕੂਲ ਮੈਨੇਜਮੈਂਟ ਕਮੇਟੀ ਚੇਅਰਪਰਸਨ ਸ੍ਰੀਮਤੀ ਮੀਰਾ ਦੇਵੀ, ਸਿੱਖਿਆ ਕਰਮੀ ਸ੍ਰੀਮਤੀ ਬਲਵਿੰਦਰ ਕੌਰ, ਸ੍ਰੀਮਤੀ ਸੁਨੀਤਾ ਰਾਣੀ ਕੰਪਿਊਟਰ ਫੈਕਲਟੀ, ਸ੍ਰੀਮਤੀ ਰਾਜ ਰਾਣੀ, ਸ੍ਰੀ ਸ਼ਿਵ ਕੁਮਾਰ, ਰਕੇਸ਼ ਕੁਮਾਰ, ਸ਼੍ਰੀਮਤੀ ਪੂਨਮ ਸ਼ਰਮਾ, ਸ਼੍ਰੀਮਤੀ ਸੁਮਨ ਦੇਵੀ, ਸ੍ਰੀਮਤੀ ਰੀਨਾ ਦੇਵੀ, ਸ੍ਰੀਮਤੀ ਮਲਕੀਤ ਕੌਰ, ਸ੍ਰੀ ਪਿਆਰੇ ਲਾਲ , ਸ੍ਰੀ ਨੀਲ ਕੁਮਾਰ, ਸ਼੍ਰੀਮਤੀ ਪੂਨਮ ਲਤਾ , ਸ਼੍ਰੀਮਤੀ ਸ਼ਿਆਮ ਲਤਾ, ਸ਼੍ਰੀਮਤੀ ਸਰਵਜੀਤ ਕੌਰ , ਸ੍ਰੀਮਤੀ ਰਾਜ ਕੌਰ , ਸ੍ਰੀਮਤੀ ਜਸਵੰਤ ਕੌਰ, ਸ੍ਰੀ ਮਨਜੀਤ ਸਿੰਘ ਆਦਿ ਪਤਵੰਤੇ ਸੱਜਣ ਹਾਜ਼ਰ ਸਨ। ਮੁੱਖ ਅਧਿਆਪਕ ਸ. ਸਰਬਜੀਤ ਸਿੰਘ ਬੰਗਾ ਦੁਆਰਾ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਦੁਆਰਾ ਸਮਾਰਟ ਕਲਾਸਾਂ ਲਈ ਕੀਤੇ ਇਹਨਾਂ ਉਪਰਾਲਿਆਂ ਦੀ ਭਰਪੂਰ ਸ਼ਲਾਘਾ ਕੀਤੀ ਗਈ ਅਤੇ ਸਮਾਰੋਹ ਵਿੱਚ ਹਾਜ਼ਰ ਵਿਦਿਆਰਥੀਆਂ ਦੇ ਮਾਪਿਆਂ, ਸਕੂਲ ਮੈਨੇਜਮੈਂਟ ਕਮੇਟੀ ਮੈਂਬਰਾਂ, ਪਤਵੰਤੇ ਸੱਜਣਾਂ ਆਦਿ ਦਾ ਧੰਨਵਾਦ ਕੀਤਾ ਗਿਆ।

## ਆਦਰਸ਼ ਸਕੂਲ ਚਾਉਕੇ ਦੇ ਸਟਾਫ਼ ਨੂੰ ਕੱਢਣ ਦੀਆਂ ਤਿਆਰੀਆਂ ਦੇ ਰੋਸ਼ ਵਜੋਂ ਆਦਰਸ਼ ਸਕੂਲ ਭੁਪਾਲ ਸੰਘਰਸ਼ ਕਮੇਟੀ ਵੱਲੋਂ ਸਖ਼ਤ ਨਿਖੇਧੀ



**ਮਾਨਸਾ 18 ਮਾਰਚ (ਗੋਪਾਲ ਅਕਲੀਆ)** ਆਦਰਸ਼ ਸੈਕੰਡਰੀ ਸਕੂਲ ਭੁਪਾ ਦੇ ਸਟਾਫ਼ ਨੇ ਬਠਿੰਡਾ ਪ੍ਰਸ਼ਾਸ਼ਨ ਵੱਲੋਂ ਆਦਰਸ਼ ਸਕੂਲ ਚਾਉਕੇ ਦੇ ਸੀਨੀਅਰ ਸਟਾਫ਼ ਨੂੰ ਨੌਕਰੀ ਤੋਂ ਕੱਢਣ ਦੀਆਂ ਚੱਲ ਰਹੀਆਂ ਕਥਿਤ ਤਿਆਰੀਆਂ ਅਤੇ ਚੱਲ ਰਹੀ ਇਨਕੁਆਰੀ ਸਬੰਧੀ ਸਖ਼ਤ ਸ਼ਬਦਾਂ ਵਿੱਚ ਭੁਪਾਲ ਸਟਾਫ਼ ਦੁਆਰਾ ਨਿਖੇਧੀ ਕੀਤੀ ਗਈ ਹੈ। ਸੰਘਰਸ਼ ਕਮੇਟੀ ਵੱਲੋਂ ਸਾਂਝੇ ਰੂਪ ਵਿੱਚ ਅਮਰਦੀਪ ਸਿੰਘ, ਗੁਰਲਾਭ ਸਿੰਘ ਨੇ ਐਲਾਨ ਕੀਤਾ ਹੈ ਕਿ ਉਹ ਚਾਉਕੇ ਦੇ ਇਹਨਾਂ ਸਾਥੀਆਂ ਦੇ ਨਾਲ ਚਟਾਨ ਵਾਂਗ ਖੜੇ ਹਨ। ਅਧਿਆਪਕਾਂ ਨੇ ਪ੍ਰਸ਼ਾਸਨ ਦੇ ਇਸ ਵਤੀਰੇ ਨੂੰ ਬੇਇਨਸਾਫੀ ਵਾਲਾ, ਅਧਿਆਪਕ ਵਿਰੋਧੀ ਅਤੇ ਤਾਨਾਸ਼ਾਹੀ ਭਰਿਆ ਦੱਸਿਆ। ਉਹਨਾਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਬਠਿੰਡਾ ਪ੍ਰਸ਼ਾਸ਼ਨ ਨੇ ਇਹਨਾਂ ਸਟਾਫ਼ ਵਿਰੁੱਧ ਕਾਰਵਾਈ ਨੂੰ ਅੱਗੇ ਵਧਾਇਆ ਅਤੇ ਉਹਨਾਂ ਨੂੰ ਕੱਢਣ ਦਾ ਕੋਈ ਵੀ ਕਦਮ ਚੁੱਕਿਆ, ਤਾਂ ਉਹ ਤਿੱਖਾ ਸੰਘਰਸ਼ ਸ਼ੁਰੂ ਕਰਨਗੇ, ਜਿਸ ਦੀ ਪੂਰੀ ਜ਼ਿੰਮੇਵਾਰੀ ਪ੍ਰਸ਼ਾਸ਼ਨ ਦੀ ਹੋਵੇਗੀ। ਇਸ ਸੰਬੰਧ ਵਿੱਚ ਸਕੂਲ ਵਿੱਚ ਹੋਈ ਇੱਕ ਅਹਿਮ ਮੀਟਿੰਗ ਵਿੱਚ ਅਮਰਦੀਪ ਸਿੰਘ, ਗੁਰਲਾਭ ਸਿੰਘ, ਜਸਪ੍ਰੀਤ ਸਿੰਘ ਅਤੇ ਅਕਾਸ਼ ਤਾਇਲ ਸਮੇਤ ਕਈ ਹੋਰ ਅਧਿਆਪਕ ਸ਼ਾਮਲ ਹੋਏ। ਉਹਨਾਂ ਨੇ ਸਾਂਝੇ ਤੌਰ 'ਤੇ ਮੰਗ ਕੀਤੀ ਕਿ ਬਠਿੰਡਾ ਪ੍ਰਸ਼ਾਸ਼ਨ ਤੁਰੰਤ ਇਹਨਾਂ ਅਧਿਆਪਕਾਂ ਵਿਰੁੱਧ ਕੋਈ ਵੀ ਨਕਾਰਾਤਮਕ ਕਾਰਵਾਈ ਬੰਦ ਕਰੇ ਅਤੇ ਅਧਿਆਪਕਾਂ ਦੇ ਭਵਿੱਖ ਨਾਲ ਖਿਲਵਾੜ ਕਰਨਾ ਬੰਦ ਕਰੇ। ਅਧਿਆਪਕਾਂ ਨੇ ਇਹ ਵੀ ਕਿਹਾ ਕਿ ਉਹ ਆਪਣੇ ਹੱਕਾਂ ਅਤੇ ਆਪਣੇ ਸਾਥੀਆਂ ਲਈ ਲੜਨ ਤੋਂ ਪਿੱਛੇ ਨਹੀਂ ਹਟਣਗੇ। ਉਹਨਾਂ ਨੇ ਸਮਾਜ ਦੇ ਹੋਰ ਵਰਗਾਂ ਸਮੇਤ ਕਿਸਾਨ, ਮਜਦੂਰ, ਮੁਲਾਜ਼ਮ ਆਦਿ ਜੱਥੇਬੰਦੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਇਸ ਸੰਘਰਸ਼ ਵਿੱਚ ਅਧਿਆਪਕਾਂ ਦਾ ਸਾਥ ਦੇਣ।